ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 20 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੯ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਸ਼੍ਰੋਮਣੀ ਕਮੇਟੀ ਦਾ ਗਿਆਨੀ ਰਘਬੀਰ ਸਿੰਘ ’ਤੇ ਵੱਡਾ ਐਕਸ਼ਨ

# ਇਲਜ਼ਾਮਾਂ ਦੇ ਸਬੂਤ ਪੇਸ਼ ਕਰਨ ਲਈ 72 ਘੰਟੇ ਦਾ ਨੋਟਿਸ ਜਾਰੀ

**ਅੰਮ੍ਰਿਤਸਰ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ’ਤੇ ਵੱਡਾ ਐਕਸ਼ਨ ਕੀਤਾ ਹੈ। ਸ਼੍ਰੋਮਣੀ ਕਮੇਟੀ ਨੇ ਗਿਆਨੀ ਰਘਬੀਰ ਸਿੰਘ ਨੂੰ ਉਨ੍ਹਾਂ ਵੱਲੋਂ ਲਾਏ ਗਏ ਸਾਰੇ ਇਲਜ਼ਾਮਾਂ ਲਈ ਅਤੇ ਸ਼੍ਰੋਮਣੀ ਕਮੇਟੀ ਦੇ ਅਕਸ ਨੂੰ ਢਾਹ ਲਾਉਣ ਲਈ 72 ਘੰਟਿਆਂ ਦਾ ਸਮਾਂ ਦਿੱਤਾ ਹੈ ਕਿ ਉਹ ਇਲਜ਼ਾਮਾਂ ਦੇ ਸਬੂਤ ਪੇਸ਼ ਕਰਨ। ਗਿਆਨੀ ਰਘਬੀਰ ਸਿੰਘ ਖਿਲਾਫ਼ ਇਸ ਕਾਰਵਾਈ ਪਿੱਛੇ ਉਨ੍ਹਾਂ ਦੇ ਬੀਤੇ ਦਿਨਾਂ ਦੌਰਾਨ ਦਿੱਤੇ ਬਿਆਨਾਂ ਨੂੰ ਮੰਨਿਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ, ਅੱਜ ਸ਼੍ਰੋਮਣੀ ਕਮੇਟੀ ਦੀ ਅੰਤਰਿਮ ਕਮੇਟੀ ਦੀ ਸਿੱਖ ਮਸਲਿਆਂ ਨੂੰ ਲੈ ਕੇ ਅਹਿਮ ਮੀਟਿੰਗ ਕੀਤੀ ਗਈ ਸੀ, ਜਿਸ ਦੀ ਅਗਵਾਈ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤੀ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਕਾਰਵਾਈ ਪਿੱਛੇ ਦੋ ਗੰਭੀਰ ਮੁੱਦਿਆਂ ਨੂੰ ਦੱਸਿਆ, ਜਿਨ੍ਹਾਂ ਵਿੱਚ ਭੱਠਾ ਸਾਹਿਬ ਅਤੇ ਗੁਰੂਦੁਆਰਾ ਅੰਬ ਸਾਹਿਬ ਦੇ ਮਾਮਲੇ ਹਨ। ਉਨ੍ਹਾਂ ਕਿਹਾ ਕਿ ਗਿਆਨੀ ਰਘਬੀਰ ਸਿੰਘ ਵੱਲੋਂ ਜੋ ਵੀ ਇਸ ਸਬੰਧੀ ਲਗਾਏ ਗਏ ਦੋਸ਼ ਨਿਰਾਧਾਰ ਹਨ। ਉਨ੍ਹਾਂ ਕਿਹਾ ਕਿ ਭੱਠਾ ਸਾਹਿਬ ਦਾ ਸਾਰਾ ਰਿਕਾਰਡ ਦਰੁਸਤ ਹੈ। ਇਨ੍ਹਾਂ ਦੋਵਾਂ ਮਾਮਲਿਆਂ ’ਚ ਗਿਆਨੀ ਰਘਬੀਰ ਸਿੰਘ ਨੂੰ ਤਾਕੀਦ ਕੀਤੀ ਜਾਂਦੀ ਹੈ ਕਿ ਉਹ ਜਾਂ ਤਾਂ ਇਲਜ਼ਾਮਾਂ ’ਤੇ ਮੁਆਫੀ ਮੰਗਣ ਨਹੀਂ ਤਾਂ ਮੈਨੇਜਰ ਅੰਬ ਸਾਹਿਬ ਨੂੰ ਅਧਿਕਾਰ ਦਿੱਤੇ ਜਾਦੇ ਹਨ ਕਿ ਸੰਗਤ ਨੂੰ ਗੁਮਰਾਹ ਕਰਨ ਲਈ ਉਨ੍ਹਾਂ ਖਿਲਾਫ਼ ਮਾਣਹਾਨੀ ਦਾ ਦਾਅਵਾ ਕਰਨ।” ਐਡਵੋਕੇਟ ਧਾਮੀ ਨੇ ਇਸ ਦੇ ਨਾਲ ਹੀ ਕਿਹਾ ਕਿ ਬਾਬਾ ਬੁੱਢਾ ਜੀ ਦੇ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਦੇ ਅਹੁਦੇ ’ਤੇ ਹੁੰਦਿਆਂ ਬਿਨਾਂ ਠੋਸ ਸਬੂਤਾਂ ਦੇ ਇਲਜ਼ਾਮ ਲਗਾ ਕੇ ਸ਼੍ਰੋਮਣੀ ਕਮੇਟੀ ਦੇ ਅਕਸ ਨੂੰ ਢਾਹ ਲਗਾਈ ਗਈ ਹੈ। ਇਸ ਲਈ ਗਿਆਨੀ ਰਘਬੀਰ ਸਿੰਘ ਇਸ ਮਾਮਲੇ ’ਚ 72 ਘੰਟੇ ’ਚ ਸਬੂਤ ਪੇਸ਼ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਜੇਕਰ ਉਹ ਕੋਈ ਸਬੂਤ ਨਾ ਪੇਸ਼ ਕਰ ਸਕੇ ਤਾਂ ਉਨ੍ਹਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਮੌਕੇ ਪ੍ਰੋ. ਦਵਿੰਦਰ ਸਿੰਘ ਪਾਲ ਭੁੱਲਰ, ਬਲਵੰਤ ਸਿੰਘ ਰਾਜੋਆਣਾ ਸਮੇਤ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ’ਚ ਕੇਂਦਰ ਸਰਕਾਰ ’ਤੇ ਦੋਹਰੀ ਨੀਤੀ ਦਾ ਇਲਜ਼ਾਮ ਲਾਇਆ। ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਹੁਣ ਭਾਜਪਾ ਦੀ ਸਰਕਾਰ ਹੈ, ਪਰ ਉਹ ਵੀ ਆਮ ਆਦਮੀ ਪਾਰਟੀ ਦੇ ਰਾਹ ’ਤੇ ਚੱਲ ਰਹੀ ਹੈ, ਜੋ ਕਿ ਪ੍ਰੋ. ਭੁੱਲਰ ਦੀ ਰਿਹਾਈ ਪਟੀਸ਼ਨ ਰੱਦ ਹੋਣਾ ਸਬੂਤ ਹੈ।



## ਸਿੱਖ ਸੰਗਤਾਂ ਦੇ ਅੰਦਰ ਵਹਿਮ, ਭਰਮ, ਅਫਵਾਹਾਂ ਤੇ ਕੂੜ ਪ੍ਰਚਾਰ ਫ਼ੈਲਾਉਣ ਵਾਲਿਆਂ ਨੂੰ ਦਮਦਮੀ ਟਕਸਾਲ ਵਲੋਂ ਸਖ਼ਤ ਸ਼ਬਦਾਂ ’ਚ ਦਿੱਤੀ ਚਿਤਾਵਨੀ



ਚੌਕ ਮਹਿਤਾ, 19 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)-ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਚ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵਲੋਂ ਪੰਥ ਵਿਰੋਧੀ ਤੇ ਸ਼ਰਾਰਤੀ ਅਨਸਰਾਂ ਨੂੰ ਸਖ਼ਤ ਸ਼ਬਦਾਂ ’ਚ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਕੁਝ ਦਿਨਾਂ ਤੋਂ ਸੋਸ਼ਲ ਮੀਡੀਆ ਤੇ ਹੋਰ ਮਾਧਿਅਮਾਂ

### ਸੰਤਾਂ-ਮਹਾਂਪੁਰਖਾਂ ਦੀ ਇੱਜ਼ਤ ਅਤੇ ਗੁਰਮਤਿ ਦੇ ਪ੍ਰਚਾਰਕਾਂ ਵਿਰੁੱਧ ਕੀਤੀ ਗਲਤ ਬਿਆਨਬਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ-ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ

ਰਾਹੀਂ ਸਿੱਖ ਸੰਗਤਾਂ ਦੇ ਅੰਦਰ ਵਹਿਮ, ਭਰਮ, ਅਫ਼ਵਾਹਾਂ ਅਤੇ ਕੂੜ ਪ੍ਰਚਾਰ ਫੈਲਾਉਣ ਦੀ ਕੋਸ਼ਿਸ਼ ਨਜ਼ਰ ਆ ਰਹੀ ਹੈ, ਜੋ ਬਹੁਤ ਹੀ ਮੰਦਭਾਗੀ ਅਤੇ ਨਿੰਦਣਯੋਗ ਹੈ। ਉਨ੍ਹਾਂ ਕਰਨ ਦੀ ਕੋਸ਼ਿਸ਼ ਕਰਨ ਵਾਲੇ ਐਸੇ ਅਨਸਰ ਕਿਹਾ ਕਿ ਝੂਠੇ ਦੋਸ਼ ਲਗਾ ਕੇ ਕਿਰਦਾਰਕੁਸ਼ੀ ਪੰਥਕ ਏਕਤਾ ਲਈ ਹਾਨੀਕਾਰਕ ਹਨ। ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ ਦਮਦਮੀ ਟਕਸਾਲ ਮਹਿਤਾ ਵਲੋਂ ਦੇਸ਼ਾਂ-ਵਿਦੇਸ਼ਾਂ ਵਿਚ ਗੁਰਮਤਿ ਦੇ ਪ੍ਰਚਾਰ ਪ੍ਰਸਾਰ, ਅੰਮ੍ਰਿਤ ਸੰਚਾਰ, ਸਮਾਗਮਾਂ ਅਤੇ ਸਿੱਖੀ ਦੀ ਨਿਸ਼ਕਾਮ ਸੇਵਾ ਰਾਹੀਂ ਕੌਮ ਦੀ ਲਗਾਤਾਰ ਸੇਵਾ ਕਰ ਰਹੇ ਹਨ, ਉਨ੍ਹਾਂ ਦੀ ਵਧਦੀ ਲੋਕਪ੍ਰਿਯਤਾ ਅਤੇ ਪ੍ਰਭਾਵ ਤੋਂ ਘਬਰਾਕੇ ਕੁਝ ਸ਼ਰਾਰਤੀ ਤੇ ਪੰਥ ਵਿਰੋਧੀ ਅਨਸਰ ਕੂੜ ਪ੍ਰਚਾਰ ਕਰਕੇ ਝੂਠੇ ਦੋਸ਼ ਲਗਾ ਕੇ ਕਿਰਦਾਰ



ਕੁਸ਼ੀ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਸੰਤਾਂ ਮਹਾਂਪੁਰਖਾਂ ਦੀ ਇੱਜ਼ਤ ਅਤੇ ਗੁਰਮਤਿ ਦੇ ਪ੍ਰਚਾਰਕਾਂ ਵਿਰੁੱਧ ਕੀਤੀ ਜਾ ਰਹੀ ਗਲਤ ਬਿਆਨਬਾਜ਼ੀ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸਖ਼ਤ ਸ਼ਬਦਾਂ ਵਿਚ ਐਸੇ ਅਨਸਰਾਂ ਨੂੰ ਚੇਤਾਵਨੀ ਦਿੰਦੇ ਹਾਂ ਕਿ ਝੂਠਾ ਪ੍ਰਚਾਰ, ਅਫਵਾਹਾਂ ਅਤੇ ਭਰਮ ਪੈਦਾ ਕਰਨ ਵਾਲੀ ਹਰ ਕਿਸਮ ਦੀ ਗਲਤ ਵਿਆਖਿਆ ਤੁਰੰਤ ਬੰਦ ਕੀਤੀ ਜਾਵੇ। ਉਨ੍ਹਾਂ ਤਖ਼ਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਦੇ ਪੰਜ ਪਿਆਰੇ ਸਿੰਘ ਸਾਹਿਬਾਨ ਵਲੋਂ ਸਾਰੀ ਸੰਗਤ ਨੂੰ ਅਗਾਹ ਕਰਦੇ ਹੋਏ ਆਦੇਸ਼ ਹੈ ਕਿ ਪੰਥਕ ਏਕਤਾ ਨੂੰ ਨੁਕਸਾਨ ਪਹੁੰਚਾਉਣ ਵਾਲੇ ਕਿਸੇ ਵੀ ਝੂਠ ਪ੍ਰਚਾਰ, ਅਫਵਾਹ ਜਾਂ ਗਲਤ ਬਿਆਨਬਾਜ਼ੀ ਨੂੰ ਤੁਰੰਤ ਰੋਕਿਆ ਜਾਵੇ ਅਤੇ ਐਸੀਆਂ ਹਰਕਤਾਂ ਤੋਂ ਦੂਰ ਰਹਿੰਦੇ ਹੋਏ ਗੁਰਮਤਿ ਅਨੁਸਾਰ ਚਲਿਆ ਜਾਵੇ ਅਤੇ ਸਾਰੀ ਸਿੱਖ ਸੰਗਤ ਨੂੰ ਅਪੀਲ ਹੈ ਕਿ ਬਿਨਾਂ ਪੱਕੀ ਜਾਂਚ ਪੜਤਾਲ ਕਿਸੇ ਵੀ ਸੁਨੇਹੇ, ਵੀਡੀਓ ਜਾਂ ਪੋਸਟ ਨੂੰ ਅੱਗੇ ਨਾ ਵਧਾਇਆ ਜਾਵੇ। ਸਿਆਣਪ, ਸੰਯਮ ਅਤੇ ਗੁਰਮਤਿ ਦੇ ਮਾਰਗ ’ਤੇ ਟਿਕੇ ਰਹਿੰਦੇ ਹੋਏ ਪੰਥ ਦੀ ਏਕਤਾ ਅਤੇ ਚੜ੍ਹਦੀ ਕਲਾ ਨੂੰ ਕਾਇਮ ਰੱਖਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

## ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀਓ ਜੇ ਖਾਲਸਾ ਪੰਥ ਵਿੱਚ ਸੁਰਖਰੂ ਹੋਣਾ ਚਾਹੁੰਦੇ ਹੋ ਤਾਂ

# ਵਿਸਾਖੀ ’ਤੇ ਸਰਬੱਤ ਖਾਲਸਾ ਸੱਦੋ

**ਲੰਡਨ, ਬਰਮਿੰਘਮ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-



ਗਿਆਨੀ ਰਘਬੀਰ ਸਿੰਘ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਪੰਥਕ ਮਸਲਿਆਂ ਨੂੰ ਲੈ ਕੇ ਚੱਲ ਰਹੀ ਚਰਚਾ ਦਰਮਿਆਨ ਯੂ ਕੇ ਅਧਾਰਿਤ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੂੰ ਸੰਬੋਧਨ ਕਰਦਿਆਂ ਅਪੀਲ ਕੀਤੀ ਗਈ ਹੈ ਕਿ ਜੇ ਉਹ ਖਾਲਸਾ ਪੰਥ ਵਿੱਚ ਸੁਰਖ਼ਰੂ ਹੋਣਾ ਚਾਹੁੰਦੇ ਹਨ ਤਾਂ ਆਉਣ ਵਾਲੀ ਵਿਸਾਖੀ ਦੇ ਪਵਿੱਤਰ ਦਿਨ ਸਰਬੱਤ ਖਾਲਸਾ ਸੱਦਣ ਦਾ ਐਲਾਨ ਕਰਨ।

ਬੀਤੇ ਦਿਨ ਕੀਤੀ ਗਈ ਪ੍ਰੈਸ ਕਾਨਫਰੰਸ ਦੌਰਾਨ ਗਿਆਨੀ ਰਘਬੀਰ ਸਿੰਘ ਵੱਲੋਂ ਕੌਮ ਨੂੰ ਸਰਬੱਤ ਖਾਲਸਾ ਸੱਦਣ ਦੀ ਗੱਲ ਤਾਂ ਕੀਤੀ ਗਈ ਸੀ, ਪਰ ਇਹ ਸਪਸ਼ਟ ਨਹੀਂ ਕੀਤਾ ਗਿਆ ਸੀ ਕਿ ਇਸ ਨੂੰ ਸੱਦਣ ਦੀ ਜ਼ਿੰਮੇਵਾਰੀ ਕੌਣ ਨਿਭਾਏਗਾ। ਇਸ ਸੰਦਰਭ ਵਿੱਚ ਇੰਟਰਨੈਸ਼ਨਲ ਪੰਥਕ ਦਲ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਹੈੱਡ ਗ੍ਰੰਥੀ ਹੋਣ ਦੇ ਨਾਤੇ ਇਹ ਇਤਿਹਾਸਕ ਜ਼ਿੰਮੇਵਾਰੀ ਉਹ ਖੁਦ ਨਿਭਾ ਸਕਦੇ ਹਨ।

ਦਲ ਨੇ ਕਿਹਾ ਕਿ ਸਿੱਖ ਇਤਿਹਾਸ ਗਵਾਹ ਹੈ ਕਿ ਜਦੋਂ ਵੀ ਖਾਲਸਾ ਪੰਥ ਮੁਸ਼ਕਲ ਸਮਿਆਂ ਵਿੱਚੋਂ ਲੰਘਿਆ ਹੈ, ਤਦੋਂ ਸਰਬੱਤ ਖਾਲਸਾ ਰਾਹੀਂ ਸਾਂਝੇ ਫ਼ੈਸਲੇ ਕਰਕੇ ਮਸਲਿਆਂ ਦਾ ਹੱਲ ਲੱਭਿਆ ਗਿਆ ਹੈ। ਇਸ ਮੌਕੇ ਉਨ੍ਹਾਂ ਨੇ ਮਾਤਾ ਸੁੰਦਰ ਕੌਰ ਅਤੇ ਭਾਈ ਮਨੀ ਸਿੰਘ ਦੇ ਸਮੇਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਔਖੇ ਦੌਰ ਵਿੱਚ ਪੰਥ ਨੂੰ ਇਕੱਠਾ ਕਰਨ ਲਈ ਦ੍ਰਿੜ੍ਹ ਅਤੇ ਨਿਰਣਾਇਕ ਕਦਮ ਚੁੱਕੇ ਗਏ ਸਨ।

ਬਿਆਨ ਵਿੱਚ ਇਹ ਵੀ ਕਿਹਾ ਗਿਆ ਕਿ ਮੌਜੂਦਾ ਪੰਥਕ ਸਥਿਤੀ ਵਿੱਚ ਇਕਤਾ ਅਤੇ ਸਪਸ਼ਟ ਦਿਸ਼ਾ ਦੀ ਲੋੜ ਹੈ। ਉਨ੍ਹਾਂ ਦਾ ਮਤ ਹੈ ਕਿ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਪੂਰੀ ਕੌਮ ਵੱਲੋਂ ਸਰਬ-ਪ੍ਰਮਾਣਿਤ ਨਹੀਂ ਮੰਨਿਆ ਜਾ ਰਿਹਾ, ਜਿਸ ਕਾਰਨ ਹੈੱਡ ਗ੍ਰੰਥੀ ਦੀ ਭੂਮਿਕਾ ਹੋਰ ਵੀ ਅਹਿਮ ਬਣ ਜਾਂਦੀ ਹੈ।

ਦਲ ਨੇ ਅਪੀਲ ਕੀਤੀ ਹੈ ਕਿ ਵਿਸਾਖੀ ਦੇ ਦਿਹਾੜੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਰਬੱਤ ਖਾਲਸਾ ਸੱਦਣ ਦਾ ਐਲਾਨ ਕਰਕੇ ਪੰਥਕ ਮਸਲਿਆਂ ਦਾ ਸਾਂਝੇ ਤੌਰ ‘ਤੇ ਹੱਲ ਲੱਭਣ ਵੱਲ ਕਦਮ ਚੁੱਕਿਆ ਜਾਵੇ।

ਇਹ ਬਿਆਨ ਇੰਟਰਨੈਸ਼ਨਲ ਪੰਥਕ ਦਲ ਦੇ ਪ੍ਰਧਾਨ ਭਾਈ ਰਘਵੀਰ ਸਿੰਘ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਭਾਈ ਪਰਮਜੀਤ ਸਿੰਘ ਢਾਡੀ, ਜਨਰਲ ਸਕੱਤਰ ਅਤੇ ਮੁੱਖ ਬੁਲਾਰਾ ਭਾਈ ਕਪਤਾਨ ਸਿੰਘ, ਸੀਨੀਅਰ ਮੀਤ ਪ੍ਰਧਾਨ ਭਾਈ ਰਘਬੀਰ ਸਿੰਘ ਬੀਰ੍ਹਾ ਅਤੇ ਚੀਫ ਆਰਗੇਨਾਈਜ਼ਰ ਭਾਈ ਰਘਬੀਰ ਸਿੰਘ ਮਾਲੜੀ ਵੱਲੋਂ ਸਾਂਝੇ ਤੌਰ ‘ਤੇ ਜਾਰੀ ਕੀਤਾ ਗਿਆ ਹੈ।



ਭਾਈ ਰਘਬੀਰ ਸਿੰਘ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ



ਭਾਈ ਪਰਮਜੀਤ ਸਿੰਘ ਢਾਡੀ
ਅੰਤਰਰਾਸ਼ਟਰੀ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



ਭਾਈ ਕਪਤਾਨ ਸਿੰਘ
ਜਨਰਲ ਸਕੱਤਰ ਅਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ



ਭਾਈ ਰਘਵੀਰ ਸਿੰਘ ਬੀਰ੍ਹਾ
ਸੀਨੀਅਰ ਮੀਤ ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ



ਭਾਈ ਰਘਬੀਰ ਸਿੰਘ ਮਾਲੜੀ
ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ

## ਆਸਟ੍ਰੇਲੀਆ ’ਚ ਸਿੱਖ ਨੌਜਵਾਨ ’ਤੇ ਨਸਲੀ ਹਮਲਾ; ਹਮਲੇ ’ਚ ਹਰਮਨਪ੍ਰੀਤ ਸਿੰਘ ਦੀ ਨੱਕ ’ਤੇ ਵੱਜੀ ਸੱਟ

**ਮੈਲਬੋਰਨ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਆਸਟ੍ਰੇਲੀਆ ਵਿੱਚ ਭਾਰਤੀ ਭਾਈਚਾਰੇ ਖਿਲਾਫ ਨਸਲੀ ਹਿੰਸਾ ਦੀ ਇੱਕ ਹੋਰ ਸ਼ਰਮਨਾਕ ਘਟਨਾ ਸਾਹਮਣੇ ਆਈ ਹੈ। 22 ਸਾਲਾ ਭਾਰਤੀ ਨਰਸ ਹਰਮਨਪ੍ਰੀਤ ਸਿੰਘ ’ਤੇ ਵਿਕਟੋਰੀਆ ਦੇ ਕੋਰੀਓ ਵਿੱਚ ਇੱਕ ਸਥਾਨਕ ਜਿੰਮ ਦੇ ਬਾਹਰ ਤਿੰਨ ਅਣਪਛਾਤੇ ਵਿਅਕਤੀਆਂ ਨੇ ਕਥਿਤ ਤੌਰ ’ਤੇ ਨਸਲੀ ਹਮਲਾ ਕੀਤਾ। ਪੀੜਤ ਦੇ ਅਨੁਸਾਰ ਇਹ ਘਟਨਾ ਮੰਗਲਵਾਰ ਦੇਰ ਰਾਤ ਵਾਪਰੀ ਜਦੋਂ ਉਹ ਕਸਰਤ ਕਰ ਰਿਹਾ ਸੀ। ਤਿੰਨਾਂ ਹਮਲਾਵਰਾਂ ਨੇ ਪਹਿਲਾਂ ਜਿੰਮ ਦੇ ਅੰਦਰ ਹਰਮਨਪ੍ਰੀਤ ਖਿਲਾਫ ਨਸਲੀ ਟਿੱਪਣੀਆਂ ਕੀਤੀਆਂ ਅਤੇ ਬਾਅਦ ਵਿੱਚ ਬਾਹਰ ਉਸਦਾ ਪਿੱਛਾ ਕੀਤਾ ਅਤੇ ਫੇਰ ਉਸ ’ਤੇ ਹਮਲਾ ਕਰ ਦਿੱਤਾ। ਸਥਾਨਕ ਮੀਡੀਆ ਨਾਲ ਗੱਲ ਕਰਦੇ ਹੋਏ ਹਰਮਨਪ੍ਰੀਤ ਨੇ ਦੱਸਿਆ ਕਿ ਜਦੋਂ ਸਥਿਤੀ ਵਿਗੜ ਗਈ। ਤਾਂ ਹਮਲਾਵਰ ਉਸਦੇ ਚਿਹਰੇ ਦੇ ਬਹੁਤ ਨੇੜੇ ਆ ਗਿਆ ਅਤੇ ਫੇਰ ਥੋੜਾ ਦੂਰ ਹੋ ਕੇ ਉਸ ਨੇ ਆਪਣਾ ਸਿਰ ਉਸਦੀ ਨੱਕ ’ਤੇ ਮਾਰ ਦਿੱਤਾ। ਜਿਸ ਕਾਰਨ ਤੁਰੰਤ ਹੀ ਉਸਦੀ ਨੱਕ ਚੋਂ ਖ਼ੂਨ ਵਹਿਣ ਲੱਗ ਪਿਆ। ਵਾਇਰਲ ਵੀਡੀਓ ’ਚ ਹਮਲਾਵਰਾਂ ਬੋਲਦੇ ਹੋਏ ਨਜਰ ਆ ਰਹੇ ਹਨ ਕਿ ਮੂੰਹ ਚਲਾਉਂਦੇ ਹਿੰਦੂਸਤਾਨੀ ਕੁੱਤੇ ? ਅਤੇ ਵਾਪਸ ਉੱਥੇ ਜਾਓ ਜਿੱਥੋ ਆਏ ਹੋ।” ਹਮਲਾਵਰ ਘਟਨਾ ਤੋਂ ਥੋੜ੍ਹੀ ਦੇਰ ਬਾਅਦ ਇੱਕ ਕਾਰ ਵਿੱਚ ਮੌਕੇ ਤੋਂ ਭੱਜ ਗਏ, ਜਦਕਿ ਹਰਮਨਪ੍ਰੀਤ ਗੰਭੀਰ ਜ਼ਖਮੀ ਹੋ ਗਿਆ। ਜਿਸ ਨੂੰ ਤੁਰੰਤ ਹੀ ਲੋਕਾਂ ਵੱਲੋਂ ਹਸਪਤਾਲ ਲੈ ਕੇ ਜਾਇਆ ਗਿਆ। ਡਾਕਟਰਾਂ ਨੇ ਕਿਹਾ ਹੈ ਕਿ ਉਸਦੀਆਂ ਸੱਟਾਂ ਕਾਰਨ, ਉਸਨੂੰ ਵਿਸ਼ੇਸ਼ ਇਲਾਜ ਦੀ ਲੋੜ ਹੋ ਸਕਦੀ ਹੈ ਅਤੇ ਨੱਕ ਦੀ ਸਰਜਰੀ ਦੀ ਵੀ ਲੋੜ ਹੋ ਸਕਦੀ ਹੈ। ਹਰਮਨਪ੍ਰੀਤ ਨੇ ਆਪਣਾ ਦੁੱਖ ਜ਼ਾਹਰ ਕਰਦੇ ਹੋਏ ਕਿਹਾ ਕਿ ਕੋਈ ਵੀ ਨਸਲੀ ਟਿੱਪਣੀਆਂ ਨਹੀਂ ਸੁਣਨਾ ਚਾਹੁੰਦਾ, ਖਾਸ ਕਰਕੇ ਜਦੋਂ ਤੁਸੀਂ ਸਿਰਫ਼ ਆਪਣਾ ਕੰਮ ਕਰ ਰਹੇ ਹੋ। ਇਸ ਨਾਲ ਕਿਸੇ ਨੂੰ ਵੀ ਦੁੱਖ ਹੋਵੇਗਾ। ਮੈਂ ਅਜੇ ਵੀ ਸਦਮੇ ਵਿੱਚ ਹਾਂ। ਉਨ੍ਹਾਂ ਨੇ ਅੱਗੇ ਦੱਸਿਆ ਕਿ ਉਸ ਨੂੰ ਪਹਿਲਾਂ ਆਸਟ੍ਰੇਲੀਆ ਵਿੱਚ ਨਸਲੀ ਸ਼ੋਸ਼ਣ ਦਾ ਸਾਹਮਣਾ ਕਰਨਾ ਪਿਆ ਸੀ, ਪਰ ਇਹ ਘਟਨਾ ਹੁਣ ਤੱਕ ਦੀ ਸਭ ਤੋਂ ਭਿਆਨਕ ਘਟਨਾ ਸੀ। ਇਸ ਤੋਂ ਪਹਿਲਾਂ ਜੁਲਾਈ 2025 ਵਿੱਚ, 23 ਸਾਲਾ ਭਾਰਤੀ ਵਿਦਿਆਰਥੀ ਅਮਨਪ੍ਰੀਤ ਸਿੰਘ ’ਤੇ ਸੈਂਟਰਲ ਐਡੀਲੇਡ ਵਿੱਚ ਇੱਕ ਨਸਲੀ ਹਿੰਸਾ ਦੌਰਾਨ ਬੇਰਹਿਮੀ ਨਾਲ ਹਮਲਾ ਕੀਤਾ ਗਿਆ ਸੀ, ਜਿਸਦੇ ਨਤੀਜੇ ਵਜੋਂ ਉਸਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਸੀ। ਰਿਪੋਰਟਾਂ ਦੇ ਅਨੁਸਾਰ ਪੰਜ ਆਦਮੀਆਂ ਨੇ ਬਿਨਾਂ ਕਿਸੇ ਭੜਕਾਹਟ ਦੇ ਉਸ ’ਤੇ ਹਮਲਾ ਕੀਤਾ ਅਤੇ ਧਾਤ ਦੇ ਹਥਿਆਰਾਂ ਦੀ ਵਰਤੋਂ ਕੀਤੀ।







## ਅੱਜ ਜਨਮ ਦਿਨ ’ਤੇ ਵਿਸ਼ੇਸ਼


# ਪੰਥ ਦਾ ਨਿਸ਼ਕਾਮ ਸੇਵਕ - ਸ. ਤੇਜਾ ਸਿੰਘ ਸਮੁੰਦਰੀ

**ਕੌਮੀ** ਫਰਜ਼ਾਂ ਨੂੰ ਤਾਅ ਜੀਵਨ ਸਿਦਕ ਦਿਲੀ ਨਾਲ ਨਿਭਾਉਣ ਵਾਲੇ ਸਿੱਖ ਆਗੂਆਂ ਵਿੱਚੋਂ ਪ੍ਰਮੁੱਖ ਆਗੂ ਸਨ, ਸ. ਤੇਜਾ ਸਿੰਘ ਸਮੁੰਦਰੀ। ਜਦੋਂ ਗੁਰਦੁਆਰਾ ਸੁਧਾਰ ਲਹਿਰ ਦੇ ਸਿਦਕੀ ਸਿੱਖ ਆਗੂਆਂ ਦਾ ਜ਼ਿਕਰ ਚੱਲਦਾ ਹੈ, ਤਾਂ ਉਸ ਸਮੇਂ ਨਿਸ਼ਕਾਮ ਸੇਵਕ ਵਜੋਂ ਜਿਹੜਾ ਦਰਦ ਸਿੱਖ ਸਿਧਾਂਤਾਂ ਪ੍ਰਤੀ ਸ। ਸਮੁੰਦਰੀ ਦੇ ਹਿਰਦੇ ਵਿੱਚ ਸੀ, ਉਸ ਨੂੰ ਸਮੁੱਚੀ ਕੌਮ ਕਦੇ ਵੀ ਨਹੀਂ ਭੁੱਲ ਸਕਦੀ ।ਉਨ੍ਹਾਂ ਦੇ ਸੁਭਾਅ ਦੀ ਦ੍ਰਿੜਤਾ, ਸਾਦਗੀ ਅਤੇ ਸਿਦਕ ਦਿਲੀ ਦੀ ਕਦਰ ਗੁਰਦੁਆਰਾ ਸੁਧਾਰ ਲਹਿਰ ਵਿੱਚ ਸ਼ਾਮਿਲ ਹਰ ਉਹ ਗੁਰਸਿੱਖ ਕਰਦਾ ਸੀ, ਜਿਸ ਨੇ ਵੀ ਇਸ ਲਹਿਰ ਵਿੱਚ ਸ਼ਮੂਲੀਅਤ ਕੀਤੀ ।ਸ। ਤੇਜਾ ਸਿੰਘ ਦਾ ਜਨਮ ਪਿਤਾ ਰਸਾਲਦਾਰ ਮੇਜਰ ਸ। ਦੇਵਾ ਸਿੰਘ ਅਤੇ ਮਾਤਾ ਨੰਦ ਕੌਰ ਦੇ ਗ੍ਰਹਿ ਵਿਖੇ ਉਸ ਸਮੇਂ ਦੇ ਜ਼ਿਲ੍ਹਾ ਅੰਮ੍ਰਿਤਸਰ


ਆਵਾਜ਼ਿ ਕੌਮ
AWAZE QAUM
International Newspaper & WEB TV


ਦੀ ਤਹਿਸੀਲ ਤਰਨਤਾਰਨ ਦੇ ਪਿੰਡ ਰਾਇ ਦਾ ਬੁਰਜ ਵਿਖੇ 20 ਫਰਵਰੀ, 1882 ਈ: ਨੂੰ ਹੋਇਆ ।ਸ. ਤੇਜਾ ਸਿੰਘ ਦੀ ਬਚਪਨ ਵਿੱਚ ਸਿੱਖ ਧਰਮ ਪ੍ਰਤੀ ਸ਼ਰਧਾ ਤੇ ਪਿਆਰ ਦੀ ਚਰਚਾ ਪਰਿਵਾਰ ਵਿੱਚ ਹੁੰਦੀ ਰਹਿੰਦੀ ਸੀ ।ਸਮਾਜਿਕ ਕਾਰਜਾਂ ਵਿੱਚ ਮੂਹਰੀ ਬਣ ਕੇ ਵਿਚਰਨਾ ਵੀ ਸੁਭਾਅ ਦਾ ਵੱਡਾ ਗੁਣ ਸੀ ।ਜਵਾਨੀ ਦੇ ਦਿਨਾਂ ਵਿੱਚ ਹੀ ਚੀਫ਼ ਖ਼ਾਲਸਾ ਦੀਵਾਨ ਦੇ ਮੈਂਬਰ ਵਜੋਂ ਧਾਰਮਿਕ ਖੇਤਰ ਵਿੱਚ ਵਿਚਰਨਾ ਸ਼ੁਰੂ ਕੀਤਾ ।ਦੀਵਾਨ ਦੇ ਆਗੂਆਂ ਨੂੰ ਕੌਮ ਵਿੱਚ ਅਨਪੜ੍ਹਤਾ ਅਤੇ ਗਰੀਬੀ ਤੋਂ ਛੁਟਕਾਰਾ ਦਿਵਾਉਣ ਦੀ ਵਿਚਾਰਧਾਰਾ ਨੇ ਉਨ੍ਹਾਂ ਨੂੰ ਧੁਰ ਹਿਰਦੇ ਤੋਂ ਪ੍ਰਭਾਵਿਤ ਕੀਤਾ ।ਆਪਣੇ ਸ਼ਹਿਰ ਸਮੁੰਦਰੀ ਵਿਖੇ ਸਭ ਤੋਂ ਪਹਿਲਾਂ ਖ਼ਾਲਸਾ ਦੀਵਾਨ ਕਾਇਮ ਕੀਤਾ ।ਕੌਮ ਨੂੰ ਜਹਾਲਤ ਵਿੱਚੋਂ ਕੱਢਣ ਲਈ ਵੱਡੀ ਸੋਚ ਦੇ ਧਾਰਨੀ ਹੋਣ ਕਰਕੇ ਹਰ ਕੋਈ ਇਨ੍ਹਾਂ ਦੇ ਵਿਚਾਰਾਂ ਪ੍ਰਤੀ ਹੁੰਗਾਰਾ ਭਰਦਾ ਸੀ ।ਇਸੇ ਸਫ਼ਲ ਹੁੰਗਾਰੇ ਕਰਕੇ ਇਨ੍ਹਾਂ ਹੋਰ ਅਨੇਕਾਂ ਛੋਟੀਆਂ ਛੋਟੀਆਂ ਸਿੱਖ ਸੰਸਥਾਵਾਂ ਨੂੰ ਇਕੱਠਾ ਕਰਕੇ ਖ਼ਾਲਸਾ ਦੀਵਾਨ ਬਾਰ ਦੀ ਸਥਾਪਨਾ ਕੀਤੀ ।

ਸਿੱਖਿਆ ਦੇ ਖੇਤਰ ਵਿੱਚ ਅਗਵਾਈ ਕਰਦਿਆਂ ਆਪਣੇ ਪਿੰਡ ਵਿੱਚ ਖ਼ਾਲਸਾ ਹਾਈ ਸਕੂਲ ਖੁੱਲ੍ਹਵਾਇਆ ।ਸਰਹਾਲੀ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਹਾਈ ਸਕੂਲ ਦੀ ਸਥਾਪਨਾ ਕੀਤੀ ।ਲੋਕਾਂ ਵਿੱਚ ਸਿੱਖਿਆ ਪ੍ਰਤੀ ਜਾਗ੍ਰਿਤੀ ਪੈਦਾ ਕਰਨੀ ਵੱਡਾ ਉੱਦਮ ਸੀ ।ਇਨ੍ਹਾਂ ਦਿਨਾਂ ਵਿੱਚ ਹੀ ਸ੍ਰੀ ਨਨਕਾਣਾ ਸਾਹਿਬ ਦੇ ਖ਼ੂਨੀ ਸਾਕੇ ਤੋਂ ਬਾਅਦ ਜਦੋਂ ਸ੍ਰੀ ਗੁਰੂ ਨਾਨਕ ਸਾਹਿਬ ਜੀ ਆਗਮਨ ਅਸਥਾਨ ਲਈ ਪ੍ਰਬੰਧਕ ਕਮੇਟੀ ਦੀ ਸਥਾਪਨਾ ਕੀਤੀ ਗਈ ।ਉਸ ਸਮੇਂ ਪ੍ਰਬੰਧਕੀ ਕੰਮਾਂ ਪ੍ਰਤੀ ਯੋਗਤਾ ਨੂੰ ਵੇਖਦਿਆਂ ਸ। ਸਮੁੰਦਰੀ ਨੂੰ ਬਤੌਰ ਮੈਂਬਰ ਸ਼ਾਮਿਲ ਕੀਤਾ ਗਿਆ ।ਸਿੱਖਾਂ ਵਿੱਚ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਦੀ ਘਾਟ ਨੂੰ ਵੇਖਦਿਆਂ, ਜਦੋਂ ਅਖ਼ਬਾਰ ਸ਼ੁਰੂ ਕਰਨ ਦੀ ਵਿਚਾਰ ਚੱਲ ਰਹੀ ਸੀ, ਤਾਂ ਸ। ਤੇਜਾ ਸਿੰਘ ਸਮੁੰਦਰੀ ਨੂੰ ਨਵੀਂ ਬਣੀ ਸਿਆਸੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਕਰਕੇ ਅਕਾਲੀ ਪੱਤ੍ਰਕਾ ਦੀ ਪ੍ਰਕਾਸ਼ਨਾਂ ਸ਼ੁਰੂ ਕੀਤੀ ਗਈ ।ਸ। ਸਮੁੰਦਰੀ ਨੇ ਇਸ ਅਖ਼ਬਾਰ ਲਈ ਮਾਇਕ ਸਹਾਇਤਾ ਵੀ ਖੁੱਲ੍ਹੇ ਦਿਲ ਨਾਲ ਕੀਤੀ ।



ਹੁਣ ਜਦੋਂ ਸ੍ਰੀ ਰਕਾਬਗੰਜ ਦਿੱਲੀ ਲਈ ਮੋਰਚਾ ਆਰੰਭ ਹੋਇਆ, ਤਾਂ ਸ। ਤੇਜਾ ਸਿੰਘ ਸਮੁੰਦਰੀ ਨੇ ਸੌ ਸਿੰਘਾਂ ਦੇ ਵੱਡੇ ਜਥੇ ਸਮੇਤ ਗ੍ਰਿਫ਼ਤਾਰੀ ਲਈ ਪੇਸ਼ ਕੀਤਾ ।ਸਮੁੱਚੀ ਗੁਰਦੁਆਰਾ ਸੁਧਾਰ ਲਹਿਰ ਵਿੱਚ ਸਰਗਰਮ ਸਿੱਖ ਆਗੂ ਵਜੋਂ ਹਮੇਸ਼ਾਂ ਮੂਹਰੀ ਆਗੂ ਵਜੋਂ ਵਿਚਰੇ ।13 ਅਕਤੂਬਰ, 1923 ਈ: ਜਥੇ ਸਮੇਤ ਗ੍ਰਿਫ਼ਤਾਰੀ ਦਿੱਤੀ ।ਜਦੋਂ 1925 ਵਿੱਚ ਭਾਰਤ ਵਿੱਚ ਹਕੂਮਤ ਕਰ ਰਹੀ ਅੰਗ੍ਰੇਜ਼ ਸਰਕਾਰ ਨੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਲਈ ਗੁਰਦੁਆਰਾ ਐਕਟ ਪਾਸ ਕੀਤਾ ।ਇਸ ਐਕਟ ਪ੍ਰਤੀ ਸਾਰੇ ਸੰਘਰਸ਼ਸ਼ੀਲ ਆਗੂ ਇਕ ਜੁੱਟ ਨਹੀਂ ਸਨ, ਇਸ ਦੇ ਵਿਰੋਧ ਵਿੱਚ ਜ਼ੋਰ-ਸ਼ੋਰ ਨਾਲ ਅਵਾਜ਼ ਉਠਾਉਣ ਵਾਲੇ ਸਿੱਖ ਆਗੂਆਂ ਦਾ ਵਿਚਾਰ ਸੀ ਕਿ ਇਸ ਐਕਟ ਦੇ ਬਣਨ ਨਾਲ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਵਿੱਚ ਹਮੇਸ਼ਾਂ ਹਕੂਮਤਾਂ ਦੀ ਦਖਲ-ਅੰਦਾਜ਼ੀ ਬਣੀ ਰਹੇਗੀ ।ਸੰਸਾਰ ਦੇ ਦੂਜੇ ਧਰਮਾਂ ਵਿੱਚ ਹਕੂਮਤਾਂ ਕਦੇ ਦਖਲ ਨਹੀਂ ਦਿੰਦੀਆਂ ।ਸਿੱਖ ਧਰਮ ਦਾ ਪ੍ਰਬੰਧ ਵੀ ਅਜ਼ਾਦ ਹਸਤੀ ਵਾਲੇ ਪ੍ਰਬੰਧਕਾਂ ਕੋਲ ਹੋਣਾ ਚਾਹੀਦਾ ਹੈ ।ਸ। ਤੇਜਾ ਸਿੰਘ ਸਮੁੰਦਰੀ ਵੀ ਵਿਰੋਧੀ ਧੜੇ ਦੇ ਆਗੂਆਂ ਵਿੱਚ ਸ਼ਾਮਿਲ ਸਨ ।ਉਸ ਸਮੇਂ ਸਾਰੇ ਸੰਘਰਸ਼ੀਲ ਆਗੂ ਜੇਲ੍ਹਾਂ ਵਿੱਚ ਬੰਦ ਸਨ, ਵਿਰੋਧ ਕਰਨ ਵਾਲੇ ਆਗੂਆਂ ਨੇ ਜੇਲ੍ਹ ਤੋਂ ਰਿਹਾਅ ਹੋਣ ਤੋਂ ਇਨਕਾਰ ਕਰ ਦਿੱਤਾ, ਜਿਨ੍ਹਾਂ ਵਿੱਚ ਸ। ਸਮੁੰਦਰੀ ਵੀ ਸ਼ਾਮਿਲ ਸਨ ।

ਦ੍ਰਿੜ ਇਰਾਦੇ ਦੇ ਮਾਲਕ ਹੋਣ ਕਰਕੇ ਸਿਆਣਪ ਤੇ ਸਿਦਕਦਿਲੀ ਕਰਕੇ ਸ। ਤੇਜਾ ਸਿੰਘ ਦਾ ਸਤਿਕਾਰ ਸਾਰਾ ਸਿੱਖ ਜਗਤ ਕਰਦਾ ਸੀ ।


-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040




ਅੰਗ੍ਰੇਜ਼ ਹਕੂਮਤ ਵੱਲੋਂ ਜੇਲ੍ਹ ਵਿੱਚ ਤੰਗੀਆਂ-ਤੁਰਸ਼ੀਆਂ ਵਾਲਾ ਜੀਵਨ ਬਤੀਤ ਕਰਦਿਆਂ 17 ਜੁਲਾਈ 1926 ਨੂੰ 44 ਕੁ ਸਾਲ ਦੀ ਆਯੂ ਵਿੱਚ ਦਿਲ ਦਾ ਦੌਰਾ ਪਿਆ ।ਇਸ ਮਾਰੂ ਹੱਲੇ ਨਾਲ ਇਸ ਫ਼ਾਨੀ ਸੰਸਾਰ ਨੂੰ ਹਮੇਸ਼ਾਂ ਲਈ ਛੱਡ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ।ਸ। ਤੇਜਾ ਸਿੰਘ ਸਮੁੰਦਰੀ ਦੀ ਯਾਦ ਨੂੰ ਹਮੇਸ਼ਾਂ ਲਈ ਬਰਕਰਾਰ ਰੱਖਣ ਲਈ ਸਾਡੇ ਸੂਝਵਾਨ ਪੁਰਖਿਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਸਕੱਤਰੇਤ ਲਈ ਬਾਅਦ ਵਿੱਚ ਨਵੀਂ ਬਣੀ ਇਮਾਰਤ ਦਾ ਨਾਂਅ ਤੇਜਾ ਸਿੰਘ ਸਮੁੰਦਰੀ ਹਾਲ ਰੱਖਿਆ ।1969 ਈ: ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 500 ਸਾਲਾ ਆਗਮਨ ਪੁਰਬ ਸਮੇਂ ਨਵੀਂ ਬਣੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਪਹਿਲੇ ਬਣੇ ਵਾਈਸ ਚਾਂਸਲਰ ਵੀ ਸ। ਤੇਜਾ ਸਿੰਘ ਸਮੁੰਦਰੀ ਦੇ ਸਪੁੱਤਰ ਸ। ਬਿਸ਼ਨ ਸਿੰਘ ਸਮੁੰਦਰੀ ਨੂੰ ਬਣਾਇਆ ਗਿਆ ।ਅੱਜ ਇਸ ਸਿਦਕੀ ਸਿੱਖ ਆਗੂ ਦੀ ਯਾਦ ਹੀ ਬਾਕੀ ਹੈ।




# ਗੁਰਦੁਆਰਾ ਮਾਮਲਿਆਂ 'ਤੇ ਬਿਆਨਬਾਜ਼ੀ ਤੀਬਰ: ਧਾਮੀ ਵੱਲੋਂ ਮਾਨਹਾਨੀ ਕਾਰਵਾਈ ਦੀ ਗੱਲ, ਗਿਆਨੀ ਹਰਪ੍ਰੀਤ ਸਿੰਘ ਦਾ ਜਵਾਬ

**ਜਲੰਧਰ/ਅੰਮ੍ਰਿਤਸਰ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਹਾਲ ਹੀ ਵਿੱਚ ਗੁਰਦੁਆਰਾ ਸ਼੍ਰੀ ਭੱਠਾ ਸਾਹਿਬ ਅਤੇ ਅੰਬ ਸਾਹਿਬ ਦੇ ਪ੍ਰਬੰਧਕਾਂ ਨੂੰ ਇਹ ਅਧਿਕਾਰ ਦੇਣ ਸਬੰਧੀ ਗੱਲ ਕਹੀ ਗਈ ਕਿ ਜੇਕਰ ਕਿਸੇ ਵੱਲੋਂ ਬੇਬੁਨਿਆਦ ਦੋਸ਼ ਲਗਾਏ ਜਾਂ ਸੰਸਥਾ ਦੀ ਸੱਖ਼ ਨੂੰ ਨੁਕਸਾਨ ਪਹੁੰਚਾਇਆ ਜਾਵੇ ਤਾਂ ਉਹ ਮਾਨਹਾਨੀ ਦਾ ਦਾਅਵਾ ਕਰ ਸਕਦੇ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਗੁਰਦੁਆਰਾ ਸੰਸਥਾਵਾਂ ਦੀ ਮਰਿਆਦਾ ਅਤੇ ਪ੍ਰਤਿਸ਼ਠਾ ਦੀ ਰੱਖਿਆ ਕਰਨਾ ਲਾਜ਼ਮੀ ਹੈ ਅਤੇ ਝੂਠੇ ਦੋਸ਼ਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।





ਇਸ ਮਾਮਲੇ 'ਤੇ ਜਲੰਧਰ ਤੋਂ ਜਾਰੀ ਬਿਆਨ ਵਿੱਚ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਧਾਮੀ ਦੇ ਇਸ ਫੈਸਲੇ ਦਾ ਪੂਰਜ਼ੋਰ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਮਕਸਦ ਕਿਸੇ ਵੀ ਗੁਰਦੁਆਰਾ ਸਾਹਿਬ ਦੀ ਮਰਿਆਦਾ ਨੂੰ ਠੇਸ ਪਹੁੰਚਾਉਣਾ ਨਹੀਂ, ਸਗੋਂ ਗੁਰਦੁਆਰਿਆਂ ਨਾਲ ਜੁੜੇ ਮਾਮਲਿਆਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣਾ ਹੈ।


ਆਵਾਜ਼ਿ ਕੌਮ
AWAZE QAUM
International Newspaper & WEB TV


ਉਨ੍ਹਾਂ ਕਿਹਾ ਕਿ ਜੇ ਸੱਚਾਈ ਸਾਹਮਣੇ ਲਿਆਉਣ ਕਰਕੇ ਉਨ੍ਹਾਂ ਖ਼ਿਲਾਫ਼ ਮਾਨਹਾਨੀ ਦੇ ਮਾਮਲੇ ਦਰਜ ਕੀਤੇ ਜਾਂਦੇ ਹਨ ਤਾਂ ਉਹ ਕਾਨੂੰਨੀ ਤੌਰ 'ਤੇ ਹਰ ਚੁਣੌਤੀ ਦਾ ਸਾਹਮਣਾ ਕਰਨ ਲਈ ਤਿਆਰ ਹਨ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਇਸੇ ਤਰ੍ਹਾਂ ਦਾ ਹੁਕਮ ਸਾਰੇ ਗੁਰਦੁਆਰਾ ਸਾਹਿਬਾਨਾਂ ਦੇ ਪ੍ਰਬੰਧਕਾਂ ਨੂੰ ਵੀ ਜਾਰੀ ਕੀਤਾ ਜਾਵੇ, ਕਿਉਂਕਿ ਉਹ ਆਉਣ ਵਾਲੇ ਸਮੇਂ ਵਿੱਚ ਹਰ ਗੁਰਦੁਆਰਾ ਸਾਹਿਬ ਨਾਲ ਸੰਬੰਧਿਤ ਮਸਲਿਆਂ ਅਤੇ ਸੰਭਾਵਿਤ ਬੇਨਿਯਮੀਆਂ ਨੂੰ ਸੰਗਤਾਂ ਸਾਹਮਣੇ ਰੱਖਦੇ ਰਹਿਣਗੇ।

ਗਿਆਨੀ ਹਰਪ੍ਰੀਤ ਸਿੰਘ ਨੇ ਅਖੀਰ ਵਿੱਚ ਕਿਹਾ ਕਿ ਜੇ ਸਿੱਖ ਪੰਥ ਦੀਆਂ ਭਾਵਨਾਵਾਂ ਆਹਤ ਹੋਣ ਦੇ ਦੋਸ਼ ਲਗਦੇ ਹਨ ਤਾਂ ਇਹ ਵੀ ਸਪਸ਼ਟ ਕੀਤਾ ਜਾਣਾ ਚਾਹੀਦਾ ਹੈ ਕਿ ਸੰਗਤਾਂ ਕਿਸ ਅਦਾਲਤ ਵਿੱਚ ਆਪਣੀ ਅਵਾਜ਼ ਉਠਾਉਣ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਲੜਾਈ ਕਿਸੇ ਵਿਅਕਤੀ ਵਿਸ਼ੇਸ਼ ਨਾਲ ਨਹੀਂ, ਸਗੋਂ ਸਿਧਾਂਤਾਂ, ਪਾਰਦਰਸ਼ਤਾ ਅਤੇ ਪੰਥਕ ਹਿਤਾਂ ਲਈ ਹੈ।





ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV




**ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।**

**ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।**

ਸਭਾ ਦੀ ਦਸਵੀਂ ਵਰ੍ਹੇਗੰਢ 'ਤੇ

# 'ਲੋਕ ਕੀ ਕਹਿਣਗੇ' ਸਮਾਗਮ ਯਾਦਗਾਰੀ ਹੋ ਨਿਬੜਿਆ

























**ਕੈਲਗਰੀ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**- (16 ਫਰਵਰੀ) ਫੈਮਿਲੀ ਡੇ ਵਾਲੇ ਦਿਨ, ਕੈਲਗਰੀ ਵੋਮੈਨ ਕਲਚਰਲ ਐਸੋਸੀਏਸ਼ਨ ਨੇ ਆਪਣੀ ਦਸਵੀਂ ਵਰ੍ਹੇ ਗੰਢ 'ਲੋਕ ਕੀ ਕਹਿਣਗੇ' ਦੇ ਬੈਨਰ ਹੇਠ, ਫਾਲਕਿਨਰਿੱਜ ਕਮਿਊਨਿਟੀ ਹਾਲ ਵਿੱਚ, ਭਰਪੂਰ ਹਾਜ਼ਰੀ ਵਿੱਚ ਮਨਾਈ। ਪ੍ਰੋਗਰਾਮ ਨੂੰ ਤਿੰਨ ਹਿੱਸਿਆਂ ਵਿੱਚ ਵੰਡਿਆ ਗਿਆ ਸੀ। ਪਹਿਲੇ ਭਾਗ ਵਿੱਚ ਇੱਕ ਵੱਡੇ ਹਾਲ ਵਿੱਚ ਕੈਲਗਰੀ ਦੇ ਲੇਖਕਾਂ ਦੀਆਂ ਪੁਸਤਕਾਂ ਦੀ ਪ੍ਰਦਰਸ਼ਨੀ, ਲਗਾਈ ਗਈ, ਜਿਸ ਵਿੱਚ ਪਾਠਕਾਂ ਨੇ ਲੇਖਕਾਂ ਅਤੇ ਕਿਤਾਬਾਂ ਨਾਲ ਸਿੱਧਾ ਸੰਪਰਕ ਕੀਤਾ। ਪ੍ਰਦਰਸ਼ਨੀ ਵਿੱਚ, ਕੈਲੀਗਰਾਫੀ ਮਾਹਿਰ ਮਨਿੰਦਰ ਦੀਆਂ ਸੁੰਦਰ ਲਿਖਤਾਂ ਵੀ, ਸਰੋਤਿਆਂ ਦੀ ਖਿੱਚ ਦਾ ਕਾਰਨ ਬਣੀਆਂ। ਦੂਜੇ ਭਾਗ ਵਿੱਚ ਵੋਮੈਨ ਇੰਮਪਾਵਰਮੈਂਟ ਦੀ ਗੱਲ ਕੀਤੀ ਗਈ। ਪ੍ਰੋਗਰਾਮ ਦਾ ਆਗਾਜ਼ ਸਭਾ ਦੇ ਕੋਆਰਡੀਨੇਟਰ ਸ੍ਰੀ ਮਤੀ ਗੁਰਚਰਨ ਕੌਰ ਥਿੰਦ ਨੇ ਮਹਿਮਾਨਾਂ ਅਤੇ ਸਰੋਤਿਆਂ ਦੇ ਸਵਾਗਤ ਨਾਲ ਕੀਤਾ। ਉਹਨਾਂ ਲੈਂਡ ਅਕਨੌਲੇਜਮੈਂਟ ਦੀ ਗੱਲ ਕਰਦਿਆਂ, ਕੈਨੇਡਾ ਦੇ ਮੂਲ ਨਿਵਾਸੀਆਂ ਦਾ ਵੀ ਧੰਨਵਾਦ ਕੀਤਾ। ਸਭਾ ਦੇ ਪ੍ਰਧਾਨ ਸ੍ਰੀਮਤੀ ਬਲਵਿੰਦਰ ਕੌਰ ਬਰਾੜ ਨੇ ਸਭਾ ਦੀਆਂ ਮਹੀਨਾਵਾਰ ਗਤੀਵਿਧੀਆਂ ਤੇ ਲਿਖੀ ਹੋਈ, ਸੰਖੇਪ ਸਲਾਨਾ ਰਿਪੋਰਟ ਪੜ੍ਹ ਕੇ ਸੁਣਾਈ। ਉਸ ਤੋਂ ਬਾਅਦ ਸਭਾ ਦੀ ਸਕੱਤਰ ਗੁਰਨਾਮ ਕੌਰ ਨੇ ਕਾਰਵਾਈ ਨੂੰ ਅੱਗੇ ਤੋਰਿਆ। ਜੋਗਿੰਦਰ ਪੁਰਬਾ, ਅਮਰਜੀਤ ਸੱਗੂ ਅਤੇ ਬਲਵੀਰ ਕੌਰ ਗਰੇਵਾਲ ਨੇ ਲੰਮੀ ਹੇਕ ਦੇ ਗੀਤ ਸੁਣਾ ਕੇ, ਪੰਜਾਬੀ ਵਿਰਸੇ ਤੇ ਸੱਭਿਆਚਾਰ ਨੂੰ ਯਾਦ ਕੀਤਾ। ਉਪ ਪ੍ਰਧਾਨ ਗੁਰਦੀਸ਼ ਕੌਰ ਗਰੇਵਾਲ ਨੇ, ਸਭਾ ਦੇ 10 ਸਾਲਾਂ ਦੇ ਸ਼ਾਨਾ ਮੱਤੇ ਸਫ਼ਰ ਬਾਰੇ ਲਿਖੀ ਵਿਸ਼ੇਸ਼ ਕਵਿਤਾ ਨੂੰ, ਗੁਰਨਾਮ ਕੌਰ ਨਾਲ ਰਲ਼ ਕੇ ਗਾਇਆ ਅਤੇ ਸਰੋਤਿਆਂ ਦੀ ਪ੍ਰਸ਼ੰਸਾ ਖੱਟੀ। ਬਜ਼ੁਰਗਾਂ ਨੂੰ ਜਾਗਰੂਕ ਕਰਨ ਅਤੇ ਸ਼ਕਤੀਸ਼ਾਲੀ ਬਣਾਉਣ ਅਤੇ ਮੋਟੀਵੇਟ ਕਰਨ ਲਈ ਦੋ ਸਪੀਕਰ- ਸਰਬਜੀਤ ਕੌਰ ਸੋਢੀ, ਅਤੇ ਨਵੀਂ ਪੀੜ੍ਹੀ ਵੱਲੋਂ ਅਮਰੀਤ ਗਿੱਲ ਨੇ ਲੈਕਚਰ ਦਿੱਤੇ, ਅਤੇ ਸਰੋਤਿਆਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਵੀ ਦਿੱਤੇ। ਦੋਵਾਂ ਬੁਲਾਰਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਆ ਗਿਆ। ਰਾਜਨੀਤਿਕ ਨੇਤਾਵਾਂ ਵਿੱਚ- ਐਮ ਐਲ ਏ ਗੁਰਿੰਦਰ ਸਿੰਘ ਬਰਾੜ, ਕੌਂਸਲਰ ਰਾਜ ਧਾਲੀਵਾਲ ਅਤੇ ਚੈਸਟਮੇਅਰ ਤੋਂ ਕੌਂਸਲਰ ਕਿਰਨ ਰੰਧਾਵਾ ਨੇ ਵੀ ਹਾਜ਼ਰੀ ਭਰੀ। ਸਭਾ ਦੀਆਂ ਮੈਂਬਰ ਭੈਣਾਂ ਕਿਰਨ ਕਲਸੀ , ਚਰਨਜੀਤ ਕੌਰ ਅਤੇ ਸਾਊਥ ਵਿੰਗ ਦੀ ਇੰਚਾਰਜ ਤਮੰਨਾ ਨੇ ਆਪੋ ਆਪਣੇ ਵਿਚਾਰ ਸਾਂਝੇ ਕੀਤੇ। ਵਿਸ਼ੇਸ਼ ਮਹਿਮਾਨ, ਕੈਨੇਡਾ ਦੀ ਮੂਲ ਨਿਵਾਸੀ ਲੇਡੀ ਆਉਟਮ ਈਗਲ, ਨੇ ਆਪਣੇ ਤਜ਼ਰਬੇ ਸਾਂਝੇ ਕੀਤੇ। ਸਭਾ ਵਲੋਂ ਉਸ ਨੂੰ ਇੱਕ ਫੁਲਕਾਰੀ ਅਤੇ ਸ਼ੀਲਡ ਦੇ ਕੇ ਸਨਮਾਨਿਤ ਕੀਤਾ ਗਿਆ। ਸਭਾ ਦੀ ਸੀਨੀਅਰ ਮੈਂਬਰ ਡਾਕਟਰ ਰਾਜਵੰਤ ਕੌਰ ਮਾਨ ਨੂੰ ਲਾਈਫ ਟਾਈਮ ਅਚੀਵਮੈਂਟ ਅਵਾਰਡ ਨਾਲ ਫੁਲਕਾਰੀ ਅਤੇ ਸ਼ੀਲਡ ਦੇ ਕੇ ਨਿਵਾਜਿਆ। ਪੰਜਾਬੀ ਵਿਰਸੇ ਨਾਲ ਜੁੜੀ ਨਰਿੰਦਰ ਕੌਰ ਗਿੱਲ ਨੂੰ ਵੀ ਸ਼ਾਲ ਅਤੇ ਸ਼ੀਲਡ ਦੇ ਕੇ ਸਨਮਾਨਿਤ ਕੀਤਾ। ਸਭਾ ਵਲੋਂ- ਵਲੰਟੀਅਰ ਸੇਵਾਵਾਂ ਪ੍ਰਦਾਨ ਕਰਨ ਲਈ- ਗੁਰਨਾਮ ਕੌਰ, ਕਿਰਨ ਕਲਸੀ ਸਮੇਤ ਨੌਜਵਾਨ ਮੈਂਬਰ ਤਮੰਨਾ ਅਤੇ ਮਨਿੰਦਰ ਚਾਨੇ ਨੂੰ ਵੀ ਸਨਮਾਨ ਪੱਤਰ ਦੇ ਕੇ, ਹੌਸਲਾ ਅਫਜ਼ਾਈ ਕੀਤੀ ਗਈ। ਬਲਵਿੰਦਰ ਕੌਰ ਬਰਾੜ ਦੀ ਲਿਖੀ ਸਕਿੱਟ ਨੂੰ ਬਲਬੀਰ ਕੌਰ ਹਜ਼ੂਰੀਆਂ, ਅਮਰਜੀਤ ਸੱਗੂ, ਕਿਰਨ ਕਲਸੀ ਅਤੇ ਦੋ ਬੱਚੀਆਂ ਪਰਵਾਨ ਅਤੇ ਬਾਣੀ ਕਲਸੀ ਨੇ ਖੇਡ ਕੇ ਸਰੋਤਿਆਂ ਦੀ ਵਾਹ ਵਾਹ ਖੱਟੀ। ਤੀਜੇ ਭਾਗ ਵਿੱਚ ਸੁਖਵੀਰ ਸਿੰਘ ਗਰੇਵਾਲ ਦੀ ਅਗਵਾਈ ਵਿੱਚ ਯੰਗਸਤਾਨ ਫ਼ੋਰਮ ਵਲੋਂ 'ਬੋਲਦੇ ਅੱਖਰ' ਦੇ ਨਾਂ ਹੇਠ ਕੁਇਜ਼ ਪ੍ਰੋਗਰਾਮ ਕਰਵਾਇਆ ਗਿਆ। ਪਹਿਲਾਂ ਸੀਨੀਅਰ ਲੇਡੀਜ਼ ਦਾ ਮੁਕਾਬਲਾ ਤੇ ਫਿਰ ਬੱਚਿਆਂ ਦੀਆਂ ਟੀਮਾਂ ਬਣਾ ਕੇ ਸੁਆਲ ਜਵਾਬ ਦਾ ਦਿਲਚਸਪ ਮੁਕਾਬਲਾ ਕਰਵਾਇਆ ਗਿਆ। ਜੇਤੂਆਂ ਨੂੰ ਤਗਮੇ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ। ਸੀਨੀਅਰ ਟੀਮਾਂ ਨੂੰ ਕਿਤਾਬਾਂ ਦੇ ਤੋਹਫੇ ਵੀ ਦਿੱਤੇ ਗਏ। ਅਖੀਰ ਵਿੱਚ ਸਭਾ ਦੀਆਂ ਮੈਂਬਰ ਭੈਣਾਂ ਨੇ ਗਿੱਧਾ ਪਾਕੇ ਪੂਰਾ ਰੰਗ ਬੰਨ੍ਹਿਆ। ਬਜ਼ੁਰਗਾਂ ਲਈ ਸੇਵਾਵਾਂ ਪ੍ਰਦਾਨ ਕਰਨ ਲਈ ਵਾਈ ਵਾਈ ਸੀ ਹੋਮ ਕੇਅਰ, ਪਰਾਈਮ ਹਿਅਰਿੰਗ ਕਲੀਨਿਕ ਅਤੇ ਐਨਕਾਂ ਦੀਆਂ ਸੇਵਾਵਾਂ ਘਰੋ ਘਰੀ ਪਹੁੰਚਾਉਣ ਲਈ ਆਪੋ ਆਪਣੇ ਟੇਬਲ ਲਾਏ ਹੋਏ ਸਨ। ਮੀਡੀਆ ਵੱਲੋਂ ਉਚੇਚੇ ਤੌਰ ਤੇ ਪਹੁੰਚੇ, ਬੀ ਟੀ ਵੀ ਚੈਨਲ, ਸ਼ਿਵਾਲਿਕ ਟੀ ਵੀ ਚੈਨਲ, ਪ੍ਰਾਈਮ ਏਸ਼ੀਆ, ਬਾਤ ਪੰਜਾਬ ਦੀ ਅਤੇ ਪੰਜਾਬੀ ਅਖਬਾਰ ਵੱਲੋਂ ਸਾਰੇ ਪ੍ਰੋਗਰਾਮ ਦੀ ਵਧੀਆ ਕਵਰੇਜ ਕੀਤੀ ਗਈ। ਫੂਡ ਕਮੇਟੀ ਵਲੋਂ ਆਰੰਭ ਵਿੱਚ ਚਾਹ ਪਕੌੜੇ ਅਤੇ ਬ੍ਰੇਕ ਸਮੇਂ ਲੰਚ ਦੀ ਸੇਵਾ ਬਾਖੂਬੀ ਨਿਭਾਈ ਗਈ। ਸੋ ਇਸ ਤਰ੍ਹਾਂ, ਖਚਾ ਖੱਚ ਭਰੇ ਹਾਲ ਵਿੱਚ, 5 ਇਕ ਘੰਟੇ ਚੱਲਿਆ ਇਹ ਪ੍ਰੋਗਰਾਮ, ਯਾਦਗਾਰੀ ਹੋ ਨਿੱਬੜਿਆ। ਵਧੇਰੇ ਜਾਣਕਾਰੀ ਲਈ- ਬਲਵਿੰਦਰ ਕੌਰ ਬਰਾੜ 403 590 9629 ਜਾਂ ਗੁਰਚਰਨ ਕੌਰ ਥਿੰਦ ਨਾਲ 403 402 9635 ਤੇ ਸੰਪਰਕ ਕੀਤਾ ਜਾ ਸਕਦਾ ਹੈ।

**ਰਿਪੋਰਟ : ਗੁਰਨਾਮ ਕੌਰ ਸਕੱਤਰ,**
**ਸੰਪਰਕ:** 825 735 4550

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜਥੇਦਾਰ ਦਾਦੂਵਾਲ ਦਾ ਆਰਥਿਕ ਤੌਰ ਤੇ ਤੰਗ ਸਿੱਖ ਪਰਿਵਾਰਾਂ ਨੂੰ ਮਦਦ ਕਰਨਾ ਅਤੇ ਲੋੜਵੰਦ ਸਿੱਖ ਨੌਜਵਾਨਾਂ ਨੂੰ ਰੁਜ਼ਗਾਰ ਦੇਣਾ ਵੀ

# ਕਿਸੇ ਗੁਨਾਹ ਦੀ ਤਰ੍ਹਾਂ ਪ੍ਰਚਾਰਿਆ ਜਾ ਰਿਹਾ ਹੈ

☛ ਜਦੋਂ ਹੱਥ ਨਾ ਪਹੁੰਚੇ ਤਾਂ ਥੂ ਕੌੜੀ , ਕਿਸੇ ਸ਼ਖਸੀਅਤ ਨੂੰ ਸਰਕਾਰੀ ਹੋਣ ਦਾ ਟੈਗ ਲਾਉਣਾ ਇਸ ਕਹਾਵਤ ਦੇ ਬਰਾਬਰ ☛ ਕਨੂੰਨ ਤੌਰ ਤੇ ਭਾਰਤ ਵਿੱਚ ਰਹਿਣ ਵਾਲਾ ਹਰੇਕ ਨਾਗਰਿਕ ਸਰਕਾਰ ਦਾ ਹਿੱਸਾ ☛ ਕੋਈ ਵੀ ਸੰਸਥਾ ਸਿੱਧੇ ਜਾਂ ਅਸਿੱਧੇ ਤੌਰ ਤੇ ਸਰਕਾਰ ਅਧੀਨ

**ਸਿਆਣੇ** ਕਹਿੰਦੇ ਨੇ ਜਦੋਂ ਕਿਸੇ ਸ਼ਖਸੀਅਤ ਦੀ ਚੜ੍ਹਦੀ ਕਲਾ ਬਰਦਾਸ਼ਤ ਨਾ ਹੋਵੇ ਨਾ , ਫਿਰ ਉਸ ਸ਼ਖਸੀਅਤ ਦਾ ਵਿਰੋਧ ਕਰਨ ਵਾਸਤੇ ਬਸ ਬਹਾਨਾ ਹੀ ਚਾਹੀਦਾ ਹੁੰਦਾ । ਜਦੋਂ ਮਾਨਸਿਕਤਾ ਦੇ ਵਿੱਚ ਵਿਰੋਧ ਦਾ ਲੇਵਲ ਉਸ ਹੱਦ ਤੱਕ ਹੋ ਜਾਵੇ ਕਿ ਕਿਸੇ ਸ਼ਖਸੀਅਤ ਦੇ ਕੀਤੇ ਪਰਉਪਕਾਰਾਂ ਨੂੰ ਵੀ ਕਿਸੇ ਵੱਡੇ ਘੁਟਾਲੇ ਦੀ ਤਰ੍ਹਾਂ ਪ੍ਰਚਾਰਿਆ ਜਾਂਦਾ ਹੈ । ਆਪਣੇ



ਆਵਾਜ਼ਿ ਕੌਮ AWAZE QAUM International Newspaper & WEB TV

ਕਾਰਜ ਕਾਲ ਦੌਰਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੀ ਸਿਫਾਰਸ਼ ਤੇ ਸੈਂਕੜੇ ਲੋੜਵੰਦ ਸਿੱਖ ਨੌਜਵਾਨਾਂ ਨੂੰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਵਿੱਚ ਰੋਜ਼ਗਾਰ ਦਿੱਤਾ ਗਿਆ । ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੀ ਸਿਫਾਰਸ਼ ਤੇ ਲੋੜਵੰਦ ਪਰਿਵਾਰਾਂ ਨੂੰ ਆਰਥਿਕ ਤੌਰ ਤੇ ਮਦਦ ਵੀ ਕੀਤੀ ਗਈ । ਜਿਨਾਂ ਦੋਵੇਂ ਪਰਉਪਕਾਰਾਂ ਦੇ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵੱਲੋਂ ਸਿਰਫ ਸਿਫਾਰਿਸ਼ ਕੀਤੀ ਗਈ । ਇਸ ਤੋਂ ਬਾਅਦ ਦਾ ਜੋ ਕੰਮ ਹੈ ਉਹ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਬੰਧ ਦਾ ਹੈ । ਪ੍ਰਬੰਧ ਨੂੰ ਚਲਾਉਣ ਦੇ ਆਪਣੇ ਨਿਯਮ ਕਾਨੂੰਨ ਤੇ ਤਰੀਕੇ ਵੀ ਹੁੰਦੇ ਹਨ । ਉਹਨਾਂ ਨਿਯਮ ਕਾਨੂੰਨ ਤਰੀਕਿਆਂ ਦੇ ਨਾਲ ਹੀ ਰੁਜ਼ਗਾਰ ਅਤੇ ਲੋੜਵੰਦ ਪਰਿਵਾਰਾਂ ਨੂੰ ਆਰਥਿਕ ਮਦਦ ਕੀਤੀ ਗਈ । ਪਰ ਵਿਰੋਧੀ ਧਿਰਾਂ ਨੂੰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵਲੋ ਪੰਥ ਭਲਾਈ ਲਈ ਕਿਤੇ ਕਾਰਜ ਵੀ ਕਿਸੇ ਵੱਡੇ ਘੁਟਾਲੇ ਦੀ ਤਰ੍ਹਾਂ ਜਾਪਦੇ ਨੇ ਕਿਉਂਕਿ ਮਾਨਸਿਕਤਾ ਦੇ ਵਿੱਚ ਵਿਰੋਧ ਅਭਾਸ ਦਾ ਬਾਸਾ ਹੋ ਚੁੱਕਿਆ ਹੈ ।

ਜਦੋਂ ਵਿਰੋਧੀ ਸਾਰੇ ਹੀਲੇ ਵਸੀਲੇ ਕਰਕੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੀ ਚੜ੍ਹਦੀ ਕਲਾ ਦਾ ਕੁਝ ਨਹੀਂ ਬਿਗਾੜ ਸਕੇ ਉਦੋਂ ਸੌਖਾ ਹੀ ਹੋ ਜਾਂਦਾ ਹੈ ਕਿ ਉਹਨਾ ਨੂੰ ਸਰਕਾਰੀ ਦਾ ਟੈਗ ਲਗਾ ਦਿਓ । ਪਰ ਕੌਮ ਨੂੰ ਇਹ ਗੱਲਾਂ ਵੀ ਸਮਝਣੀਆਂ ਪੈਣਗੀਆਂ ਕਿ ਕਿਸੇ ਮਾਤੜ ਦੀ ਮਦਦ ਉਹੀ ਕਰ ਸਕੇਗਾ ਜਿਸ ਦੀ ਆਪਣੀ ਕੋਈ ਥੋੜੀ ਬਹੁਤ ਜਾਣ ਪਹਿਚਾਣ ਹੋਵੇ । ਸਰਕਾਰੀ ਹੋਣ ਦਾ ਇਲਜ਼ਾਮ ਤਾਂ ਕਰਕੇ ਲਗਾਇਆ ਜਾਵੇ ਜੇ ਉਸ ਤਾਕਤ ਨੂੰ ਕੌਮ ਦੇ ਵਿਰੁੱਧ ਵਰਤਿਆ ਹੋਵੇ ।

ਭਾਰਤ ਵਿੱਚ ਰਹਿੰਦਾ ਹਰੇਕ ਨਾਗਰਿਕ ਅਤੇ ਹਰੇਕ ਅਦਾਰਾ ਸਿੱਧੇ ਅਸਿੱਧੇ ਤੌਰ ਤੇ ਸਰਕਾਰ ਨਾਲ ਜੁੜਿਆ ਹੋਇਆ ਹੈ ਨੰਵ ਜੰਮੇ ਬੱਚੇ ਦੇ ਜਨਮ ਸਰਟੀਫਿਕੇਟ ਤੋਂ ਲੈ ਕੇ 18 ਸਾਲ ਦੇ ਨਾਗਰਿਕ ਦੇ ਵੋਟਰ ਕਾਰਡ ਬਣਨ ਤੱਕ ਦਾ ਪ੍ਰੋਸੈਸ ਸਾਰਾ ਸਰਕਾਰ ਦੇ ਅਧੀਨ ਹੈ । ਜੇ ਕੋਈ ਅਦਾਰਾ ਵੋਟਤੰਤਰ ਰਾਹੀਂ ਚੱਲ ਰਿਹਾ ਹੈ ਤਾਂ ਉਹ ਵੀ ਸਰਕਾਰ ਨੇ ਕਰਾਉਣੀਆਂ ਨੇ । ਜੇ ਕੋਈ ਟ੍ਰਸਟ ਚਲਾਉਂਦਾ ਹੈ ਤਾਂ ਉਹ ਵੀ ਸਰਕਾਰ ਕੋਲ ਰਜਿਸਟਰਡ ਹੈ । ਤੁਸੀਂ ਸਿੱਧੇ ਤੌਰ ਤੇ ਮੰਨ ਕੇ ਚਲੋ ਕਿਸੇ ਵੀ ਦੇਸ਼ ਚ ਰਹਿਣ ਵਾਲਾ ਕੋਈ ਵੀ ਨਾਗਰਿਕ ਉਸ ਦੇਸ਼ ਦੇ ਸਰਕਾਰੀ ਸਿਸਟਮ ਦਾ ਹਿੱਸਾ ਹੀ ਹੁੰਦਾ ਹੈ ।

**ਰਿਪੋਰਟ : ਆਵਾਜ਼ਿ ਕੌਮ ਬਿਊਰੋ**

ਐਸ.ਡੀ.ਐਮ. ਧੂਰੀ ਰਿਸ਼ਭ ਬਾਂਸਲ ਵੱਲੋਂ ਸ਼ਹਿਰ ਦੇ ਸਫ਼ਾਈ ਪ੍ਰਬੰਧਾਂ ਦਾ ਮੌਕੇ 'ਤੇ ਜਾ ਕੇ ਜਾਇਜ਼ਾ

# ਧੂਰੀ ਸ਼ਹਿਰ ਦੇ ਬੱਸ ਅੱਡੇ ਅਤੇ ਜਨਤਕ ਪਖਾਨਿਆਂ ਦੀ ਕੀਤੀ ਜਾਂਚ

**ਧੂਰੀ (ਰਣਜੀਤ ਸਿੰਘ ਪੇਧਨੀ)** -ਉਪ ਮੰਡਲ ਮੈਜਿਸਟਰੇਟ ਧੂਰੀ ਰਿਸ਼ਭ ਬਾਂਸਲ ਵੱਲੋਂ ਅੱਜ ਧੂਰੀ ਸ਼ਹਿਰ ਵਿੱਚ ਸਫ਼ਾਈ ਪ੍ਰਬੰਧਾਂ ਦਾ ਮੌਕੇ 'ਤੇ ਜਾ ਕੇ ਜਾਇਜ਼ਾ ਲਿਆ ਗਿਆ। ਇਸ ਦੌਰਾਨ ਉਨ੍ਹਾਂ ਬੱਸ ਅੱਡੇ ਸਮੇਤ ਵੱਖ-ਵੱਖ ਜਨਤਕ ਪਖਾਨਿਆਂ ਦੀ ਜਾਂਚ ਕੀਤੀ ਅਤੇ ਸੰਬੰਧਿਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਐਸ.ਡੀ.ਐਮ. ਨੇ ਹਦਾਇਤ



ਆਵਾਜ਼ਿ ਕੌਮ AWAZE QAUM International Newspaper & WEB TV

ਕੀਤੀ ਕਿ ਜਨਤਕ ਪਖਾਨਿਆਂ ਦੀ ਸਫ਼ਾਈ ਅਤੇ ਰੱਖ-ਰਖਾਅ ਨੂੰ ਯਕੀਨੀ ਬਣਾਇਆ ਜਾਵੇ ਅਤੇ ਸ਼ਹਿਰ ਨੂੰ ਸਾਫ਼ ਸੁਥਰਾ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਕੂੜਾ ਡੰਪ ਜਾਂ ਅਣ ਅਧਿਕਾਰਤ ਥਾਵਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਲਗਵਾ ਕੇ ਨਿਗਰਾਨੀ ਕੀਤੀ ਜਾਵੇਗੀ ਤਾਂ ਜੋ ਗ਼ਲਤ ਤਰੀਕੇ ਨਾਲ ਕੂੜਾ ਸੁੱਟਣ ਵਾਲਿਆਂ ਦੀ ਪਹਿਚਾਣ ਕੀਤੀ ਜਾ ਸਕੇ। ਰਿਸ਼ਭ ਬਾਂਸਲ ਨੇ ਸਪਸ਼ਟ ਕੀਤਾ ਕਿ ਅਣ ਅਧਿਕਾਰਤ ਥਾਵਾਂ 'ਤੇ ਕੂੜਾ ਸੁੱਟਣ ਵਾਲਿਆਂ ਦੇ ਚਲਾਨ ਕੱਟੇ ਜਾਣਗੇ ਅਤੇ ਇਨ੍ਹਾਂ ਥਾਵਾਂ 'ਤੇ ਚੇਤਾਵਨੀ ਬੋਰਡ ਵੀ ਲਗਾਏ ਜਾਣਗੇ, ਤਾਂ ਜੋ ਲੋਕਾਂ ਨੂੰ ਜਾਗਰੂਕ ਕੀਤਾ ਜਾ ਸਕੇ। ਇਸ ਮੌਕੇ ਐਸ.ਡੀ.ਐਮ. ਧੂਰੀ ਰਿਸ਼ਭ ਬਾਂਸਲ ਅਤੇ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਧੂਰੀ ਗੁਰਵਿੰਦਰ ਸਿੰਘ ਨੇ ਧੂਰੀ ਵਾਸੀਆਂ ਨੂੰ ਅਪੀਲ ਕੀਤੀ ਕਿ ਆਪਣੇ ਘਰਾਂ ਅਤੇ ਦੁਕਾਨਾਂ ਵਿੱਚ ਗਿੱਲਾ ਅਤੇ ਸੁੱਕਾ ਕੂੜਾ ਵੱਖ-ਵੱਖ ਇਕੱਠਾ ਕਰਨ ਲਈ ਡਸਟਬੀਨ ਲਗਾਏ ਜਾਣ। ਨਗਰ ਕੌਂਸਲ ਦੇ ਵਾਹਨਾਂ ਵਿੱਚ ਕੂੜਾ ਪਾਉਂਦੇ ਸਮੇਂ ਗਿੱਲਾ ਅਤੇ ਸੁੱਕਾ ਕੂੜਾ ਅਲੱਗ-ਅਲੱਗ ਦਿੱਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਸ਼ਹਿਰ ਅੰਦਰ ਕਿਸੇ ਵੀ ਖ਼ਾਲੀ ਪਲਾਟ, ਖ਼ਾਲੀ ਥਾਂ ਜਾਂ ਸੜਕਾਂ ਦੇ ਆਲ਼ੇ-ਦੁਆਲੇ ਕੂੜਾ ਨਾ ਸੁੱਟਿਆ ਜਾਵੇ ਅਤੇ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣ ਲਈ ਨਗਰ ਕੌਂਸਲ ਦਾ ਸਹਿਯੋਗ ਕੀਤਾ ਜਾਵੇ। ਜੇਕਰ ਕੂੜੇ ਸਬੰਧੀ ਕੋਈ ਵੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਤੁਰੰਤ ਨਗਰ ਕੌਂਸਲ ਨਾਲ ਸੰਪਰਕ ਕੀਤਾ ਜਾਵੇ।

# ਦਿੱਲੀ ਕਮੇਟੀ ਪ੍ਰਬੰਧਕਾਂ ਵਲੋਂ ਗੁਰਦੁਆਰਾ ਬੰਗਲਾ ਸਾਹਿਬ ਪੁੱਜੇ ਫਰਾਂਸੀਸੀ ਰਾਸ਼ਟਰਪਤੀ ਅੱਗੇ ਦਸਤਾਰ ਦਾ ਮੁੱਦਾ ਚੁਕਿਆ ਗਿਆ ਜਾ ਨਹੀਂ ਸਪਸ਼ਟ ਕੀਤਾ ਜਾਏ : ਸਰਨਾ

ਨਵੀਂ ਦਿੱਲੀ, 19 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਫਰਾਂਸ ਦੇ ਰਾਸ਼ਟਰਪਤੀ ਦੇ ਗੁਰਦੁਆਰਾ ਬੰਗਲਾ ਸਾਹਿਬ ਦੇ ਦੌਰੇ ਦਾ ਸਵਾਗਤ ਕਰਦੇ ਹੋਏ ਫਰਾਂਸ ਦੇ ਸਰਕਾਰੀ ਸਕੂਲਾਂ ਵਿੱਚ ਸਿੱਖ ਦਸਤਾਰ 'ਤੇ ਲਗਾਤਾਰ ਪਾਬੰਦੀਆਂ ਵੱਲ ਧਿਆਨ ਦਿਵਾਉਂਦੇ ਹੋਏ, ਦਿੱਲੀ ਅਕਾਲੀ ਮੁਖੀ ਪਰਮਜੀਤ ਸਿੰਘ ਸਰਨਾ ਨੇ ਸਵਾਲ ਕੀਤਾ ਹੈ ਕਿ ਕੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਬੰਧਕਾਂ ਨੇ ਇਸ ਮੌਕੇ ਨੂੰ ਦਸਤਾਰ ਦੇ ਅਤਿ ਗੰਭੀਰ ਮੁੱਦੇ 'ਤੇ ਕਿਸੇ ਸਾਰਥਕ ਵਕਾਲਤ ਲਈ ਵਰਤਿਆ ਜਾਂ ਨਹੀਂ । ਸਰਨਾ ਨੇ ਫਰਾਂਸ ਦੇ 2004 ਦੇ ਕਾਨੂੰਨ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਜੋ ਰਾਜ ਦੇ ਸਕੂਲਾਂ ਵਿੱਚ ਸਪੱਸ਼ਟ ਧਾਰਮਿਕ ਚਿੰਨ੍ਹਾਂ 'ਤੇ ਪਾਬੰਦੀ ਲਗਾਉਂਦਾ ਹੈ ਅਤੇ ਸਿੱਖ ਵਿਦਿਆਰਥੀਆਂ ਨੂੰ ਦਸਤਾਰ ਪਹਿਨਣ 'ਤੇ ਪ੍ਰਭਾਵ ਪਾਉਂਦਾ ਹੈ, ਕੀ ਡੀਐਸਜੀਐਮਸੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਉਨ੍ਹਾਂ ਦੇ ਅਹੁਦੇਦਾਰਾਂ ਨੇ ਉੱਚ-ਪ੍ਰੋਫਾਈਲ ਫੇਰੀ ਦੌਰਾਨ ਰਸਮੀ ਤੌਰ 'ਤੇ ਇਹ ਮਾਮਲਾ ਉਠਾਇਆ ਸੀ । ਉਨ੍ਹਾਂ ਪੁੱਛਿਆ ਡੀਐਸਜੀਐਮਸੀ ਪ੍ਰਧਾਨ ਅਤੇ ਉਨ੍ਹਾਂ ਦੀ ਟੀਮ ਨੇ ਇਸ ਪਲ ਦੀ ਵਰਤੋਂ ਫਰਾਂਸ ਦੇ ਸਰਕਾਰੀ ਸਕੂਲਾਂ ਵਿੱਚ ਦਸਤਾਰ ਸੰਬੰਧੀ ਸਿੱਖ ਭਾਈਚਾਰੇ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਚਿੰਤਾਵਾਂ ਨੂੰ ਪੇਸ਼ ਕਰਨ ਲਈ ਕੀਤੀ,



ਆਵਾਜ਼ਿ ਕੌਮ AWAZE QAUM International Newspaper & WEB TV

ਜਾਂ ਇਸਨੂੰ ਇੱਕ ਰਸਮੀ ਫੋਟੋ ਦੇ ਮੌਕੇ ਤੱਕ ਸੀਮਤ ਕਰ ਦਿੱਤਾ ਗਿਆ ਸੀ। ਉਨ੍ਹਾਂ ਨੇ ਅੱਗੇ ਸਪੱਸ਼ਟਤਾ ਮੰਗੀ ਕਿ ਕੀ ਅੰਤਰਰਾਸ਼ਟਰੀ ਮਨੁੱਖੀ ਅਧਿਕਾਰਾਂ ਦੇ ਇਕਰਾਰਨਾਮਿਆਂ ਦਾ ਹਵਾਲਾ ਦਿੰਦੇ ਹੋਏ ਕੋਈ ਪ੍ਰਤੀਨਿਧਤਾ ਕੀਤੀ ਗਈ ਸੀ ਜੋ ਧਰਮ ਅਤੇ ਵਿਸ਼ਵਾਸ ਦੀ ਆਜ਼ਾਦੀ ਦੀ ਰੱਖਿਆ ਕਰਦੇ ਹਨ, ਜਿਸ ਵਿੱਚ ਪਛਾਣ ਦੇ ਲੇਖਾਂ ਰਾਹੀਂ ਵਿਸ਼ਵਾਸ ਪ੍ਰਗਟ ਕਰਨ ਦਾ ਅਧਿਕਾਰ ਵੀ ਸ਼ਾਮਲ ਹੈ। ਜੇਕਰ ਅਜਿਹੀ ਕੋਈ ਸ਼ਮੂਲੀਅਤ ਹੋਈ ਹੈ, ਤਾਂ ਭਾਈਚਾਰੇ ਨੂੰ ਇਹ ਜਾਣਨ ਦਾ ਅਧਿਕਾਰ ਹੈ ਕਿ ਦੌਰੇ 'ਤੇ ਆਏ ਵਫ਼ਦ ਦੇ ਸਾਹਮਣੇ ਕਿਹੜੇ ਖਾਸ ਅੰਤਰਰਾਸ਼ਟਰੀ ਕਾਨੂੰਨੀ ਢਾਂਚੇ ਜਾਂ ਇਕਰਾਰਨਾਮਿਆਂ ਦਾ ਹਵਾਲਾ ਦਿੱਤਾ ਗਿਆ ਸੀ। ਪੰਥਕ ਆਗੂ ਨੇ ਕਿਹਾ ਕਿ ਇਸ ਤਰ੍ਹਾਂ ਦੇ ਦੌਰੇ ਕੂਟਨੀਤਕ ਭਾਰ ਰੱਖਦੇ ਹਨ ਅਤੇ ਵਿਸ਼ਵ ਪੱਧਰ 'ਤੇ ਸਿੱਖਾਂ ਨੂੰ ਪ੍ਰਭਾਵਿਤ ਕਰਨ ਵਾਲੇ ਮਾਮਲਿਆਂ 'ਤੇ ਸੰਸਥਾਗਤ ਵਕਾਲਤ ਦੇ ਮੌਕੇ ਪ੍ਰਦਾਨ ਕਰਦੇ ਹਨ, ਜਿਸ ਵਿੱਚ ਯੂਰਪ ਵਿੱਚ ਜਨਤਕ ਸੰਸਥਾਵਾਂ ਵਿੱਚ ਵਿਸ਼ਵਾਸ ਦੇ ਧਾਰਮਿਕ ਲੇਖਾਂ 'ਤੇ ਪਾਬੰਦੀਆਂ ਸ਼ਾਮਲ ਹਨ। ਸਰਨਾ ਨੇ ਡੀਐਸਜੀਐਮਸੀ ਲੀਡਰਸ਼ਿਪ ਨੂੰ ਇਸ ਮੁੱਦੇ 'ਤੇ ਦੌਰੇ 'ਤੇ ਆਏ ਵਫ਼ਦ ਨਾਲ ਹੋਈ ਕਿਸੇ ਵੀ ਚਰਚਾ ਦੀ ਪ੍ਰਕਿਰਤੀ ਨੂੰ ਰਿਕਾਰਡ 'ਤੇ ਰੱਖਣ ਲਈ ਕਿਹਾ ਹੈ।

# ਅਮਰੀਕੀ ਸਬਸਿਡੀਆਂ ਨੇ ਕਿਸਾਨੀ ਅਤੇ ਐੱਸ.ਐੱਸ. ਬੋਰਡ ਦੀਆਂ ਨੀਤੀਆਂ ਨੇ ਪੰਜਾਬ ਦੀ ਜਵਾਨੀ ਰੋਲੀ: ਕਰਨੈਲ ਸਿੰਘ ਪੀਰ ਮੁਹੰਮਦ

## ਪੰਜਾਬ ਦੀਆਂ ਸਰਕਾਰੀ ਨੌਕਰੀਆਂ 'ਤੇ ਪਹਿਲਾ ਹੱਕ ਪੰਜਾਬੀਆਂ ਦਾ ਹੋਵੇ; ਵਿਦੇਸ਼ੀ ਮਾਡਲ ਦੀ ਬਜਾਏ ਦੇਸੀ ਕਿਸਾਨੀ ਨੂੰ ਬਚਾਵੇ ਸਰਕਾਰ

**ਚੰਡੀਗੜ੍ਹ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਅੱਜ ਮੀਡੀਆ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਮੌਜੂਦਾ ਹਾਲਾਤ 'ਤੇ ਡੂੰਘੀ ਚਿੰਤਾ ਪ੍ਰਗਟਾਈ। ਉਨ੍ਹਾਂ ਨੇ ਕੇਂਦਰ ਅਤੇ ਰਾਜ ਸਰਕਾਰ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਅੱਜ ਪੰਜਾਬ ਦਾ ਕਿਸਾਨ ਅਤੇ ਨੌਜਵਾਨ ਦੋਵੇਂ ਹੀ ਹਾਸ਼ੀਏ 'ਤੇ ਧੱਕ ਦਿੱਤੇ ਗਏ ਹਨ।



**ਵਿਦੇਸ਼ੀ ਖੇਤੀ ਨੀਤੀਆਂ ਦਾ ਹਮਲਾ** : ਪੀਰ ਮੁਹੰਮਦ ਨੇ ਕਿਹਾ ਕਿ ਅਮਰੀਕਾ ਵਰਗੇ ਵਿਕਸਿਤ ਦੇਸ਼ ਆਪਣੇ ਕਿਸਾਨਾਂ ਨੂੰ ਅਰਬਾਂ ਡਾਲਰ ਦੀ ਸਬਸਿਡੀ ਦੇ ਕੇ ਭਾਰਤੀ ਮੰਡੀਆਂ ਵਿੱਚ ਸਸਤਾ ਮਾਲ ਸੁੱਟ ਰਹੇ ਹਨ। ਉਨ੍ਹਾਂ ਚੇਤਾਵਨੀ ਦਿੱਤੀ ਕਿ:

ਜੇਕਰ ਅਮਰੀਕੀ ਪੈਦਾਵਾਰ ਬਿਨਾਂ ਕਿਸੇ ਰੋਕ-ਟੋਕ ਦੇ ਭਾਰਤੀ ਮੰਡੀਆਂ ਵਿੱਚ ਆ ਗਈ, ਤਾਂ ਪੰਜਾਬ ਦਾ ਕਿਸਾਨ ਪੂਰੀ ਤਰ੍ਹਾਂ ਰੁਲ਼ ਜਾਵੇਗਾ।" ਉਨ੍ਹਾਂ ਮੰਗ ਕੀਤੀ ਕਿ ਸਰਕਾਰ ਬਾਹਰਲੇ ਮੁਲਕਾਂ ਤੋਂ ਆਉਣ ਵਾਲੀ ਫ਼ਸਲ 'ਤੇ ਭਾਰੀ ਆਯਾਤ ਡਿਊਟੀ ਲਗਾਵੇ ਤਾਂ ਜੋ ਸਥਾਨਕ ਕਿਸਾਨ ਦੀ ਹੋਂਦ ਬਚ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

**ਐੱਸ.ਐੱਸ. ਬੋਰਡ ਦੀ ਕਾਰਜਪ੍ਰਣਾਲੀ 'ਤੇ ਸਵਾਲ** : ਪੰਜਾਬ ਦੇ ਰੁਜ਼ਗਾਰ ਮੁੱਦੇ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਇੱਕ ਪਾਸੇ ਖੇਤੀ ਘਾਟੇ ਦਾ ਸੌਦਾ ਬਣ ਰਹੀ ਹੈ ਅਤੇ ਦੂਜੇ ਪਾਸੇ ਸਰਕਾਰੀ ਭਰਤੀਆਂ ਵਿੱਚ ਪੰਜਾਬੀ ਨੌਜਵਾਨਾਂ ਨਾਲ ਧੱਕਾ ਹੋ ਰਿਹਾ ਹੈ।

**ਰਾਖਵਾਂਕਰਨ ਦੀ ਮੰਗ**: ਉਨ੍ਹਾਂ ਕਿਹਾ ਕਿ ਐੱਸ.ਐੱਸ. ਬੋਰਡ ਰਾਹੀਂ ਹੋਣ ਵਾਲੀ ਹਰ ਭਰਤੀ ਵਿੱਚ 80 ਤੋਂ 90 ਫ਼ੀਸਦੀ ਕੋਟਾ ਸਿਰਫ਼ ਪੰਜਾਬ ਦੇ ਪੱਕੇ ਵਸਨੀਕਾਂ ਲਈ ਹੋਣਾ ਚਾਹੀਦਾ ਹੈ।

**ਭਾਸ਼ਾ ਦੀ ਸ਼ਰਤ**: ਪ੍ਰੀਖਿਆਵਾਂ ਵਿੱਚ ਪੰਜਾਬੀ ਭਾਸ਼ਾ ਨੂੰ ਪਹਿਲੀ ਤਰਜੀਹ ਦਿੱਤੀ ਜਾਵੇ ਤਾਂ ਜੋ ਬਾਹਰਲੇ ਰਾਜਾਂ ਦੇ ਉਮੀਦਵਾਰ ਸਾਡੇ ਨੌਜਵਾਨਾਂ ਦਾ ਹੱਕ ਨਾ ਮਾਰ ਸਕਣ।

**ਨੌਜਵਾਨਾਂ ਦੀ ਹਿਜਰਤ ਅਤੇ ਸਰਕਾਰ ਦੀ ਜ਼ਿੰਮੇਵਾਰੀ**-ਉਨ੍ਹਾਂ ਅੱਗੇ ਕਿਹਾ ਕਿ ਜੇਕਰ ਪੰਜਾਬ ਦੀਆਂ ਨੌਕਰੀਆਂ ਪੰਜਾਬੀਆਂ ਨੂੰ ਨਾ ਮਿਲੀਆਂ, ਤਾਂ ਨੌਜਵਾਨ ਮਜਬੂਰਨ ਆਪਣੀਆਂ ਜ਼ਮੀਨਾਂ ਵੇਚ ਕੇ ਵਿਦੇਸ਼ਾਂ ਵੱਲ ਪਲਾਇਨ ਕਰਨਗੇ। ਇਹ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਸਭ ਤੋਂ ਵੱਡਾ ਖ਼ਤਰਾ ਹੈ।

ਅੰਤਿਮ ਮੰਗਾਂ: ਐਮ ਐਸ ਪੀ ਦੀ ਕਾਨੂੰਨੀ ਗਾਰੰਟੀ: ਤਾਂ ਜੋ ਵਿਦੇਸ਼ੀ ਸਬਸਿਡੀ ਵਾਲੇ ਮਾਲ ਦਾ ਮੁਕਾਬਲਾ ਕੀਤਾ ਜਾ ਸਕੇ। ਪਾਰਦਰਸ਼ੀ ਭਰਤੀ: ਐੱਸ.ਐੱਸ. ਬੋਰਡ ਭਰਤੀ ਪ੍ਰਕਿਰਿਆ ਨੂੰ ਤੁਰੰਤ ਸੁਧਾਰੇ ਅਤੇ ਪੰਜਾਬੀ ਨੌਜਵਾਨਾਂ ਨੂੰ ਨੌਕਰੀਆਂ ਦੇਵੇ। ਨਸ਼ਾ ਮੁਕਤ ਪੰਜਾਬ: ਨੌਜਵਾਨਾਂ ਨੂੰ ਖੇਡਾਂ ਅਤੇ ਰੁਜ਼ਗਾਰ ਨਾਲ ਜੋੜ ਕੇ ਨਸ਼ਿਆਂ ਦੇ ਦਰਿਆ ਨੂੰ ਠੱਲ੍ਹ ਪਾਈ ਜਾਵੇ।

# ਬਿਹਾਰ ਸਰਕਾਰ ਸਿੱਖਾਂ ਨੂੰ ਮੰਨਦੀ ਹੈ ਘੱਟਗਿਣਤੀ, ਪਰ ਇਸ ਸੰਬੰਧੀ ਕੋਈ ਸਰਟੀਫਿਕੇਟ ਕਿਉਂ ਨਹੀਂ ਜਾਰੀ ਨਹੀਂ ਕੀਤਾ ਜਾ ਰਿਹਾ: ਲਖਵਿੰਦਰ ਸਿੰਘ

ਨਵੀਂ ਦਿੱਲੀ, 19 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਬਿਹਾਰ ਘੱਟਗਿਣਤੀ ਕਮਿਸ਼ਨ ਦੇ ਵਾਈਸ ਚੇਅਰਮੈਨ ਲਖਵਿੰਦਰ ਸਿੰਘ ਲੱਖਾ ਨੇ ਕਿਹਾ ਕਿ ਬਿਹਾਰ ਸਰਕਾਰ ਸਿੱਖਾਂ ਨੂੰ ਘੱਟਗਿਣਤੀ ਤਾਂ ਮੰਨਦੀ ਹੈ, ਪਰ ਅਜੇ ਤੱਕ ਇਸ ਸੰਬੰਧੀ ਕੋਈ ਸਰਟੀਫਿਕੇਟ ਜਾਰੀ ਨਹੀਂ ਕੀਤਾ ਜਾ ਰਿਹਾ। ਇਸ ਕਾਰਨ ਸਿੱਖ ਭਾਈਚਾਰੇ ਦੇ ਲੋਕ ਕੇਂਦਰ ਅਤੇ ਰਾਜ ਸਰਕਾਰ ਦੀਆਂ ਘੱਟਗਿਣਤੀਆਂ ਲਈ ਚਲ ਰਹੀਆਂ ਯੋਜਨਾਵਾਂ ਦਾ ਲਾਭ ਲੈਣ ਤੋਂ ਵਾਂਝੇ ਰਹਿ ਜਾਂਦੇ ਹਨ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੇ 27 ਜਨਵਰੀ 2014 ਨੂੰ ਸਿੱਖ ਭਾਈਚਾਰੇ ਨੂੰ ਘੱਟਗਿਣਤੀ ਦਰਜਾ ਦਿੰਦਿਆਂ ਇੱਕ ਗਜ਼ਟ ਜਾਰੀ ਕੀਤਾ ਸੀ। ਹੋਰ ਰਾਜਾਂ ਦੀ ਤਰ੍ਹਾਂ ਬਿਹਾਰ ਨੇ ਵੀ ਸਿੱਖਾਂ ਨੂੰ ਘੱਟਗਿਣਤੀ ਮੰਨਿਆ ਹੈ, ਪਰ ਬਿਹਾਰ ਵਿੱਚ ਸਿੱਖ ਭਾਈਚਾਰੇ ਦੇ ਲੋਕਾਂ ਨੂੰ ਘੱਟਗਿਣਤੀ ਹੋਣ ਦਾ ਕੋਈ ਪ੍ਰਮਾਣ ਪੱਤਰ ਜਾਰੀ ਨਹੀਂ ਕੀਤਾ ਜਾ ਰਿਹਾ। ਇਸ ਕਰਕੇ ਬਿਹਾਰ ਦੇ ਸਿੱਖ ਕੇਂਦਰ ਅਤੇ ਰਾਜ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਅਲਪਸੰਖਿਆਕ ਕਲਿਆਣ ਯੋਜਨਾਵਾਂ ਦਾ ਲਾਭ ਨਹੀਂ ਲੈ ਸਕਦੇ। ਇਸ ਮਾਮਲੇ ਨੂੰ ਲੈ ਕੇ ਕਈ ਸਾਲਾਂ ਤੋਂ ਤਖਤ ਪਟਨਾ ਸਾਹਿਬ ਦੀ ਸਮੂਹ ਕਮੇਟੀ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਕਿ ਸਿੱਖਾਂ ਨੂੰ ਅਲਪਸੰਖਿਆਕ ਸਰਟੀਫਿਕੇਟ ਜਾਰੀ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਹੋਰ ਕਈ ਸਿੱਖ ਸੰਗਠਨਾਂ ਵੱਲੋਂ ਵੀ ਇਸ ਮੁਹਿੰਮ ਵਿੱਚ ਸਹਿਯੋਗ ਦਿੱਤਾ ਜਾ ਰਿਹਾ ਹੈ। ਲਖਵਿੰਦਰ ਸਿੰਘ ਨੇ ਕਿਹਾ ਕਿ ਬੀਤੇ ਕੱਲ੍ਹ ਪਟਨਾ ਸਾਹਿਬ ਦੇ ਮਾਨਯੋਗ ਵਿਧਾਇਕ ਰਤਨੇਸ਼ ਕੁਸ਼ਵਾਹਾ ਨੇ ਬਿਹਾਰ ਵਿਧਾਨ ਸਭਾ ਵਿੱਚ ਧਿਆਨਾਕਰਸ਼ਣ ਸੂਚਨਾ ਰਾਹੀਂ ਸਿੱਖ ਭਾਈਚਾਰੇ ਦੀ ਇਸ ਗੰਭੀਰ ਸਮੱਸਿਆ ਨੂੰ ਉਠਾਇਆ। ਇਸ 'ਤੇ ਬਿਹਾਰ ਸਰਕਾਰ ਦੇ ਮੰਤਰੀ ਵਿਜੈ ਚੌਧਰੀ ਨੇ ਜਵਾਬ ਦਿੰਦਿਆਂ ਕਿਹਾ ਕਿ ਸਰਕਾਰ ਸਿੱਖ ਭਾਈਚਾਰੇ ਨੂੰ ਅਲਪਸੰਖਿਆਕ ਮੰਨਦੀ ਹੈ, ਪਰ ਧਰਮ ਦੇ ਆਧਾਰ 'ਤੇ ਅਲਪਸੰਖਿਆਕ ਪ੍ਰਮਾਣ ਪੱਤਰ ਜਾਰੀ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਬਿਹਾਰ ਸਰਕਾਰ ਦੀ ਸੰਵੇਦਨਾ ਅਤੇ ਸਹਾਨਭੂਤੀ ਹਮੇਸ਼ਾਂ ਸਿੱਖ ਭਾਈਚਾਰੇ ਨਾਲ ਰਹੀ ਹੈ ਅਤੇ ਸਰਕਾਰ ਹਰ ਸੰਭਵ ਕੋਸ਼ਿਸ਼ ਕਰੇਗੀ ਕਿ ਸਿੱਖਾਂ ਨੂੰ ਅਲਪਸੰਖਿਆਕ ਦਰਜੇ ਨਾਲ ਸੰਬੰਧਿਤ ਸਾਰੇ ਲਾਭ ਮਿਲਣ।



ਆਵਾਜ਼ਿ ਕੌਮ AWAZE QAUM International Newspaper & WEB TV

ਲਖਵਿੰਦਰ ਸਿੰਘ ਨੇ ਕਿਹਾ ਕਿ ਮੰਤਰੀ ਦੇ ਇਸ ਭਰੋਸੇ ਤੋਂ ਬਾਅਦ ਬਿਹਾਰ ਦੇ ਸਿੱਖ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਉਨ੍ਹਾਂ ਆਪਣੀ ਓਰੋਂ ਅਤੇ ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਸਹਿਯੋਗੀ ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ, ਸਕੱਤਰ ਹਰਬੰਸ ਸਿੰਘ, ਉਪ ਪ੍ਰਧਾਨ ਗੁਰਵਿੰਦਰ ਸਿੰਘ, ਸੂਰਜ ਸਿੰਘ ਨਲਵਾ ਅਤੇ ਹੋਰ ਮੈਂਬਰਾਂ ਦੀ ਓਰੋਂ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਅਤੇ ਉਨ੍ਹਾਂ ਦੀ ਕੈਬਿਨੇਟ ਦਾ ਧੰਨਵਾਦ ਕੀਤਾ।

ਉਨ੍ਹਾਂ ਪਟਨਾ ਸਾਹਿਬ ਵਿਧਾਨ ਸਭਾ ਖੇਤਰ ਦੇ ਵਿਧਾਇਕ ਰਤਨੇਸ਼ ਕੁਸ਼ਵਾਹਾ ਦਾ ਵੀ ਵਿਸ਼ੇਸ਼ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਲੰਬੇ ਸਮੇਂ ਬਾਅਦ ਸਿੱਖਾਂ ਦੀ ਇਸ ਸਮੱਸਿਆ ਨੂੰ ਸਦਨ ਵਿੱਚ ਉਠਾਇਆ ਅਤੇ ਸਰਕਾਰ ਤੱਕ ਸਿੱਖਾਂ ਦੀ ਗੱਲ ਪਹੁੰਚਾਈ। ਨਾਲ ਹੀ ਉਨ੍ਹਾਂ ਕਿਹਾ ਕਿ ਹੁਣ ਉਮੀਦ ਕੀਤੀ ਜਾ ਰਹੀ ਹੈ ਕਿ ਸਰਕਾਰ ਜਲਦ ਹੀ ਅਲਪਸੰਖਿਆਕ ਪ੍ਰਮਾਣ ਪੱਤਰ ਸਬੰਧੀ ਨੀਤੀਗਤ ਫੈਸਲਾ ਲੈ ਕੇ ਇਸ ਸਮੱਸਿਆ ਦਾ ਹੱਲ ਕਰੇਗੀ, ਤਾਂ ਜੋ ਸਿੱਖ ਭਾਈਚਾਰੇ ਅਤੇ ਵਿਦਿਆਰਥੀਆਂ ਨੂੰ ਇਸ ਦਾ ਸਿੱਧਾ ਲਾਭ ਮਿਲ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਯੂਨੀਵਰਸਿਟੀ ਵਿੱਚ ਨਵੀਂ ਜਥੇਬੰਦੀ ਦੀ ਸਥਾਪਨਾ

# ਨਵੀਂ ਜਥੇਬੰਦੀ ਦਾ ਨਾਂ "ਸਾਖੀ" ਰੱਖਿਆ ਗਿਆ









**ਕਰਮਜੀਤ ਸਿੰਘ ਚੰਡੀਗੜ੍ਹ ਸੀਨੀਅਰ ਪੱਤਰਕਾਰ**

ਬੀਤੇ ਦਿਨ ਪੰਜਾਬ ਯੂਨੀਵਰਸਿਟੀ ਵਿੱਚ "ਸਾਖੀ" ਨਾਂ ਦੀ ਇੱਕ ਨਿਵੇਕਲੀ ਤੇ ਵਿਲੱਖਣ ਕਿਸਮ ਦੀ ਜਥੇਬੰਦੀ ਦਾ ਐਲਾਨ ਕੀਤਾ ਗਿਆ। ਦੋ ਨਿਸ਼ਾਨਿਆਂ ਨੂੰ ਲੈ ਕੇ ਇਸ ਜਥੇਬੰਦੀ ਦੀ ਸਥਾਪਨਾ ਕੀਤੀ ਗਈ ਹੈ ਜਿਸ ਵਿੱਚ ਇੱਕ ਪਾਸੇ ਪੰਜਾਬ ਦੇ ਅਤੇ ਵਿਸ਼ੇਸ਼ ਕਰਕੇ ਸਿੱਖ ਮਸਲਿਆਂ ਬਾਰੇ ਅਕਾਦਮਿਕ ਪੱਧਰ ਤੇ ਵਿਦਿਆਰਥੀਆਂ ਨੂੰ ਕੌਮੀ ਅਤੇ ਅੰਤਰਰਾਸ਼ਟਰੀ ਲੈਵਲ ਤੇ ਜਾਗਰਤ ਕਰਨਾ ਹੈ ਅਤੇ ਨਾਲ ਹੀ ਅਮਲੀ ਰੂਪ ਵਿੱਚ ਬੌਧਿਕ ਜਜ਼ਿਬਆਂ ਨਾਲ ਵੀ ਵਿਦਿਆਰਥੀਆਂ ਨੂੰ ਲੈਸ ਕਰਨਾ ਹੈ ਤਾਂ ਜੋ ਰਾਜਨੀਤਿਕ ਚੇਤਨਾ, ਸੱਭਿਆਚਾਰਕ ਚੇਤਨਾ ਅਤੇ ਧਾਰਮਿਕ ਚੇਤਨਾ ਦੇ ਘੇਰੇ, ਪੱਧਰ ਅਤੇ ਪ੍ਰਭਾਵ ਨੂੰ ਜਨਤਕ ਪੱਧਰ 'ਤੇ ਵੀ ਲਿਆਂਦਾ ਜਾਵੇ।

> ☛ ਪੁਆਧ ਖੇਤਰ ਦੇ ਵਿਦਿਆਰਥੀਆਂ ਵਿੱਚ ਜਥੇਬੰਦੀ ਲਈ ਵੱਡਾ ਉਤਸ਼ਾਹ ਤੇ ਪ੍ਰੇਰਨਾ। ☛ ਜਥੇਬੰਦੀ ਦਾ ਐਲਾਨ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਵਿੱਚ ਕੀਤਾ ਗਿਆ। ☛ ਸਮਾਗਮ ਦੀਪ ਸਿੱਧੂ ਦੀ ਯਾਦ ਨੂੰ ਸਮਰਪਿਤ

ਇਹ ਸਮਾਗਮ ਦੀਪ ਸਿੱਧੂ ਦੀ ਯਾਦ ਨੂੰ ਸਮਰਪਤ ਸੀ ਜਿਨਾਂ ਨੇ ਫਸਲਾਂ ਅਤੇ ਨਸਲਾਂ ਨੂੰ ਪੰਜਾਬ ਦੀ ਹੋਂਦ ਨਾਲ ਜੋੜ ਕੇ ਵਿਦਿਆਰਥੀਆਂ ਅਤੇ ਨੌਜਵਾਨਾਂ ਵਿੱਚ ਇੱਕ ਨਵੇਂ ਬਿਰਤਾਂਤ ਦੀ ਸਿਰਜਨਾ ਕੀਤੀ। ਦਿਲਚਸਪ ਗੱਲ ਇਹ ਹੈ ਕਿ ਜਥੇਬੰਦੀ ਦੀ ਸਥਾਪਨਾ ਯੂਨੀਵਰਸਿਟੀ ਕੈਂਪਸ ਦੇ ਗੁਰਦੁਆਰਾ ਸਾਹਿਬ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਵਿੱਚ ਹੋਈ ਜਿੱਥੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ। ਸਾਰੇ ਵਿਦਿਆਰਥੀਆਂ ਨੇ ਸੰਗਤੀ ਰੂਪ ਵਿੱਚ ਸੁਖਮਨੀ ਸਾਹਿਬ ਦਾ ਪਾਠ ਕੀਤਾ ਅਤੇ ਅਰਦਾਸ ਮਗਰੋਂ ਜਥੇਬੰਦੀ ਦੇ ਤਰਜਮਾਨ ਡਾਕਟਰ ਰਿਮਲਜੋਤ ਸਿੰਘ ਨੇ ਜਥੇਬੰਦੀ ਦੇ ਉਦੇਸ਼ਾਂ ਬਾਰੇ ਸੰਖੇਪ ਵਿੱਚ ਰੌਸ਼ਨੀ ਪਾਈ। ਡਾਕਟਰ ਰਿਮਲ ਜੋਤ ਸਿੰਘ ਨੇ ਹਾਲ ਵਿੱਚ ਹੀ ਫਾਰੈਂਸਿਕ ਸਾਇੰਸ ਦੇ ਖੇਤਰ ਵਿੱਚ ਪੀਐਚ.ਡੀ ਦੀ ਡਿਗਰੀ ਹਾਸਲ ਕੀਤੀ ਹੈ।ਪੀਐਚ.ਡੀ ਦੇ ਹੀ ਇੱਕ ਹੋਰ ਵਿਦਿਆਰਥੀ ਭਾਈ ਚਰਨਜੀਤ ਸਿੰਘ ਨੇ ਗੁਰੂ ਗ੍ਰੰਥ ਸਾਹਿਬ ਤੋਂ ਆਇਆ ਜੋ ਹੁਕਮਨਾਮਾ ਪੜਿਆ ਉਹ ਸੰਗਤਾਂ ਲਈ ਪ੍ਰੇਰਨਾ ਤੇ ਉਤਸ਼ਾਹ ਦਾ ਵਿਸ਼ੇਸ਼ ਸੋਮਾ ਬਣ ਗਿਆ।ਪਾਵਨ ਵਾਕ ਦੇ ਪਹਿਲੇ ਸ਼ਬਦ ਇਹ ਸਨ:ਜਾਕਉ ਹਰਿ ਰੰਗ ਲਾਗੋ ਇਸੁ ਜੁਗ ਮਹਿ ਸੋ ਕਹੀਅਤ ਹੈ ਸੂਰਾ ।ਆਤਮ ਜਿਣੈ ਸਗਲ ਵਸਿ ਤਾ ਕੈ ਜਾ ਕਾ ਸਤਿਗੁਰੁ ਪੂਰਾ।

ਵਿਦਿਆਰਥੀਆਂ ਦੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਦਾ ਵਿਸ਼ੇਸ਼ ਤੇ ਵੱਡਾ ਕਾਰਨ ਇਹ ਵੀ ਸੀ ਕਿ ਪਿਛਲੇ ਸਾਲ ਸੈਨਟ ਦੀਆਂ ਚੋਣਾਂ ਨੂੰ ਲੈ ਕੇ ਜਿਵੇਂ ਵਿਦਿਆਰਥੀਆਂ ਵੱਲੋਂ ਵੱਡੀ ਪੱਧਰ ਤੇ ਸਫਲ ਅੰਦੋਲਨ ਕੀਤਾ ਗਿਆ ਸੀ, ਉਸ ਨੇ ਜਿੱਥੇ ਸਮੁੱਚੇ ਪੰਜਾਬ ਦੇ ਪਿੰਡਾਂ ਸ਼ਹਿਰਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਸੀ, ਉਥੇ ਵਿਦਿਆਰਥੀਆਂ ਵਿੱਚ ਵੱਡੀ ਪੱਧਰ ਤੇ ਪੰਜਾਬ ਯੂਨੀਵਰਸਿਟੀ ਦੇ ਭਵਿੱਖ ਬਾਰੇ ਇੱਕ ਨਵੀਂ ਚੇਤਨਾ ਵੀ ਪੈਦਾ ਹੋਈ।

ਦਿਲਚਸਪ ਗੱਲ ਇਹ ਹੈ ਕਿ ਪੁਆਧ ਖੇਤਰ ਦੇ ਵਿਦਿਆਰਥੀਆਂ ਵਿੱਚ ਨਵੇਂ ਜਥੇਬੰਦੀ ਬਾਰੇ ਵਿਸ਼ੇਸ਼ ਉਤਸਾਹ ਪੈਦਾ ਹੋਇਆ ਕਿਉਂਕਿ ਪੁਆਧ ਦੇ ਦਰਜਨਾਂ ਪਿੰਡਾਂ ਨੂੰ ਉਜਾੜ ਕੇ ਹੀ ਚੰਡੀਗੜ੍ਹ ਸ਼ਹਿਰ ਵਸਾਇਆ ਗਿਆ ਸੀ। ਡਾਕਟਰ ਰਿਮਲਜੋਤ ਸਿੰਘ ਨੇ ਤੁਹਾਡੇ ਪੱਤਰਕਾਰ ਨੂੰ ਦੱਸਿਆ ਕਿ ਅਗਲੇ ਦਿਨਾਂ ਵਿੱਚ ਪੁਆਧ ਖੇਤਰ ਦੇ ਵੱਖ-ਵੱਖ ਭਾਗਾਂ ਵਿੱਚ ਵਿਸ਼ੇਸ਼ ਪ੍ਰੋਗਰਾਮ ਵੀ ਕੀਤੇ ਜਾਣਗੇ ਅਤੇ ਵਿਦਿਆਰਥੀਆਂ ਨੂੰ ਵੱਡੀ ਗਿਣਤੀ ਵਿੱਚ "ਸਾਖੀ" ਜਥੇਬੰਦੀ ਵਿੱਚ ਸ਼ਾਮਿਲ ਕੀਤਾ ਜਾਵੇਗਾ। ਉਹਨਾਂ ਇਹ ਵੀ ਦੱਸਿਆ ਕਿ ਜਥੇਬੰਦੀ ਦੇ ਰੂਪ ਰੇਖਾ ਅਤੇ ਰਜਿਸਟਰੇਸ਼ਨ ਬਾਰੇ ਅਗਲੇ ਕੁਛ ਦਿਨਾਂ ਵਿੱਚ ਸਾਰੇ ਸਾਥੀਆਂ ਨਾਲ ਸਲਾਹ ਮਸ਼ਵਰੇ ਮਗਰੋਂ ਕੀਤਾ ਜਾਵੇਗਾ। ਜਥੇਬੰਦੀ ਦਾ ਮੁੱਖ ਨਿਸ਼ਾਨਾ ਹਰੇਕ ਵਿਦਿਆਰਥੀ ਦੀ ਸ਼ਖਸੀਅਤ ਨੂੰ ਸਰਬ ਪੱਖੀ ਪੱਧਰ ਤੇ ਤਿਆਰ ਕਰਨ ਦੇ ਯਤਨ ਕੀਤੇ ਜਾਣਗੇ।. ਉਹਨਾਂ ਇਹ ਵੀ ਕਿਹਾ ਕਿ ਇਹ ਤਾਂ ਅਜੇ ਸ਼ੁਰੂਆਤ ਹੀ ਹੈ ਪਰ ਬਾਅਦ ਵਿੱਚ ਹੋਰਨਾਂ ਕਾਲਜਾਂ ਤੇ ਯੂਨੀਵਰਸਿਟੀਆਂ ਵਿੱਚ ਵੀ "ਸਾਖੀ" ਦੇ ਯੂਨਿਟ ਸਥਾਪਤ ਕੀਤੇ ਜਾਣਗੇ।

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# ਆਰਟੀਫਿਸ਼ੀਅਲ ਇੰਟੈਲੀਜੈਂਸ ਅਤੇ ਮਸ਼ੀਨ ਲਰਨਿੰਗ ਵਿਸ਼ਿਆਂ 'ਤੇ ਸੈਮੀਨਾਰ






ਤਲਵੰਡੀ ਸਾਬੋ 19 ਫਰਵਰੀ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਕੰਪਿਊਟਿੰਗ ਅਤੇ ਫੈਕਲਟੀ ਆਫ਼ ਇੰਜੀਨੀਅਰਿੰਗ ਵੱਲੋਂ ਆਈ.ਕਿਉ.ਏ.ਸੀ ਦੇ ਸਹਿਯੋਗ ਨਾਲ ਆਰਟੀਫਿਸ਼ੀਅਲ ਇੰਟੈਲੀਜੈਂਸ ਅਤੇ ਮਸ਼ੀਨ ਲਰਨਿੰਗ ਵਿਸ਼ਿਆਂ 'ਤੇ ਐਡਵਾਂਸ ਕਰੀਅਰ ਟਰਾਂਸਫਾਰਮਰ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਅਮਨ ਐਸ. ਗੁਪਤਾ ਕੋ-ਫਾਊਂਡਰ ਸੀ.ਟੀ.ਓ ਸਰਸ ਏ.ਆਈ ਇੰਸਟੀਚਿਊਟ ਮੁੱਖ ਬੁਲਾਰੇ ਵਜੋਂ ਹਾਜ਼ਰ ਹੋਏ। ਇਸ ਮੌਕੇ ਜੀ.ਕੇ.ਯੂ. ਦੇ ਪਰੋ. ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ ਅਤੇ ਸਰਸ ਇੰਸਟੀਚਿਊਟ ਦੇ ਅਮਨ ਐਸ. ਗੁਪਤਾ ਵੱਲੋਂ ਦੁਵੱਲਾ ਸਮਝੌਤਾ ਹਸਤਾਖ਼ਿਰਤ ਕੀਤਾ ਗਿਆ। ਸੈਮੀਨਾਰ ਵਿੱਚ ਮੁੱਖ ਬੁਲਾਰੇ ਅਮਨ ਗੁਪਤਾ ਨੇ ਆਰਟੀਫਿਸੀਅਲ ਇੰਟੈਲੀਜੈਂਸ, ਮਸ਼ੀਨ ਲਰਨਿੰਗ ਅਤੇ ਜਨਰੇਟਿਵ ਏ.ਆਈ ਦੇ ਉੱਭਰਦੇ ਰੁਝਾਨਾਂ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਟੈਕਨਾਲੋਜੀ ਕਿਸ ਤਰ੍ਹਾਂ ਵੱਖ-ਵੱਖ ਉਦਯੋਗਾਂ ਦੇ ਮੁਹਾਂਦਰੇ ਬਦਲ ਰਹੀਆਂ ਹਨ। ਜਿਸ ਕਾਰਨ ਰੁਜ਼ਗਾਰ ਅਤੇ ਹੋਰਨਾਂ ਖੇਤਰਾਂ ਵਿੱਚ ਨਵੀਆਂ ਸੰਭਾਵਨਾਵਾਂ ਪੈਦਾ ਹੋ ਰਹੀਆਂ ਹਨ। ਇਸ ਮੌਕੇ ਡਾ. ਧੀਮਾਨ ਨੇ ਕਿਹਾ ਕਿ ਸੈਮੀਨਾਰ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਆਰਟੀਫਿਸ਼ੀਅਲ ਇੰਟੈਲੀਜੈਂਸ 'ਸਭਨਾਂ ਲਈ' ਦੇ ਹੋਕੇ ਨੂੰ ਸੱਚ ਸਾਬਿਤ ਕਰਦੀ ਹੈ ਕਿਉਂਕਿ ਸੈਮੀਨਾਰ ਵਿੱਚ ਵਿਦਿਆਰਥੀਆਂ ਨੂੰ ਵਿਸ਼ਵ ਪੱਧਰ ਤੇ ਰੁਜ਼ਗਾਰ ਦੇ ਮੌਕਿਆਂ ਦੇ ਕਾਬਲ ਬਣਨ, ਨੈਤਿਕ ਏ.ਆਈ ਦਾ ਇਸਤੇਮਾਲ ਅਤੇ ਏ.ਆਈ. ਦੀਆਂ ਨਵੀਨਤਮ ਪ੍ਰਣਾਲੀਆਂ ਬਾਰੇ ਜਾਣੂ ਹੋਣ ਲਈ ਤਿਆਰ ਕਰਦਾ ਹੈ। ਇਸ ਮੌਕੇ ਡਾ. ਜਾਵੇਦ ਅਹਿਮਦ ਖਾਨ ਡੀਨ ਅਕਾਦਮਿਕ ਅਤੇ ਡਾਇਰੈਕਟਰ ਆਈ.ਕਿਉ.ਏ.ਸੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਕਿਹਾ ਕਿ ਏ.ਆਈ ਵਿਦਿਆਰਥੀਆਂ ਦੇ ਕਰੀਅਰ ਦੀ ਬੁਨਿਆਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਿਰਫ ਨੌਕਰੀ ਲੱਭਣ ਤੱਕ ਸੀਮਿਤ ਨਾ ਰਹਿ ਕੇ ਸਿਹਤ, ਇੰਜਨੀਅਰਿੰਗ, ਖੇਤੀਬਾੜੀ ਸਿੱਖਿਆ ਤੇ ਡਿਜ਼ਾਇਨਿੰਗ ਵਰਗੇ ਖੇਤਰਾਂ ਵਿੱਚ ਉੱਭਰ ਰਹੀਆਂ ਸੰਭਵਾਨਾਵਾਂ ਤੋਂ ਲਾਭ ਉਠਾਉਣ ਲਈ ਨਵੇਂ ਸਟਾਰਟ-ਅੱਪ ਸ਼ੁਰੂ ਕਰਨ ਦਾ ਮਸ਼ਵਰਾ ਵੀ ਦਿੱਤਾ। ਸੈਮੀਨਾਰ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਵੱਡੀ ਹਾਜ਼ਰੀ ਨੇ ਸੈਮੀਨਾਰ ਦੇ ਸਮੇਂ ਦੇ ਹਾਣ ਦਾ ਹੋਣ ਦਾ ਸਬੂਤ ਪੇਸ਼ ਕੀਤਾ।

# ਨੀਂਦ ਦੀ ਮਹੱਤਤਾ



**ਨੀਂਦ** ਮਨੁੱਖੀ ਜੀਵਨ ਦੀ ਇੱਕ ਬੁਨਿਆਦੀ ਜੈਵਿਕ ਲੋੜ ਹੈ ਜੋ ਸਰੀਰਕ ਪੁਨਰਸਥਾਪਨਾ, ਮਾਨਸਿਕ ਕਾਰਗੁਜ਼ਾਰੀ, ਭਾਵਨਾਤਮਕ ਸਥਿਰਤਾ ਅਤੇ ਸਮੂਹਿਕ ਸਿਹਤ ਲਈ ਅਤਿ ਲੋੜੀਂਦੀ ਹੈ। ਨੀਂਦ ਕੋਈ ਨਿਸ਼ਕ੍ਰਿਆ ਅਵਸਥਾ ਨਹੀਂ, ਸਗੋਂ ਇਹ ਇੱਕ ਸਰਗਰਮ ਅਤੇ ਸੁਚਾਰੂ ਜੀਵ ਵਿਗਿਆਨਕ ਪ੍ਰਕਿਰਿਆ ਹੈ, ਜਿਸ ਨੂੰ ਦਿਮਾਗ, ਅੰਦਰਸ੍ਰਾਵੀ ਤੰਤਰ (ਹਾਰਮੋਨ ਪ੍ਰਣਾਲੀ), ਰੋਗ-ਰੋਧਕ ਤੰਤਰ ਅਤੇ ਸਰਕਾਡੀਅਨ ਰਿਥਮ (ਦਿਨ-ਰਾਤ ਚੱਕਰ) ਮਿਲ ਕੇ ਨਿਯੰਤਰਿਤ ਕਰਦੇ ਹਨ। ਆਧੁਨਿਕ ਇਲਾਜ਼ ਪ੍ਰਣਾਲੀ ਦਾ ਵਿਗਿਆਨ ਨੀਂਦ ਨੂੰ ਸਿਹਤ ਦੇ ਤਿੰਨ ਮੁੱਖ ਸਤੰਭਾਂ ਵਿੱਚੋਂ ਇੱਕ ਮੰਨਦਾ ਹੈ—ਸੰਤੁਲਿਤ ਖੁਰਾਕ ਅਤੇ ਰੋਜ਼ਾਨਾ ਕਸਰਤ ਦੇ ਨਾਲ ਨੀਂਦ ਦਾ ਅਹਿਮ ਸਥਾਨ ਹੈ। ਲੰਬੇ ਸਮੇਂ ਤੱਕ ਨੀਂਦ ਦੀ ਘਾਟ ਅੱਜ ਦੁਨੀਆ ਭਰ ਵਿੱਚ ਇੱਕ ਗੰਭੀਰ ਜਨਸਿਹਤ ਸਮੱਸਿਆ ਬਣ ਚੁੱਕੀ ਹੈ, ਜੋ ਕਈ ਸਰੀਰਕ, ਮਾਨਸਿਕ ਅਤੇ ਮੈਟਾਬੋਲਿਕ ਬਿਮਾਰੀਆਂ ਦਾ ਕਾਰਨ ਬਣਦੀ ਹੈ।

ਨੀਂਦ ਦੀ ਜੀਵ ਵਿਗਿਆਨਕ ਪ੍ਰਕਿਰਿਆ ਅਤੇ ਕਾਰਜ

ਨੀਂਦ ਸਰੀਰ ਵਿੱਚ ਕਈ ਪੁਨਰਸਥਾਪਨਾਤਮਕ ਅਤੇ ਨਿਯੰਤਰਣ ਦਾ ਕੰਮ ਕਰਦੀ ਹੈ।

ਦਿਮਾਗੀ ਪੁਨਰਸਥਾਪਨਾ

ਗਹਿਰੀ ਨੀਂਦ ਦੌਰਾਨ ਦਿਮਾਗ ਆਪਣੀ ਮੁਰੰਮਤ ਕਰਦਾ ਹੈ। ਦਿਨ ਭਰ ਬਣੇ ਨਰਵ ਸੰਪਰਕ ਦੁਬਾਰਾ ਸੰਗਠਿਤ, ਮਜ਼ਬੂਤ ਹੋ ਜਾਂਦੇ ਹਨ, ਜਿਸ ਨਾਲ ਸਿੱਖਣ ਅਤੇ ਯਾਦਸ਼ਕਤੀ ਵਿੱਚ ਸੁਧਾਰ ਹੁੰਦਾ ਹੈ। ਨੀਂਦ ਦਿਮਾਗ ਵਿੱਚ ਇਕੱਠੇ ਹੋਏ ਹਾਨੀਕਾਰਕ ਮੈਟਾਬੋਲਿਕ ਅਤੇ ਜ਼ਿਹਰੀਲੇ ਪਦਾਰਥਾਂ ਨੂੰ ਵੀ ਦੂਰ ਕਰਦੀ ਹੈ।

ਹਾਰਮੋਨਾਂ ਦਾ ਨਿਯੰਤਰਣ

ਨੀਂਦ ਕਈ ਮਹੱਤਵਪੂਰਨ ਹਾਰਮੋਨਾਂ ਦੀ ਪੈਦਾਵਾਰ ਨੂੰ ਨਿਯੰਤਰਿਤ ਕਰਦੀ ਹੈ:

ਗ੍ਰੋਥ ਹਾਰਮੋਨ — ਟਿਸ਼ੂ ਮੁਰੰਮਤ ਅਤੇ ਵਿਕਾਸ ਲਈ ਲਾਜ਼ਮੀ ਹੈ।

ਮੇਲਾਟੋਨਿਨ — ਦਿਨ-ਰਾਤ ਚੱਕਰ ਨੂੰ ਨਿਯੰਤਰਿਤ ਕਰਦਾ ਹੈ।

ਕੋਰਟੀਸੋਲ — ਤਣਾਅ ਨਾਲ ਸੰਬੰਧਿਤ ਹਾਰਮੋਨ ਹੈ।

ਲੇਪਟਿਨ ਅਤੇ ਘ੍ਰੇਲਿਨ — ਭੁੱਖ ਅਤੇ ਤ੍ਰਿਪਤੀ ਨੂੰ ਨਿਯੰਤਰਿਤ ਕਰਦੇ ਹਨ।

ਨੀਂਦ ਵਿੱਚ ਖਲਲ ਆਉਣ ਨਾਲ ਹਾਰਮੋਨ ਸੰਤੁਲਨ ਬਿਗੜ ਜਾਂਦਾ ਹੈ, ਜਿਸ ਨਾਲ ਮੋਟਾਪਾ, ਸ਼ੂਗਰ ਅਤੇ ਮੈਟਾਬੋਲਿਕ ਸਿੰਡਰੋਮ ਦਾ ਖਤਰਾ ਵੱਧ ਜਾਂਦਾ ਹੈ।

ਰੋਗ-ਰੋਧਕ ਤੰਤਰ ਦੀ ਮਜ਼ਬੂਤੀ

ਨੀਂਦ ਸਾਈਟੋਕਾਈਨ ਅਤੇ ਐਂਟੀਬਾਡੀਆਂ ਦੇ ਉਤਪਾਦਨ ਨੂੰ ਵੱਧਾਉਂਦੀ ਹੈ ਜਿਸ ਨਾਲ ਸਰੀਰ ਦੀ ਬਿਮਾਰੀਆਂ ਨਾਲ ਲੜਨ ਦੀ ਸਮਰੱਥਾ ਮਜ਼ਬੂਤ ਹੁੰਦੀ ਹੈ। ਨੀਂਦ ਦੀ ਘਾਟ ਨਾਲ ਰੋਗ-ਰੋਧਕ ਤਾਕਤ ਕਮਜ਼ੋਰ ਹੋ ਜਾਂਦੀ ਹੈ ਅਤੇ ਬਿਮਾਰੀ ਤੋਂ ਠੀਕ ਹੋਣ ਵਿੱਚ ਦੇਰੀ ਹੁੰਦੀ ਹੈ।



ਦਿਲ ਅਤੇ ਰੱਤ-ਨਾਲੀ ਸਿਹਤ

ਚੰਗੀ ਨੀਂਦ ਬਲੱਡ ਪ੍ਰੈਸ਼ਰ, ਦਿਲ ਦੀ ਧੜਕਣ ਅਤੇ ਰੱਤ-ਨਾਲੀਆਂ ਦੀ ਮੁਰੰਮਤ ਨੂੰ ਸੰਤੁਲਿਤ ਰੱਖਦੀ ਹੈ। ਖਰਾਬ ਨੀਂਦ ਉੱਚ ਰੱਤ, ਦਿਲ ਦੀ ਬਿਮਾਰੀ ਅਤੇ ਸਟ੍ਰੋਕ ਨਾਲ ਜੁੜੀ ਹੋਈ ਹੈ।

ਭਾਵਨਾਤਮਕ ਅਤੇ ਮਾਨਸਿਕ ਸਥਿਰਤਾ

ਨੀਂਦ ਮਨੋਭਾਵ, ਭਾਵਨਾਵਾਂ ਅਤੇ ਤਣਾਅ ਸਹਿਣ ਦੀ ਸਮਰੱਥਾ ਨੂੰ ਨਿਯੰਤਰਿਤ ਕਰਦੀ ਹੈ। ਲੰਬੇ ਸਮੇਂ ਦੀ ਚਿੰਤਾ, ਡਿਪ੍ਰੈਸ਼ਨ, ਚਿੜਚਿੜਾਪਣ ਅਤੇ ਮਾਨਸਿਕ ਕਮਜ਼ੋਰੀ ਨਾਲ ਸੰਬੰਧਿਤ ਹੈ।

ਚੰਗੀ ਨੀਂਦ ਵਿੱਚ ਰੁਕਾਵਟ ਪੈਦਾ ਕਰਨ ਵਾਲੀਆਂ ਸਿਹਤ ਸਮੱਸਿਆਵਾਂ

ਮਾਨਸਿਕ ਕਾਰਕ

ਤਣਾਅ, ਚਿੰਤਾ, ਡਿਪ੍ਰੈਸ਼ਨ, ਅਧਿਕ ਸੋਚ, ਸਦਮੇ ਨਾਲ ਜੁੜੀਆਂ ਬਿਮਾਰੀਆਂ — ਇਹ ਸਭ ਦਿਮਾਗ ਨੂੰ ਜਾਗਰੂਕ ਰੱਖਦੀਆਂ ਹਨ ਅਤੇ ਨੀਂਦ ਆਉਣ ਵਿੱਚ ਰੁਕਾਵਟ ਪੈਦਾ ਕਰਦੀਆਂ ਹਨ।

ਸਰੀਰਕ ਬਿਮਾਰੀਆਂ

ਲੰਬੇ ਸਮੇਂ ਦਾ ਦਰਦ (ਗਠੀਆ, ਫਾਇਬ੍ਰੋਮਾਇਲਜੀਆ)

ਸਾਹ ਦੀਆਂ ਬਿਮਾਰੀਆਂ (ਦਮਾ, ਸਲੀਪ ਐਪਨੀਆ), ਐਸਿਡਿਟੀ ਅਤੇ ਗੈਸ ਦੀ ਸਮੱਸਿਆ, ਨਰਵਸ ਸਿਸਟਮ ਦੀਆਂ ਬਿਮਾਰੀਆਂ, ਹਾਰਮੋਨ ਗੜਬੜ (ਥਾਇਰਾਇਡ, ਮੈਨੋਪੌਜ਼), ਸਲੀਪ ਐਪਨੀਆ ਵਿੱਚ ਨੀਂਦ ਦੌਰਾਨ ਸਾਹ ਵਾਰ-ਵਾਰ ਰੁੱਕਦੀ ਹੈ, ਜਿਸ ਨਾਲ ਨੀਂਦ ਟੁੱਟਦੀ ਰਹਿੰਦੀ ਹੈ ਅਤੇ ਆਕਸੀਜ਼ਨ ਦੀ ਘਾਟ ਪੈਂਦੀ ਹੈ।

ਜੀਵਨ-ਸ਼ੈਲੀ ਸੰਬੰਧੀ ਕਾਰਕ

ਅਨਿਯਮਿਤ ਸੌਣ ਦਾ ਸਮਾਂ, ਸੌਣ ਤੋਂ ਪਹਿਲਾਂ ਮੋਬਾਈਲ ਜਾਂ ਸਕ੍ਰੀਨ ਦੀ ਵੱਧ ਵਰਤੋਂ, ਕੈਫੀਨ, ਨਿਕੋਟੀਨ ਜਾਂ ਸ਼ਰਾਬ

ਕਸਰਤ ਦੀ ਘਾਟ, ਦੇਰ ਰਾਤ ਭਾਰੀ ਖਾਣਾ, ਇਲੈਕਟ੍ਰਾਨਿਕ ਉਪਕਰਣਾਂ ਦੀ ਨੀਲੀ ਰੌਸ਼ਨੀ ਮੇਲਾਟੋਨਿਨ ਨੂੰ ਘਟਾਉਂਦੀ ਹੈ, ਜਿਸ ਨਾਲ ਨੀਂਦ ਦੇਰ ਨਾਲ ਆਉਂਦੀ ਹੈ।

ਵਾਤਾਵਰਣੀ ਕਾਰਕ

ਸ਼ੋਰ, ਤੇਜ਼ ਰੌਸ਼ਨੀ, ਗਲਤ ਤਾਪਮਾਨ, ਅਣਸੁਖਾਵਾਂ ਬਿਸਤਰਾ ਆਦਿ ਵੀ ਨੀਂਦ ਵਿੱਚ ਖਲਲ ਪਾਂਦੇ ਹਨ।

ਉਮਰ ਦਾ ਪ੍ਰਭਾਵ

ਉਮਰ ਵੱਧਣ ਨਾਲ ਨੀਂਦ ਹਲਕੀ ਹੋ ਜਾਂਦੀ ਹੈ, ਵਾਰ-ਵਾਰ ਜਾਗ ਆਉਂਦੀ ਹੈ ਅਤੇ ਗਹਿਰੀ ਨੀਂਦ ਘੱਟ ਜਾਂਦੀ ਹੈ।

ਪੂਰੀ ਨੀਂਦ ਦੇ ਫਾਇਦੇ

ਯਾਦਸ਼ਕਤੀ ਅਤੇ ਧਿਆਨ ਵਿੱਚ ਸੁਧਾਰ, ਰੋਗ-ਰੋਧਕ ਤਾਕਤ ਵਧਾਉਂਦੀ ਹੈ, ਦਿਲ ਅਤੇ ਮੈਟਾਬੋਲਿਕ ਸਿਹਤ ਲਈ ਲਾਭਕਾਰੀ, ਮਨ ਨੂੰ ਸ਼ਾਂਤ ਅਤੇ ਸੰਤੁਲਿਤ ਰੱਖਦੀ ਹੈ, ਮਾਸਪੇਸ਼ੀਆਂ ਅਤੇ ਟਿਸ਼ੂ ਦੀ ਮੁਰੰਮਤ, ਹਾਰਮੋਨਾਂ ਦਾ ਸੰਤੁਲਨ,

ਲੰਬੇ ਸਮੇਂ ਦੀਆਂ ਬਿਮਾਰੀਆਂ ਦਾ ਖਤਰਾ ਘੱਟਦਾ ਹੈ।

ਕਾਰਗੁਜ਼ਾਰੀ ਅਤੇ ਫੈਸਲਾ ਲੈਣ ਦੀ ਸਮਰੱਥਾ ਵੱਧਦੀ ਹੈ।

ਘੱਟ ਜਾਂ ਬਹੁਤ ਜ਼ਿਆਦਾ ਨੀਂਦ ਦੇ ਨੁਕਸਾਨ

ਨੀਂਦ ਦੀ ਘਾਟ, ਥਕਾਵਟ ਅਤੇ ਦਿਨ ਦੌਰਾਨ ਨੀਂਦ ਆਉਣਾ, ਧਿਆਨ ਦੀ ਘਾਟ, ਮਨੋਭਾਵ ਵਿੱਚ ਗੜਬੜ, ਹਾਦਸਿਆਂ ਦਾ ਖਤਰਾ, ਰੋਗ-ਰੋਧਕ ਤਾਕਤ ਘੱਟਣਾ, ਮੋਟਾਪਾ ਅਤੇ ਸ਼ੂਗਰ ਦਾ ਖਤਰਾ, ਉੱਚ ਰੱਤ ਦਬਾਅ ਅਤੇ ਦਿਲ ਦੀ ਬਿਮਾਰੀ ਦਾ ਖ਼ਤਰਾ ਵੱਧਦਾ ਹੈ।

ਬਹੁਤ ਜ਼ਿਆਦਾ ਨੀਂਦ (ਹਾਈਪਰਸੋਮਨੀਆ) ਲੈਣ ਨਾਲ

ਡਿਪ੍ਰੈਸ਼ਨ ਨਾਲ ਸੰਬੰਧਿਤ ਬਿਮਾਰੀਆਂ, ਲੰਬੇ ਸਮੇਂ ਦੀ ਥਕਾਵਟ, ਮੈਟਾਬੋਲਿਕ ਗੜਬੜ, ਦਿਲ ਦੀ ਬਿਮਾਰੀ ਦਾ ਖ਼ਤਰਾ, ਸਰੀਰਕ ਸਰਗਰਮੀ ਘੱਟਣਾ ਸ਼ੁਰੂ ਹੋ ਜਾਂਦੀ ਹੈ।

ਇਸ ਲਈ ਬਾਲਗਾਂ ਲਈ ਆਮ ਤੌਰ 'ਤੇ 7-9 ਘੰਟੇ ਦੀ ਨੀਂਦ ਉਚਿਤ ਮੰਨੀ ਜਾਂਦੀ ਹੈ।

ਨੀਂਦ ਸਿਰਫ਼ ਆਰਾਮ ਦਾ ਸਮਾਂ ਨਹੀਂ, ਸਗੋਂ ਜੀਵਨ, ਸਿਹਤ ਅਤੇ ਕਾਰਗੁਜ਼ਾਰੀ ਲਈ ਅਤਿ ਮਹੱਤਵਪੂਰਨ ਜੈਵਿਕ ਪ੍ਰਕਿਰਿਆ ਹੈ। ਇਹ ਦਿਮਾਗੀ ਸਿਹਤ, ਰੋਗ-ਰੋਧਕ ਤਾਕਤ, ਹਾਰਮੋਨ ਸੰਤੁਲਨ, ਦਿਲ ਦੀ ਸਥਿਰਤਾ ਅਤੇ ਭਾਵਨਾਤਮਕ ਸੁੱਖ ਲਈ ਕੇਂਦਰੀ ਭੂਮਿਕਾ ਨਿਭਾਉਂਦੀ ਹੈ। ਡਿਜ਼ੀਟਲ ਦਬਾਅ, ਤਣਾਅ ਅਤੇ ਅਨਿਯਮਿਤ ਜੀਵਨ-ਸ਼ੈਲੀ ਦੇ ਇਸ ਯੁੱਗ ਵਿੱਚ ਨੀਂਦ ਨਾਲ ਸੰਬੰਧਿਤ ਸਮੱਸਿਆਵਾਂ ਤੇਜ਼ੀ ਨਾਲ ਵੱਧ ਰਹੀਆਂ ਹਨ।

ਸੁਚੱਜੀ ਨੀਂਦ ਲਈ ਨਿਯਮਿਤ ਸਮਾਂ, ਸਕ੍ਰੀਨ ਦੀ ਘੱਟ ਵਰਤੋਂ, ਕਸਰਤ, ਤਣਾਅ ਨਿਯੰਤਰਣ ਅਤੇ ਸੁਖਾਵਾਂ ਸੌਣ ਵਾਲਾ ਵਾਤਾਵਰਣ ਬਹੁਤ ਜ਼ਰੂਰੀ ਹੈ। ਨੀਂਦ ਨੂੰ ਸ਼ੌਂਕ ਨਹੀਂ, ਸਗੋਂ ਸਰੀਰਕ ਲੋੜ ਵਜੋਂ ਮੰਨਣਾ ਸਿਹਤਮੰਦ ਜੀਵਨ ਅਤੇ ਬਿਮਾਰੀਆਂ ਤੋਂ ਬਚਾਅ ਵੱਲ ਇੱਕ ਮਹੱਤਵਪੂਰਨ ਕਦਮ ਹੈ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

### ਬੰਦੀ ਸਿੰਘਾਂ ਨੂੰ ਰਿਹਾਅ ਨਾ ਕਰਨਾ ਦੇਸ਼ ਅੰਦਰ ਘੱਟਗਿਣਤੀ ਸਿੱਖਾਂ ਨਾਲ ਵਿਤਕਰਾ- ਐਡਵੋਕੇਟ ਧਾਮੀ

# ਗਿਆਨੀ ਰਘਬੀਰ ਸਿੰਘ ਵਲੋਂ ਲਗਾਏ ਇਲਜ਼ਾਮਾਂ ਸੰਬੰਧੀ 72 ਘੰਟਿਆਂ ਵਿਚ ਸਬੂਤ ਪੇਸ਼ ਕਰਨ



**ਨਵੀਂ ਦਿੱਲੀ, 19 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਹੋਈ ਇਕੱਤਰਤਾ ’ਚ ਸਰਕਾਰਾਂ ਵੱਲੋਂ ਬੰਦੀ ਸਿੰਘਾਂ ਨਾਲ ਕੀਤੀ ਜਾ ਰਹੀ ਬੇਇਨਸਾਫ਼ੀ ਦੀ ਕਰੜੀ ਨਿਖੇਧੀ ਕਰਦਿਆਂ ਇਸ ਨੂੰ ਦੇਸ਼ ਅੰਦਰ ਘੱਟਗਿਣਤੀ ਸਿੱਖਾਂ ਨਾਲ ਵਿਤਕਰਾ ਕਰਾਰ ਦਿੱਤਾ ਗਿਆ। ਇਕੱਤਰਤਾ ਬਾਅਦ ਮੀਡੀਆ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਹਾਲ ਹੀ ਵਿਚ ਦਿੱਲੀ ਦੀ ਭਾਜਪਾ ਸਰਕਾਰ ਦੇ ਸਜ਼ਾ ਸਮੀਖਿਆ ਬੋਰਡ ਵੱਲੋਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਅਪੀਲ ਨੂੰ ਰੱਦ ਕਰਨਾ ਦੁਖਦਾਈ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਆਮ ਆਦਮੀ ਪਾਰਟੀ ਦੀ ਸਰਕਾਰ ਅਜਿਹਾ ਕਰਦੀ ਰਹੀ ਅਤੇ ਹੁਣ ਭਾਜਪਾ ਸਰਕਾਰ ਵੀ ਸਿੱਖ ਵਿਰੋਧੀ ਲੀਹਾਂ ’ਤੇ ਚੱਲ ਰਹੀ ਹੈ। ਉਨ੍ਹਾਂ ਭਾਜਪਾ ਵਿਚ ਬੈਠੇ ਸਿੱਖ ਆਗੂਆਂ ਦੇ ਇਸ ਮਾਮਲੇ ’ਤੇ ਚੁੱਪ ਰਹਿਣ ’ਤੇ ਵੀ ਸਵਾਲ ਉਠਾਏ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਨਾਲ ਭਾਜਪਾ ਵਿਚਲੇ ਸਿੱਖ ਆਗੂਆਂ ਦਾ ਦੋਗਲਾ ਚਿਹਰਾ ਨੰਗਾ ਹੋਇਆ ਹੈ। ਉਨ੍ਹਾਂ ਕੇਂਦਰ ਸਰਕਾਰ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਸਮੇਤ ਹੋਰ ਬੰਦੀ ਸਿੰਘਾਂ ਨੂੰ ਸਜ਼ਾਵਾਂ ਭੁਗਤਣ ਦੇ ਬਾਵਜੂਦ ਵੀ ਰਿਹਾਅ ਨਾ ਕਰਨ ਨੂੰ ਵੀ ਮਾਨਵੀ ਅਧਿਕਾਰਾਂ ਦਾ ਉਲੰਘਣ ਆਖਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਰਕਾਰਾਂ ਨੂੰ ਬੰਦੀ ਸਿੰਘਾਂ ਨਾਲ ਇਸ ਤਰ੍ਹਾਂ ਬੇਗਾਨਿਆਂ ਵਾਲਾ ਵਿਹਾਰ ਨਹੀਂ ਕਰਨਾ ਚਾਹੀਦਾ ਅਤੇ ਸਜ਼ਾਵਾਂ ਭੁਗਤ ਚੁੱਕੇ ਹਰ ਸਿੱਖ ਬੰਦੀ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਐਡਵੋਕੇਟ ਧਾਮੀ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਏਆਈ ਤਕਨੀਕ ਨਾਲ ਸਿੱਖ ਵਿਰੋਧੀ ਕਾਰਵਾਈਆਂ ਦਾ ਵੀ ਨੋਟਿਸ ਲਿਆ ਹੈ। ਉਨ੍ਹਾਂ ਕਿਹਾ ਕਿ ਇਸ ਆਧੁਨਿਕ ਤਕਨੀਕ ਨਾਲ ਧਰਮਾਂ ਵਿਰੁੱਧ ਹਰਕਤਾਂ ਕਰਨ ਵਾਲਿਆਂ ਨੂੰ ਰੋਕਣ ਲਈ ਸ਼੍ਰੋਮਣੀ ਕਮੇਟੀ ਸੁਚੇਤ ਰੂਪ ਵਿਚ ਕੰਮ ਕਰ ਰਹੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਸ ਸਬੰਧ ਵਿਚ ਇਕ ਕਮੇਟੀ ਗਠਤ ਕਰਨ ਦੇ ਨਾਲ-ਨਾਲ ਕਾਨੂੰਨ ਵਿਭਾਗ ਰਾਹੀਂ ਵੀ ਯਤਨ ਜਾਰੀ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਸ਼੍ਰੋਮਣੀ ਕਮੇਟੀ ਸਿੱਖ ਸਿਧਾਂਤਾਂ, ਇਤਿਹਾਸ ਅਤੇ ਸਰੋਤਾਂ ਆਦਿ ਦੇ ਸਬੰਧ ਵਿਚ ਆਪਣਾ ਡਾਟਾ ਬੈਂਕ ਤਿਆਰ ਕਰੇਗੀ, ਤਾਂ ਜੋ ਸਹੀ ਜਾਣਕਾਰੀ ਲੋਕਾਂ ਨੂੰ ਮਿਲ ਸਕੇ। ਇਸ ਦੇ ਨਾਲ ਹੀ ਏਆਈ ਕੰਪਨੀਆਂ ਨਾਲ ਵੀ ਰਾਬਤਾ ਕੀਤਾ ਜਾ ਰਿਹਾ ਹੈ ਅਤੇ ਇਕ ਮਾਸ ਰਿਪੋਟਿੰਗ ਸਾਫਟਵੇਅਰ ਵੀ ਜਲਦ ਜਾਰੀ ਕੀਤਾ ਜਾਵੇਗਾ। ਇਸ ਤੋਂ ਇਲਾਵਾ ਜਾਗੂਕਰਤਾ ਵਾਸਤੇ ਵੀ ਯਤਨ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸ਼੍ਰੋਮਣੀ ਕਮੇਟੀ ’ਤੇ ਗੁਰਦੁਆਰਾ ਅੰਬ ਸਾਹਿਬ ਮੋਹਾਲੀ ਦੀ ਗਮਾਡਾ ਵੱਲੋਂ ਸਕੀਮ ਤਹਿਤ ਲਈ ਜ਼ਮੀਨ ਦੇ ਪੈਸਿਆਂ ਅਤੇ ਗੁਰਦੁਆਰਾ ਸ੍ਰੀ ਭੱਠਾ ਸਾਹਿਬ ਰੋਪੜ ਦੀ ਜਗ੍ਹਾ ਵੇਚਣ ਦੇ ਲਗਾਏ ਗਏ ਇਲਜ਼ਾਮਾਂ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਬਿਲਕੁਲ ਬੇਬੁਨਿਆਦ ਦੋਸ਼ ਹਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਭੱਠਾ ਸਾਹਿਬ ਨਾਲ ਸਬੰਧਤ ਜਗ੍ਹਾ ਵੇਚਣ ਅਤੇ ਖਰੀਦਣ ਦਾ ਕਾਰਜ ਬਿਲਕੁਲ ਨਿਯਮਾਂ ਅਨੁਸਾਰ ਅਤੇ ਪਾਰਦਰਸ਼ੀ ਢੰਗ ਨਾਲ ਕੀਤਾ ਗਿਆ ਹੈ ਅਤੇ ਇਸੇ ਤਰ੍ਹਾਂ ਹੀ ਗੁਰਦੁਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਦੀ ਗਮਾਡਾ ਵੱਲੋਂ ਲਈ ਗਈ ਜ਼ਮੀਨ ਦੀ ਰਕਮ ਵੀ ਨਿਯਮਾਂ ਅਨੁਸਾਰ ਹੈ। ਇਸ ਸੰਬੰਧੀ ਬੇਬੁਨਿਆਦ ਦੋਸ਼ ਲਗਾ ਕੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ ਨੂੰ ਬਦਨਾਮ ਕਰਨਾ ਅਤੇ ਸੰਗਤ ਨੂੰ ਗੁਮਰਾਹ ਕਰਨਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ। ਇਸ ਕਰਕੇ ਗਿਆਨੀ ਹਰਪ੍ਰੀਤ ਸਿੰਘ ਜਨਤਕ ਤੌਰ ’ਤੇ ਮੁਆਫ਼ੀ ਮੰਗਣ ਨਹੀਂ ਤਾਂ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਵੱਲੋਂ ਇਨ੍ਹਾਂ ਖਿਲਾਫ਼ ਮਾਨਹਾਨੀ ਦਾ ਮੁਕੱਦਮਾ ਕੀਤਾ ਜਾਵੇਗਾ। ਐਡਵੋਕੇਟ ਧਾਮੀ ਨੇ ਲੰਘੇ ਕੱਲ੍ਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਵੱਲੋਂ ਪ੍ਰੈੱਸ ਵਾਰਤਾ ਰਾਹੀਂ ਲਗਾਏ ਗਏ ਇਲਜ਼ਾਮਾਂ ਦੇ ਸਬੰਧ ਵਿਚ ਕਿਹਾ ਕਿ ਅੰਤ੍ਰਿੰਗ ਕਮੇਟੀ ਨੇ ਇਸ ’ਤੇ ਗੰਭੀਰਤਾ ਵਿਚਾਰ ਕਰਕੇ ਫੈਸਲਾ ਲੈਂਦਿਆਂ 72 ਘੰਟੇ ਵਿਚ ਲਗਾਏ ਦੋਸ਼ ਸਿੱਧ ਕਰਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗਿਆਨੀ ਰਘਬੀਰ ਸਿੰਘ ਜੋ ਕਿ ਇਸ ਸਮੇਂ ਛੁੱਟੀ ’ਤੇ ਚੱਲ ਰਹੇ ਹਨ, ਵੱਲੋਂ ਸਤਿਕਾਰਤ ਅਹੁਦੇ ’ਤੇ ਹੁੰਦਿਆਂ ਬਿਨਾਂ ਠੋਸ ਸਬੂਤਾਂ ਦੇ ਸੰਸਥਾ ’ਤੇ ਇਲਜ਼ਾਮ ਲਗਾ ਕੇ ਇਸ ਦੇ ਪ੍ਰਬੰਧਾਂ ਨੂੰ ਬਦਨਾਮ ਕੀਤਾ ਹੈ। ਇਸ ਲਈ ਇਹ 72 ਘੰਟਿਆਂ ਵਿਚ ਇਲਜ਼ਾਮਾਂ ਸਬੰਧੀ ਸਬੂਤ ਪੇਸ਼ ਕਰਨ। ਜੇਕਰ ਇਨ੍ਹਾਂ ਵੱਲੋਂ ਨੀਯਤ ਸਮੇਂ ਅੰਦਰ ਲਿਖਤੀ ਤੌਰ ’ਤੇ ਸਬੂਤ ਪੇਸ਼ ਨਾ ਕੀਤੇ ਗਏ ਤਾਂ ਇਨ੍ਹਾਂ ਖਿਲਾਫ਼ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਪੱਤਰਕਾਰਾਂ ਨਾਲ ਗੱਲ ਕਰਦਿਆਂ ਐਡਵੋਕੇਟ ਧਾਮੀ ਨੇ ਗੁਰਦੁਆਰਾ ਸ੍ਰੀ ਅੰਬ ਸਾਹਿਬ ਦੇ ਮੈਨੇਜਰ ਵੱਲੋਂ ਜਾਅਲਸਾਜ਼ੀ ਕਰਕੇ ਵੇਚੀ ਗਈ ਜਗ੍ਹਾ ਦੇ ਸਬੰਧ ਵਿਚ ਕਿਹਾ ਕਿ ਇਸ ਦੀ ਜਾਂਚ ਜਾਰੀ ਹੈ ਅਤੇ ਇਸ ਵਿਚ ਸ਼ਾਮਲ ਕਿਸੇ ਵੀ ਅਧਿਕਾਰੀ, ਕਰਮਚਾਰੀ ਜਾਂ ਬਾਹਰੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਰਿਪੋਰਟ ਸਾਹਮਣੇ ਆਉਣ ’ਤੇ ਹਰ ਦੋਸ਼ੀ ਵਿਰੁੱਧ ਕਾਰਵਾਈ ਹੋਵੇਗੀ। ਐਡਵੋਕੇਟ ਧਾਮੀ ਨੇ ਇਹ ਵੀ ਜਾਣਕਾਰੀ ਵੀ ਸਾਂਝੀ ਕੀਤੀ ਕਿ ਭਵਿੱਖ ਅੰਦਰ ਕਿਸੇ ਵੀ ਮੁਲਾਜ਼ਮ ਨੂੰ ਕਿਸੇ ਗ਼ਲਤੀ ਕਾਰਨ ਹੋਈ ਵਾਰਨਿੰਗ ਅਤੇ ਜ਼ੁਰਮਾਨਾ ਮੁਆਫ਼ ਨਹੀਂ ਕੀਤਾ ਜਾਇਆ ਕਰੇਗਾ। ਉਨ੍ਹਾਂ ਨੇ ਆਸਟ੍ਰੇਲੀਆ ਅੰਦਰ ਇਕ ਸਿੱਖ ’ਤੇ ਕੀਤੇ ਗਏ ਹਮਲੇ ਦੀ ਵੀ ਨਿੰਦਾ ਕੀਤੀ ਅਤੇ ਅਜਿਹੇ ਮਾਮਲਿਆਂ ਵਿਚ ਭਾਰਤ ਸਰਕਾਰ ਨੂੰ ਸਬੰਧਤ ਦੇਸ਼ਾਂ ਨਾਲ ਕੂਟਨੀਤਕ ਪੱਧਰ ’ਤੇ ਗੱਲ ਕਰਨ ਵਾਸਤੇ ਕਿਹਾ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਾਲ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਸ. ਦਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ, ਸ. ਮਿੱਠੂ ਸਿੰਘ ਕਾਹਨੇਕੇ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਆਦਿ ਮੌਜੂਦ ਸਨ।

**ਗਿਆਨੀ ਹਰਪ੍ਰੀਤ ਸਿੰਘ ਸ਼੍ਰੋਮਣੀ ਕਮੇਟੀ ਨੂੰ ਬਦਨਾਮ ਕਰਨ ਲਈ ਮੁਆਫ਼ੀ ਮੰਗਣ, ਨਹੀਂ ਹੋਵੇਗਾ ਮਾਨਹਾਨੀ ਦਾ ਮੁਕੱਦਮਾ**

### ਔਰਤਾਂ ਨੂੰ 1000 ਰੁਪਏ ਦਾ ਝੂਠਾ ਵਾਅਦਾ ਕਰਕੇ ਸੱਤਾ ਵਿੱਚ ਆਈ

# ‘ਆਪ’ ਸਰਕਾਰ ਨੇ ਪੰਜਾਬ ਦਾ ਬੇੜਾ ਗਰਕ : ਹਰਸਿਮਰਤ ਬਾਦਲ

ਤਲਵੰਡੀ ਸਾਬੋ, 19 ਫਰਵਰੀ (ਗੁਰਜੰਟ ਸਿੰਘ ਨਥੇਹਾ)- ਸਾਬਕਾ ਕੇਂਦਰੀ ਮੰਤਰੀ ਅਤੇ ਬਠਿੰਡਾ ਤੋਂ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਤਲਵੰਡੀ ਹਲਕੇ ਦੇ ਦਰਜਨਾਂ ਪਿੰਡਾਂ ਦਾ ਦੌਰਾ ਕੀਤਾ, ਜਿਸ ਤੋਂ ਬਾਅਦ ਉਹ ਦੇਰ ਸ਼ਾਮ ਤਲਵੰਡੀ ਸਾਬੋ ਦੀ ਵਪਾਰਕ ਮੰਡੀ ਰਾਮਾਂ ਪਿੰਡ ਪਹੁੰਚੀ ਅਤੇ ਦਰਜਨਾਂ ਪਰਿਵਾਰਾਂ ਨੂੰ ਅਕਾਲੀ ਦਲ ਵਿੱਚ ਸ਼ਾਮਲ ਕੀਤਾ। ਹਲਕਾ ਇੰਚਾਰਜ ਰਵੀਪ੍ਰੀਤ ਸਿੱਧੂ ਤੋਂ ਪ੍ਰੇਰਿਤ ਹੋ ਕੇ ਰਾਮਾਂ ਪਿੰਡ ਵਿੱਚ ਪ੍ਰਤਾਪ ਸਿੰਘ ਭਾਊ ਦੇ ਘਰ ਹੋਏ ਸਮਾਗਮ ਵਿੱਚ ਪਹੁੰਚਣ ’ਤੇ, ਇੱਕ ਪੂਰਾ ਪਰਿਵਾਰ ਆਮ ਆਦਮੀ ਪਾਰਟੀ (ਆਪ) ਛੱਡ ਕੇ ਅਕਾਲੀ ਦਲ ਵਿੱਚ ਸ਼ਾਮਲ ਹੋ ਗਿਆ, ਜਦੋਂ ਕਿ ਦਰਜਨਾਂ ਹੋਰ ਪਰਿਵਾਰ ਵੀ ਉਨ੍ਹਾਂ ਨਾਲ ਸ਼ਾਮਲ ਹੋ ਗਏ। ਇਕੱਠ ਨੂੰ ਸੰਬੋਧਨ ਕਰਦਿਆਂ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਔਰਤਾਂ ਨੂੰ 1000 ਰੁਪਏ ਦਾ ਲਾਲਚ ਦੇ ਕੇ ਸੱਤਾ ਵਿੱਚ ਆਈ ‘ਆਪ’ ਸਰਕਾਰ ਨੇ ਪੰਜਾਬ ਨੂੰ ਬਰਬਾਦ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਚਾਰ ਸਾਲ ਬੀਤ ਜਾਣ ’ਤੇ ਵੀ ਸਰਕਾਰ ਵੱਲੋਂ ਔਰਤਾਂ ਨੂੰ 1000 ਰੁਪਏ ਨਾ ਦਿੱਤੇ ਜਾਣ ’ਤੇ ਪੰਜਾਬ ਵਿੱਚ ਨਸ਼ਿਆਂ ਕਾਰਨ ਦਿਨ ਦੀ ਰੌਸ਼ਨੀ ਬੁਝ ਰਹੀ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੇ ਨਸ਼ਿਆਂ ਦੇ ਮੁੱਦੇ ’ਤੇ ਪੰਜਾਬ ਦੀ ਖੇਤਰੀ ਪਾਰਟੀ ਅਕਾਲੀ ਦਲ ਨੂੰ ਬਦਨਾਮ ਕੀਤਾ ਹੈ, ਜਦੋਂ ਕਿ ਅਸਲੀਅਤ ਵਿੱਚ ਪਿਛਲੇ ਦਸ ਸਾਲਾਂ ਤੋਂ ਪੰਜਾਬ ਦੇ ਨੌਜਵਾਨ ਨਸ਼ਿਆਂ ਦੀ ਦਲਦਲ ਵਿੱਚ ਫਸ ਕੇ ਆਪਣੀਆਂ ਜ਼ਿੰਦਗੀਆਂ ਬਰਬਾਦ ਕਰ ਰਹੇ ਹਨ, ਜਦੋਂ ਕਿ ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਖੋਖਲੇ ਦਾਅਵੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸੱਚਮੁੱਚ ਪੰਜਾਬ ਦੇ ਲੋਕਾਂ ਦੀ ਪਾਰਟੀ ਹੈ ਅਤੇ ਸਵਰਗੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਕਿਸਾਨਾਂ ਨੂੰ ਮੁਫ਼ਤ ਟਿਊਬਵੈੱਲ ਕੁਨੈਕਸ਼ਨ, ਚਾਰ ਰੁਪਏ ਕਿਲੋ ਆਟਾ ਅਤੇ ਵੀਹ ਰੁਪਏ ਕਿਲੋ ਦਾਲ ਮੁਹੱਈਆ ਕਰਵਾ ਕੇ ਅਤੇ ਕੁੜੀਆਂ ਦੇ ਵਿਆਹਾਂ ਲਈ ਗਰੀਬਾਂ ਨੂੰ ਸ਼ਗਨ (ਤੋਹਫ਼ਾ) ਦੇ ਕੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਕੀਤੀ। ਹਾਲਾਂਕਿ ‘ਆਪ’ ਸਰਕਾਰ ਨੇ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਦੌਰਾਨ ਦਿੱਤੇ ਜਾਣ ਵਾਲੇ ਲਾਭ ਬੰਦ ਕਰ ਦਿੱਤੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਦੀ ਖੇਤਰੀ ਪਾਰਟੀ ਨੂੰ ਭਾਰੀ ਜਿੱਤ ਨਾਲ ਸੱਤਾ ਵਿੱਚ ਲਿਆਉਣ। ਉਨ੍ਹਾਂ ਕਿਹਾ ਕਿ ਜੇਕਰ ਅਕਾਲੀ ਦਲ ਸਰਕਾਰ ਬਣਾਉਂਦਾ ਹੈ, ਤਾਂ ਕਿਸਾਨਾਂ ਨੂੰ ਮੁਫ਼ਤ ਟਿਊਬਵੈੱਲ ਕੁਨੈਕਸ਼ਨ ਦਿੱਤੇ ਜਾਣਗੇ ਅਤੇ ਮੁਫ਼ਤ ਆਟਾ ਅਤੇ ਦਾਲ ਸਕੀਮ ਨੂੰ ਮੁੜ ਸੁਰਜੀਤ ਕੀਤਾ ਜਾਵੇਗਾ। ਕੁੜੀਆਂ ਦੇ ਵਿਆਹ ’ਤੇ ਇੱਕ ਲੱਖ ਰੁਪਏ ਦਾ ਸ਼ਗਨ (ਤੋਹਫ਼ਾ) ਮਿਲੇਗਾ। ਨੌਜਵਾਨਾਂ ਨੂੰ ਆਪਣਾ ਕਾਰੋਬਾਰ ਸ਼ੁਰੂ ਕਰਨ ਦੇ ਯੋਗ ਬਣਾਉਣ ਲਈ ਦਸ ਲੱਖ ਰੁਪਏ ਦੇ ਵਿਆਜ ਮੁਕਤ ਕਰਜ਼ੇ ਦਿੱਤੇ ਜਾਣਗੇ।





# ਬੇਦੀ ਟੇਲਰ ਦੁਕਾਨ ਦੇ ਮਾਲਿਕ ਸਰਦਾਰ ਹਰਜਿੰਦਰ ਸਿੰਘ ਬੇਦੀ ਨੂੰ ਅਣਪਛਾਤਿਆਂ ਵਲੋਂ ਗੋਲੀ ਮਾਰਣ ਦੀ ਦਿਤੀਆਂ ਜਾ ਰਹੀਆਂ ਹਨ ਧਮਕੀਆਂ



**ਨਵੀਂ ਦਿੱਲੀ, 19 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-** ਪਛਮੀ ਦਿੱਲੀ ਦੇ ਜੇਲ੍ਹ ਰੋਡ ਲਾਲ ਬਤੀ ਨੇੜੇ ਬੇਦੀ ਟੇਲਰ ਦੁਕਾਨ ਦੇ ਮਾਲਿਕ ਸਰਦਾਰ ਹਰਜਿੰਦਰ ਸਿੰਘ ਬੇਦੀ ਜੋ ਕਿ 80 ਸਾਲ ਦੇ ਹਨ ਨੇ ਮੀਡੀਆ ਨਾਲ ਕੀਤੀ ਇਕ ਮੁਲਾਕਾਤ ਦੌਰਾਨ ਉਨ੍ਹਾਂ ਨਾਲ ਕੀਤੇ ਜਾ ਰਹੇ ਧੱਕੇ ਅਤੇ ਦਿਤੀਆਂ ਜਾ ਰਹੀਆਂ ਗੋਲੀ ਮਾਰਣ ਦੀਆਂ ਧਮਕੀਆਂ ਬਾਰੇ ਜਾਣਕਾਰੀ ਦੇਂਦਿਆ ਕਿਹਾ ਕਿ ਮੇਰੀ ਦੁਕਾਨ ਦੇ ਪਿਛਲੇ ਅਤੇ ਸਜੇ ਪਾਸੇ ਇਕ ਬਿਲਡਰ ਵਲੋਂ ਕੀਤੀ ਜਾ ਰਹੀ ਨਵੀਂ ਉਸਾਰੀ ਸਦਕਾ ਓਹ ਸਾਨੂੰ ਵੀ ਦੁਕਾਨ ਖਾਲੀ ਕਰਣ ਨੂੰ ਕਹਿ ਰਿਹਾ ਹੈ। ਉਨ੍ਹਾਂ ਦਸਿਆ ਪਿਛਲੇ ਦਸ ਬਾਰਾਂ ਦਿਨਾਂ ਤੋਂ ਅਣਪਛਾਤੇ ਲੋਕ ਆ ਕੇ ਵਾਰ ਵਾਰ ਗੋਲੀ ਮਾਰਣ ਦੀਆਂ ਧਮਕੀਆਂ ਦੇ ਰਹੇ ਹਨ, ਜਿਸ ਨਾਲ ਸਾਡੇ ਜਾਨ ਮਾਲ ਨੂੰ ਖਤਰਾ ਪੈਦਾ ਹੋ ਗਿਆ ਹੈ। ਉਨ੍ਹਾਂ ਦਸਿਆ ਇਹ ਦੁਕਾਨ ਅਸੀਂ ਬਾਰਾਂ ਸਾਲ ਪਹਿਲਾਂ ਇਕ ਬਜ਼ੁਰਗ ਮਾਤਾ ਜੀ ਕੋਲੋਂ ਖਰੀਦੀ ਸੀ ਇੰਨ੍ਹਾ ਦੇ ਚਲਾਣੇ ਉਪਰੰਤ ਉਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਨੇ ਬਾਕੀ ਜਗ੍ਹਾ ਵੇਚ ਦਿੱਤੀ ਤੇ ਹੁਣ ਬਿਲਡਰ ਓਸ ਨੂੰ ਤੋੜ ਕੇ ਨਵੀਂ ਬਿਲਡਿੰਗ ਦੀ ਉਸਾਰੀ ਕਰ ਰਹੇ ਹਨ। ਪਹਿਲਾਂ ਓਹ ਸਾਨੂੰ ਇਸੇ ਨਵੀਂ ਉਸਾਰੀ ਵਿਚ ਦੁਕਾਨ ਲਈ ਢੁਕਵੀਂ ਥਾਂ ਦੇਣ ਨੂੰ ਤਿਆਰ ਹੋ ਗਏ ਸਨ ਪਰ ਹੁਣ ਓਹ ਅਣਪਛਾਤੇ ਬੰਦਿਆਂ ਰਾਹੀਂ ਤੰਗ ਪ੍ਰੇਸ਼ਾਨ ਕਰਵਾ ਰਹੇ ਹਨ। ਉਨ੍ਹਾਂ ਦਸਿਆ ਪਿਛਲੇ ਪਾਸੇ ਕੀਤੀ ਗਈ ਤੋੜਫੋੜ ਸਦਕਾ ਉਨ੍ਹਾਂ ਦੀ ਦੁਕਾਨ ਦੀ ਛੱਤ ਨੂੰ ਵੀ ਨੁਕਸਾਨ ਪਹੁੰਚਾਇਆ ਗਿਆ ਹੈ ਜਿਸ ਨਾਲ ਉਪਰੋ ਮੀਂਹ ਦਾ ਪਾਣੀ ਅੰਦਰ ਆਣਾ ਸ਼ੁਰੂ ਹੋ ਗਿਆ ਹੈ। ਉਨ੍ਹਾਂ ਕਿਹਾ ਮੇਰੀ ਉਮਰ 80 ਸਾਲ ਦੀ ਹੋ ਗਈ ਹੈ ਦੇਸ਼ ਅੰਦਰ ਕੰਮਕਾਜ ਦੇ ਹਾਲਾਤ ਪਹਿਲਾਂ ਹੀ ਮਾੜੇ ਚਲ ਰਹੇ ਹਨ ਤੇ ਜੇਕਰ ਅਸੀਂ ਦੁਕਾਨ ਤੋਂ ਚਲੇ ਗਏ ਤਾਂ ਗੁਜ਼ਾਰਾ ਕਰਣਾ ਬਹੁਤ ਔਖਾ ਹੋ ਜਾਏਗਾ। ਉਨ੍ਹਾਂ ਦੇ ਪਰਿਵਾਰ ਵਿਚ ਇਕ ਬੇਟਾ, ਨੂੰਹ ਅਤੇ ਇਕ ਛੋਟੀ ਬੱਚੀ ਹੈ ਜੋ ਕਿ ਹੁਣ ਹਰ ਸਮੇਂ ਮਾਨਸਿਕ ਚਿੰਤਾਵਾ ਨਾਲ ਜੀਅ ਰਹੇ ਹਨ। ਉਨ੍ਹਾਂ ਦਿੱਲੀ ਪੁਲਿਸ ਅਤੇ ਹੋਰ ਸੰਬੰਧਿਤ ਮਹਿਕਮੇਆ ਨੂੰ ਇਸ ਗੱਲ ਦਾ ਨੋਟਿਸ ਲੈ ਕੇ ਤੁਰੰਤ ਕਾਰਵਾਈ ਕਰਣ ਦੀ ਅਪੀਲ ਕੀਤੀ ਹੈ ਜਿਸ ਨਾਲ ਉਨ੍ਹਾਂ ਦਾ ਅਤੇ ਉਨ੍ਹਾਂ ਦੇ ਪਰਿਵਾਰ ਵਿਚ ਕਿਸੇ ਦਾ ਜਾਨੀ ਜਾ ਮਾਲੀ ਨੁਕਸਾਨ ਨਾ ਹੋ ਸਕੇ।

## ਵੱਡਾ ਗੁਰਦੁਆਰਾ ਬਾਬੇ ਸ਼ਹੀਦਾਂ ਚੜਦੀ ਪੱਤੀ ਪਿੰਡ ਵਡਾਲਾ ਜੋਹਲ ਵਿਖੇ ਸਲਾਨਾ ਜੋੜ ਮੇਲਾ 23 ਫਰਵਰੀ ਤੋਂ 25 ਫਰਵਰੀ ਤੱਕ: ਸੰਤ ਬਾਬਾ ਚਮਕੌਰ ਸਿੰਘ



ਮਹਿਤਾ,19 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਵੱਡਾ ਗੁਰਦੁਆਰਾ ਬਾਬੇ ਸ਼ਹੀਦਾਂ ਪਿੰਡ ਵਡਾਲਾ ਜੋਹਲ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਚਮਕੌਰ ਸਿੰਘ ਜੀ ਅਗਵਾਈ ਹੇਠ ਧੰਨ ਧੰਨ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਅਤੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅਤੇ ਸੱਚਖੰਡਵਾਸੀ ਬ੍ਰਹਮ ਗਿਆਨੀ ਸੰਤ ਬਾਬਾ ਠਾਕੁਰ ਸਿੰਘ ਜੀ ਦੀ ਮਿੱਠੀ ਯਾਦ ਵਿਚ ਮਿੱਤੀ 23 ਫਰਵਰੀ ਤੋਂ 25 ਫਰਵਰੀ 2026 ਦਿਨ ਸੋਮਵਾਰ, ਮੰਗਲਵਾਰ, ਬੁੱਧਵਾਰ ਨੂੰ ਗੁਰਦੁਆਰਾ ਬਾਬੇ ਸ਼ਹੀਦਾਂ ਚੜਦੀ ਪੱਤੀ ਪਿੰਡ ਵਡਾਲਾ ਜੋਹਲ ਵਿਖੇ ਦੇਸ਼ਾਂ ਵਿਦੇਸ਼ਾਂ ਅਤੇ ਸਮੂਹ ਪਿੰਡ ਅਤੇ ਸਮੂਹ ਇਲਾਕਾ ਨਿਵਾਸੀਆਂ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਸੰਤ ਬਾਬਾ ਚਮਕੌਰ ਸਿੰਘ ਵਡਾਲਾ ਜੋਹਲ ਨੇ ਦੱਸਿਆ ਕਿ ਇਸ ਸਮਾਗਮਾਂ ਵਿੱਚ ਸੰਤ, ਮਹਾਂਪੁਰਖ, ਨਿਹੰਗ ਸਿੰਘ ਜਥੇਬੰਦੀਆਂ, ਸਾਧੂ, ਨਿਰਮਲੇ ਮਹਾਂਪੁਰਖ ਹਾਜ਼ਰੀਆਂ ਭਰਨਗੇ। ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ, ਕੀਰਤਨੀਏ ਢਾਡੀ ਜਥੇ, ਪ੍ਰਚਾਰਕ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ।26 ਫਰਵਰੀ ਨੂੰ ਮਹਾਨ ਅਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ ਜਿਸ ਵਿਚ ਅਮ੍ਰਿਤ ਅਭਿਆਖੀਆ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ। ਗੁਰੂ ਜੀ ਦੇ ਲੰਗਰ ਅਟੁੱਟ ਵਰਤਨਗੇ। ਸੰਤ ਬਾਬਾ ਚਮਕੌਰ ਸਿੰਘ ਵਡਾਲਾ ਜੋਹਲ ਅਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਦੇਸਾ ਵਿਦੇਸ਼ਾਂ ਅਤੇ ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਸਾਰੇ ਦਿਨ ਹਾਜ਼ਰੀਆਂ ਭਰ ਕੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸ਼ਹੀਦਾਂ ਸਿੰਘਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

## ਪੰਜਾਬੀ ਯੂਨੀਵਰਸਿਟੀ ਕੈਂਪਸ, ਤਲਵੰਡੀ ਸਾਬੋ ਵੱਲੋਂ ਸਿਹਤ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ



ਤਲਵੰਡੀ ਸਾਬੋ, 19 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਨੇ ਆਭਾ ਭਾਵ ਆਯੁਸ਼ਮਾਨ ਭਾਰਤ ਸਿਹਤ ਖਾਤੇ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਵਿਦਿਆਰਥੀਆਂ ਨੂੰ ਰਜਿਸਟਰ ਕਰਨ ਲਈ ਇੱਕ ਪ੍ਰੋਗਰਾਮ ਦਾ ਆਯੋਜਨ ਕਰਵਾਇਆ। ਇਹ ਖਾਤਾ ਭਾਰਤ ਭਰ ਦੇ ਅਧਿਕਾਰਤ ਸਿਹਤ ਸੰਭਾਲ ਕੇਂਦਰਾਂ ਨਾਲ ਸਿਹਤ ਡੇਟਾ ਜਿਸ ਵਿੱਚ ਲੈਬ ਰਿਪੋਰਟਾਂ, ਨੁਸਖ਼ਿਆਂ ਆਦਿ ਨੂੰ ਸੁਰੱਖਿਅਤ ਤੇ ਅਗਾਊਂ-ਸਹਿਮਤੀ ਨਾਲ ਸਾਂਝਾ ਕਰਨ ਦਾ ਕਾਰਜ ਕਰਦਾ ਹੈ। ਇਹ ਪ੍ਰੋਗਰਾਮ ਕੈਂਪਸ ਦੇ ਭਗਤ ਪੂਰਨ ਸਿੰਘ ਸਿਹਤ ਕੇਂਦਰ ਦੁਆਰਾ ਸਿਵਲ ਸਰਜਨ ਦਫਤਰ ਬਠਿੰਡਾ ਤੋਂ ਨਿਗਰਾਨੀ ਅਤੇ ਮੁਲਾਂਕਣ ਸ਼ਾਖਾ ਦੀ ਸਹਾਇਤਾ ਨਾਲ ਆਯੋਜਿਤ ਕੀਤਾ ਗਿਆ ਜਿਸ ਤਹਿਤ ਵਿਦਿਆਰਥੀਆਂ ਨੂੰ ਕੇਂਦਰ ਅਤੇ ਰਾਜ ਸਰਕਾਰਾਂ ਦੁਆਰਾ ਚਲਾਈਆਂ ਜਾ ਰਹੀਆਂ ਵੱਖ-ਵੱਖ ਸਿਹਤ ਸੰਭਾਲ ਯੋਜਨਾਵਾਂ ਬਾਰੇ ਵੱਡਮੁਲੀ ਜਾਣਕਾਰੀ ਪ੍ਰਦਾਨ ਕੀਤੀ ਗਈ। ਸ਼੍ਰੀਮਤੀ ਸਰਿਤਾ ਸਿੰਗਲਾ-ਜ਼ਿਲ੍ਹਾ ਨਿਗਰਾਨੀ ਅਤੇ ਮੁਲਾਂਕਣ ਅਧਿਕਾਰੀ, ਸੰਦੀਪ ਗਰੋਵਰ ਡਵੀਜ਼ਨਲ ਕੋਆਰਡੀਨੇਟਰ ਅਤੇ ਕੇਸ਼ਵ ਗੁਰ-ਸਿਵਲ ਸਰਜਨ, ਬਠਿੰਡਾ ਦੇ ਦਫਤਰ ਤੋਂ ਜ਼ਿਲ੍ਹਾ ਅੰਕੜਾ ਸਹਾਇਕ ਟੀਮ ਨੇ ਸ਼੍ਰੀ ਹਰਪ੍ਰੀਤ ਸਿੰਘ, ਫਾਰਮਾਸਿਸਟ, ਭਗਤ ਪੂਰਨ ਸਿੰਘ ਸਿਹਤ ਕੇਂਦਰ ਦੇ ਨਾਲ ਕੈਂਪਸ ਦੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕੀਤਾ ਅਤੇ ਸਰਕਾਰੀ ਯੋਜਨਾਵਾਂ ਅਤੇ ਆਭਾ ਨੰਬਰ ਦੀ ਭੂਮਿਕਾ ਬਾਰੇ ਪ੍ਰਤੱਖ ਪ੍ਰਦਰਸ਼ਨ ਕਰਦੇ ਹੋਏ ਇਹ ਨੰਬਰ ਲਈ ਨਾਮ ਦਰਜ ਕਰਵਾਕੇ ਜਾਣਕਾਰੀ ਦਿੱਤੀ ਗਈ। ਪੰਜਾਬੀ ਯੂਨੀਵਰਸਿਟੀ ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਨੇ ਟੀਮ ਦੇ ਮੈਂਬਰਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਅਤੇ ਸਿਵਲ ਸਰਜਨ ਬਠਿੰਡਾ ਦਾ ਧੰਨਵਾਦ ਕੀਤਾ। ਜਿਕਰਯੋਗ ਹੈ ਕਿ ਆਭਾ ਖਾਤਾ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਦੇ ਤਹਿਤ ਇੱਕ ਮੁਫਤ, 14 ਅੰਕਾਂ ਵਾਲਾ ਵਿਲੱਖਣ ਪਛਾਣ ਨੰਬਰ ਹੈ ਜੋ ਨਿੱਜੀ ਸਿਹਤ ਰਿਕਾਰਡਾਂ ਨੂੰ ਡਿਜੀਟਾਈਜ਼ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਚੀਨ ਅਤੇ ਭਾਰਤ ਵਰਗੇ ਦੇਸ਼ ਵੀ ਡਿਪਲੋਮੈਟਿਕ ਸਟਾਫ ਨੂੰ

# ਵਿਦੇਸ਼ਾਂ ਵਿੱਚ ਦਮਨ ਦੀਆਂ ਕੋਸ਼ਿਸ਼ਾਂ ਕਰਨ ਲਈ ਕਰਦੇ ਹਨ ਨਿਯੁਕਤ: ਐਮਆਈਜੀਐਸ ਰਿਪੋਰਟ



ਨਵੀਂ ਦਿੱਲੀ 19 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡਾ ਦੀ ਮਾਂਟਰੀਅਲ ਇੰਸਟੀਚਿਊਟ ਫਾਰ ਗਲੋਬਲ ਸਿਕਿਓਰਿਟੀ ਨੇ ਗੁਰਸਕੀ ਅਤੇ ਲੈਮੇਂਸਚ ਦੁਆਰਾ ਸਹਿ-ਲੇਖਿਤ ਇੱਕ ਨਵੀਂ 71-ਪੰਨਿਆਂ ਦੀ ਰਿਪੋਰਟ ਲਾਂਚ ਕੀਤੀ ਹੈ, ਜਿਸ ਵਿੱਚ ਕੈਨੇਡਾ ਵਿੱਚ ਹੋ ਰਹੇ ਕਈ ਵੱਖ-ਵੱਖ ਦੇਸ਼ਾਂ ਦੁਆਰਾ ਅੰਤਰਰਾਸ਼ਟਰੀ ਦਮਨ 'ਤੇ ਡੂੰਘਾਈ ਨਾਲ ਵਿਚਾਰ ਕੀਤਾ ਗਿਆ ਹੈ। ਇਸ ਰਿਪੋਰਟ ਵਿਚ ਕੈਨੇਡਾ ਅੰਦਰ ਈਰਾਨੀ ਅਸੰਤੁਸ਼ਟਾਂ ਅਤੇ ਸਿੱਖ ਰਾਸ਼ਟਰਵਾਦੀ ਕਾਰਕੁਨਾਂ ਨੂੰ ਮਿਲ਼ ਰਹੇ ਦਰਪੇਸ਼ ਹਿੰਸਕ ਖਤਰਿਆਂ ਨੂੰ ਉਜਾਗਰ ਕੀਤਾ ਗਿਆ ਹੈ ਜਿਸ ਵਿਚ ਖਾਸ ਤੌਰ 'ਤੇ ਬ੍ਰਿਟਿਸ਼ ਕੋਲੰਬੀਆ ਵਿੱਚ ਹਰਦੀਪ ਸਿੰਘ ਨਿੱਝਰ ਦੇ 2023 ਦੇ ਕਤਲ ਵਿੱਚ ਭਾਰਤ ਸਰਕਾਰ ਦੀ ਕਥਿਤ ਸ਼ਮੂਲੀਅਤ ਬਾਰੇ ਜਿਕਰ ਹੋਇਆ ਹੈ। ਜਿਕਰਯੋਗ ਹੈ ਕੈਨੇਡਾ ਦੀ ਇਕ ਅਖ਼ਬਾਰ ਗਲੋਬਲ ਨਿਊਜ਼ ਨੇ ਖੁਲਾਸਾ ਕੀਤਾ ਸੀ ਕਿ ਕੈਨੇਡੀਅਨ ਇਮੀਗ੍ਰੇਸ਼ਨ ਅਧਿਕਾਰੀਆਂ ਦੁਆਰਾ ਮੁੱਖ ਤੌਰ 'ਤੇ ਸਿੱਖ ਪਿਛੋਕੜ ਵਾਲੇ ਕੈਨੇਡੀਅਨਾਂ ਵਿਰੁੱਧ ਸੈਂਕੜੇ ਵਿਦੇਸ਼ੀ ਨਾਗਰਿਕਾਂ ਦੀ ਭਾਰਤੀ ਗਿਰੋਹ ਦੀ ਅਗਵਾਈ ਵਾਲੇ ਜਬਰਨ ਵਸੂਲੀ ਦੇ ਅਪਰਾਧਾਂ ਦੀ ਇੱਕ ਲਹਿਰ ਵਿੱਚ ਕਥਿਤ ਸ਼ਮੂਲੀਅਤ ਲਈ ਇਕੱਲੇ ਬੀ.ਸੀ. ਵਿੱਚ ਜਾਂਚ ਕੀਤੀ ਜਾ ਰਹੀ ਹੈ। ਐਮਆਈਜੀਐਸ ਰਿਪੋਰਟ ਵਿੱਚ ਗਲੋਬਲ ਨਿਊਜ਼ ਦੀ ਕੈਨੇਡਾ ਅਤੇ ਇਸਦੇ ਫਾਈਵ ਆਈਜ਼ ਖੁਫੀਆ ਭਾਈਵਾਲਾਂ ਵੱਲੋਂ 2024 ਦੀ ਚੇਤਾਵਨੀ 'ਤੇ ਰਿਪੋਰਟਿੰਗ ਦਾ ਵੀ ਹਵਾਲਾ ਦਿੱਤਾ ਗਿਆ ਹੈ ਕਿ ਚੀਨ ਅਤੇ ਰੂਸ ਪੱਤਰਕਾਰਾਂ ਅਤੇ ਗੈਰ-ਮੁਨਾਫ਼ਾ ਕਾਰਕੁਨ ਸੰਗਠਨਾਂ ਵਰਗੇ ਸਿਵਲ ਸਮਾਜ ਸਮੂਹਾਂ ਨੂੰ ਔਨਲਾਈਨ ਨਿਸ਼ਾਨਾ ਬਣਾ ਰਹੇ ਹਨ। ਚੀਨ ਅਤੇ ਭਾਰਤ ਵਰਗੇ ਦੇਸ਼ ਵੀ ਅਕਸਰ ਡਿਪਲੋਮੈਟਿਕ ਸਟਾਫ ਨੂੰ ਵਿਦੇਸ਼ਾਂ ਵਿੱਚ ਦਮਨ ਦੀਆਂ ਕੋਸ਼ਿਸ਼ਾਂ ਕਰਨ ਲਈ ਨਿਯੁਕਤ ਕਰਦੇ ਹਨ। ਰਿਪੋਰਟ ਦੇ ਲੇਖਕਾਂ ਨੇ ਕਿਹਾ ਕਿ ਅੰਤਰਰਾਸ਼ਟਰੀ ਦਮਨ ਇੱਕ ਵਿਆਪਕ ਵਰਤਾਰਾ ਹੈ ਅਤੇ "ਇੱਕ ਖ਼ਤਰਾ ਜੋ ਵਧ ਰਿਹਾ ਹੈ ਅਤੇ ਵਧੇਰੇ ਸਪੱਸ਼ਟ ਹੁੰਦਾ ਜਾ ਰਿਹਾ ਹੈ÷, ਕਈ ਦੇਸ਼ ਵੱਖ-ਵੱਖ ਪੱਧਰਾਂ 'ਤੇ ਇਸਦਾ ਪਿੱਛਾ ਕਰ ਰਹੇ ਹਨ। ਲੈਮੇਂਸਚ ਨੇ ਕਿਹਾ ਕਿ ਅੰਤਰਰਾਸ਼ਟਰੀ ਦਮਨ ਦੇ ਖ਼ਤਰੇ ਦਾ ਵੀ ਲੋਕਤੰਤਰ 'ਤੇ ਡਰਾਉਣਾ ਪ੍ਰਭਾਵ ਪੈਂਦਾ ਹੈ, ਡਾਇਸਪੋਰਾ ਮੈਂਬਰ ਘਰ ਵਿੱਚ ਦੁਰਵਿਵਹਾਰ ਵਿਰੁੱਧ ਬੋਲਣ ਜਾਂ ਕੈਨੇਡਾ ਵਿੱਚ ਰਾਜਨੀਤੀ ਵਿੱਚ ਦਾਖਲ ਹੋਣ ਲਈ ਵੱਧ ਰਹੇ ਹਨ। ਉਨ੍ਹਾਂ ਨੇ ਅੱਗੇ ਕਿਹਾ ਕਿ ਉਹ ਚੋਣਾਂ ਵਿੱਚ ਵੋਟ ਨਾ ਪਾਉਣ ਲਈ ਮਜਬੂਰ ਵੀ ਮਹਿਸੂਸ ਕਰ ਸਕਦੇ ਹਨ। ਇਹ ਰਿਪੋਰਟ ਵਿਦੇਸ਼ੀ ਦਖਲਅੰਦਾਜ਼ੀ ਬਾਰੇ ਹਾਲ ਹੀ ਵਿੱਚ ਹੋਈ ਜਨਤਕ ਜਾਂਚ ਦਾ ਹਵਾਲਾ ਦਿੰਦੀ ਹੈ, ਜਿਸ ਨੇ ਡਾਇਸਪੋਰਾ ਭਾਈਚਾਰਿਆਂ ਨੂੰ ਸੁਣਨ ਤੋਂ ਬਾਅਦ ਅੰਤਰਰਾਸ਼ਟਰੀ ਦਮਨ 'ਤੇ ਸਰਕਾਰੀ ਕਾਰਵਾਈ ਦੀ ਮੰਗ ਕੀਤੀ ਸੀ, ਜਦੋਂ ਕਿ ਇਹ ਮੁੱਦਾ ਚੋਣਾਂ ਤੋਂ ਬਹੁਤ ਅੱਗੇ ਵਧਿਆ ਹੋਇਆ ਹੈ। ਐਮਆਈਜੀਐਸ ਰਿਪੋਰਟ ਦੀਆਂ ਸਿਫ਼ਾਰਸ਼ਾਂ ਵਿੱਚ ਕੈਨੇਡਾ ਦੀ ਸੰਘੀ ਵਿਦੇਸ਼ੀ ਪ੍ਰਭਾਵ ਪਾਰਦਰਸ਼ਤਾ ਰਜਿਸਟਰੀ ਨੂੰ ਜਲਦੀ ਖੜ੍ਹਾ ਕਰਨਾ ਸ਼ਾਮਲ ਹੈ ਤਾਂ ਜੋ ਦਮਨ ਦੇ ਯਤਨਾਂ ਵਿੱਚ ਸ਼ਾਮਲ ਵਿਅਕਤੀਆਂ ਨੂੰ ਬਿਹਤਰ ਢੰਗ ਨਾਲ ਟਰੈਕ ਕੀਤਾ ਜਾ ਸਕੇ। ਇਹ ਰਜਿਸਟਰੀ ਵਿਦੇਸ਼ੀ ਦਖਲਅੰਦਾਜ਼ੀ ਨੂੰ ਹੱਲ ਕਰਨ ਲਈ ਸਰਕਾਰ ਦੇ 2024 ਦੇ ਕਾਨੂੰਨ ਦੁਆਰਾ ਬਣਾਈ ਗਈ ਸੀ ਪਰ ਅਜੇ ਤੱਕ ਸ਼ੁਰੂ ਨਹੀਂ ਹੋਈ ਹੈ।

**ਕੈਨੇਡਾ ਦੀ ਐਮਆਈਜੀਐਸ ਵਲੋਂ ਜਾਰੀ ਰਿਪੋਰਟ ਵਿਚ ਕੈਨੇਡੀਅਨ ਸਿੱਖ ਕਾਰਕੁਨਾਂ ਨੂੰ ਮਿਲ ਰਹੇ ਦਰਪੇਸ਼ ਹਿੰਸਕ ਖਤਰਿਆਂ ਨੂੰ ਕੀਤਾ ਗਿਆ ਉਜਾਗਰ**

### ਪੰਜਾਬ ਵਿੱਚ ਪੁਲਿਸ ਜਬਰ ਵਿਰੁੱਧ

# ਸੰਯੁਕਤ ਕਿਸਾਨ ਮੋਰਚਾ ਵਲੋਂ ਜ਼ੋਰਦਾਰ ਵਿਰੋਧ ਪ੍ਰਦਰਸ਼ਨ



**ਭਾਰਤ ਦੇ ਸੰਵਿਧਾਨ ਦੁਆਰਾ ਗਰੰਟੀਸ਼ੁਦਾ ਵਿਰੋਧ ਪ੍ਰਦਰਸ਼ਨ ਦੇ ਜਾਇਜ਼ ਅਧਿਕਾਰ ਵਿਰੁੱਧ ਕਾਨੂੰਨਾਂ ਦੀ ਦੁਰਵਰਤੋਂ ਨੂੰ ਰੋਕਣ ਲਈ ਰਾਜਨੀਤਿਕ ਪਾਰਟੀਆਂ ਨੂੰ ਅਪੀਲ**

ਨਵੀਂ ਦਿੱਲੀ 19 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸੰਯੁਕਤ ਕਿਸਾਨ ਮੋਰਚਾ 18 ਫਰਵਰੀ ਨੂੰ ਪੰਜਾਬ ਪੁਲਿਸ ਦੁਆਰਾ ਪੰਜਾਬ ਦੇ ਵੱਖ-ਵੱਖ ਸਥਾਨਾਂ 'ਤੇ ਕੀਤੇ ਗਏ ਦਮਨ ਦੀ ਸਖ਼ਤ ਨਿੰਦਾ ਕਰਦਾ ਹੈ। ਪ੍ਰਦਰਸ਼ਨਕਾਰੀ ਕਿਸਾਨਾਂ 'ਤੇ ਬੇਰਹਿਮੀ ਨਾਲ ਲਾਠੀਚਾਰਜ, ਗ੍ਰਿਫ਼ਤਾਰੀਆਂ ਅਤੇ ਡਰਾਉਣ-ਧਮਕਾਉਣ ਦੇ ਉਪਾਅ ਵਰਤੇ ਗਏ ਸਨ। ਕਿਸਾਨ ਲੰਬੇ ਸਮੇਂ ਤੋਂ ਆਪਣੇ ਜ਼ਮੀਨੀ ਅਧਿਕਾਰਾਂ ਦੀ ਰਾਖੀ ਲਈ ਲੜ ਰਹੇ ਹਨ। ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਸੀਨੀਅਰ ਆਗੂ ਬਲਦੇਵ ਸਿੰਘ ਚੌਕ ਅਤੇ ਸਗਨਦੀਪ ਸਿੰਘ ਜਿਓਂਦ ਪਿਛਲੇ ਵਿਰੋਧ ਪ੍ਰਦਰਸ਼ਨਾਂ ਨਾਲ ਸਬੰਧਤ ਕਤਲ ਦੀ ਕੋਸ਼ਿਸ਼ ਦੇ ਦੋਸ਼ਾਂ ਵਿੱਚ ਪਿਛਲੇ ਦਸ ਮਹੀਨਿਆਂ ਤੋਂ ਕੈਦ ਵਿੱਚ ਹਨ। 18 ਫਰਵਰੀ ਨੂੰ, ਬਠਿੰਡਾ ਵਿੱਚ ਜ਼ਿਲ੍ਹਾ ਕੁਲੈਕਟਰ ਦਫ਼ਤਰ ਵਿਖੇ ਉਨ੍ਹਾਂ ਦੀ ਰਿਹਾਈ ਦੀ ਮੰਗ ਕਰਦੇ ਹੋਏ ਇੱਕ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਹਾਲਾਂਕਿ, ਪੁਲਿਸ ਨੇ ਪਿੰਡਾਂ ਵਿੱਚ ਵਿਆਪਕ ਦਮਨ ਸ਼ੁਰੂ ਕਰ ਦਿੱਤਾ, ਵਿਰੋਧ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਲਈ ਇਕੱਠੇ ਹੋਏ ਕਿਸਾਨਾਂ 'ਤੇ ਲਾਠੀਚਾਰਜ ਕੀਤਾ, ਅੱਥਰੂ ਗੈਸ ਦੇ ਗੋਲੇ ਸੁੱਟੇ ਅਤੇ ਜ਼ਬਰਦਸਤੀ ਗ੍ਰਿਫ਼ਤਾਰੀਆਂ ਕੀਤੀਆਂ। ਇਸ ਦੇ ਬਾਵਜੂਦ, ਕਿਸਾਨ ਅਡੋਲ ਰਹੇ, ਅਤੇ ਪ੍ਰਸ਼ਾਸਨ ਨੂੰ ਆਖਰਕਾਰ ਕੱਲ੍ਹ ਸ਼ਾਮ ਦੋਵਾਂ ਆਗੂਆਂ ਨੂੰ ਜ਼ਮਾਨਤ 'ਤੇ ਰਿਹਾਅ ਕਰਨ ਲਈ ਮਜਬੂਰ ਹੋਣਾ ਪਿਆ। ਐਸਕੇਐਮ ਕਿਸਾਨਾਂ ਨੂੰ ਉਨ੍ਹਾਂ ਦੇ ਦਲੇਰ ਅਤੇ ਦ੍ਰਿੜ ਜਨਤਕ ਸੰਘਰਸ਼ ਲਈ ਸਲਾਮ ਕਰਦਾ ਹੈ ਜਿਸ ਕਾਰਨ ਜਿੱਤ ਹੋਈ। ਐਸਕੇਐਮ ਭਾਰਤੀ ਦੰਡ ਸੰਹਿਤਾ ਦੀ ਦੁਰਵਰਤੋਂ ਦੀ ਸਖ਼ਤ ਨਿੰਦਾ ਕਰਦਾ ਹੈ, ਜੋ ਵਿਰੋਧ ਪ੍ਰਦਰਸ਼ਨ ਦੇ ਅਧਿਕਾਰ ਨੂੰ ਦਬਾਉਂਦਾ ਹੈ ਅਤੇ ਬਿਨਾਂ ਕਿਸੇ ਮੁਕੱਦਮੇ ਦੇ ਲੰਬੇ ਸਮੇਂ ਲਈ ਕਾਰਕੁਨਾਂ ਨੂੰ ਗੈਰ-ਕਾਨੂੰਨੀ ਤੌਰ 'ਤੇ ਹਿਰਾਸਤ ਵਿੱਚ ਰੱਖਦਾ ਹੈ। ਕਿਸਾਨ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ ਮਿਹਨਤਕਸ਼ ਲੋਕਾਂ 'ਤੇ ਲਗਾਤਾਰ ਹਮਲਿਆਂ ਵਿਰੁੱਧ ਲੜ ਰਹੇ ਹਨ। ਉਹ ਸਾਰੀਆਂ ਫਸਲਾਂ ਲਈ ਸੀ 2+50% ਫਾਰਮੂਲੇ 'ਤੇ ਆਧਾਰਿਤ ਲਾਹੇਵੰਦ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀਸ਼ੁਦਾ ਖਰੀਦ, ਵਿਆਪਕ ਕਰਜ਼ਾ ਮੁਆਫ਼ੀ, ਜ਼ਮੀਨੀ ਅਧਿਕਾਰਾਂ ਦੀ ਰੱਖਿਆ ਲਈ ਐਲਏਆਰਆਰ ਐਕਟ 2023 ਨੂੰ ਲਾਗੂ ਕਰਨ ਅਤੇ ਸੰਯੁਕਤ ਰਾਜ ਅਮਰੀਕਾ ਨਾਲ ਵਪਾਰ ਸਮਝੌਤੇ ਅਤੇ ਹੋਰ ਮੁਕਤ ਵਪਾਰ ਸਮਝੌਤਿਆਂ, ਬੀਜ ਬਿੱਲ, ਬਿਜਲੀ ਬਿੱਲ, ਵੀਬੀ ਗ੍ਰਾਮੀਣ ਐਕਟ, ਚਾਰ ਕਿਰਤ ਕੋਡ ਆਦਿ ਦੇ ਵਿਰੁੱਧ ਅੰਦੋਲਨ ਕਰ ਰਹੇ ਹਨ। ਭਾਜਪਾ ਸ਼ਾਸਿਤ ਰਾਜਾਂ ਵਿੱਚ ਪੁਲਿਸ ਦਮਨ ਦੁਆਰਾ ਕਿਸਾਨਾਂ ਦੇ ਜਾਇਜ਼ ਸੰਘਰਸ਼ ਨੂੰ ਕੁਚਲਣਾ ਇੱਕ ਨਵਾਂ ਆਮ ਬਣ ਗਿਆ ਹੈ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਨੇ ਵੀ ਅਜਿਹੇ ਤਾਨਾਸ਼ਾਹੀ ਅਤੇ ਗੈਰ-ਲੋਕਤੰਤਰੀ ਕਦਮ ਚੁੱਕੇ ਹਨ। ਐਸਕੇਐਮ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕਰਦਾ ਹੈ ਕਿ ਉਹ ਭਾਰਤ ਦੇ ਸੰਵਿਧਾਨ ਦੁਆਰਾ ਗਾਰੰਟੀਸ਼ੁਦਾ ਲੋਕਤੰਤਰੀ ਵਿਰੋਧ ਦੇ ਅਧਿਕਾਰ ਵਿਰੁੱਧ ਕਾਨੂੰਨਾਂ ਦੀ ਦੁਰਵਰਤੋਂ ਦੀ ਸਖ਼ਤ ਨਿੰਦਾ ਕਰਨ। ਐਸਕੇਐਮ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਤੋਂ ਮੰਗ ਕਰਦਾ ਹੈ ਕਿ ਉਹ ਤੁਰੰਤ ਪੁਲਿਸ ਦੀ ਬੇਰਹਿਮੀ ਨੂੰ ਖਤਮ ਕਰੇ, ਕਿਸਾਨਾਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰੇ ਅਤੇ ਉਨ੍ਹਾਂ ਨੂੰ ਲੋਕਤੰਤਰੀ ਢੰਗ ਨਾਲ ਹੱਲ ਕਰੇ।

# ਫਰਾਂਸ ਦੇ ਰਾਸ਼ਟਰਪਤੀ ਐਮੂਨਲ ਮੈਕਰੋਨ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਹੋਏ ਨਤਮਸਤਕ



**ਨਵੀਂ ਦਿੱਲੀ, 19 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**-ਫਰਾਂਸ ਦੇ ਰਾਸ਼ਟਰਪਤੀ ਐਮੂਨਲ ਮੈਕਰੋਲ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਫਰਾਂਸ ਦੇ ਰਾਸ਼ਟਰਪਤੀ ਐਮੂਨਲ ਮੈਕਰੋਨ ਨੇ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਉਹਨਾਂ ਕਿਹਾ ਕਿ ਰਾਸ਼ਟਰਪਤੀ ਨੇ ਬਹੁਤ ਹੀ ਸ਼ਰਧਾ ਤੇ ਸਤਿਕਾਰ ਨਾਲ ਉਸ ਸਮੇਂ ਗੁਰੂ ਘਰ ਵਿਚ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਜਦੋਂ ਕੀਰਤਨੀ ਜੱਥੇ ਗੁਰੂ ਕੀ ਇਲਾਹੀ ਬਾਣੀ ਦਾ ਰਸਭਿੰਨਾ ਕੀਰਤਨ ਕਰ ਰਹੇ ਸਨ। ਉਹਨਾਂ ਕਿਹਾ ਕਿ ਕੁਝ ਲੋਕ ਜਾਣ ਬੁੱਝ ਕੇ ਅਜਿਹਾ ਕੂੜ ਪ੍ਰਚਾਰ ਕਰ ਰਹੇ ਹਨ ਕਿ ਕੋਈ ਰਸਤਾ ਬੰਦ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਉਹਨਾਂ ਨੇ ਪੁਲਿਸ ਦੇ ਉੱਚ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ ਹੈ ਤੇ ਉਹ ਸਪਸ਼ਟ ਕਰਨਾ ਚਾਹੁੰਦੇ ਹਨ ਕਿ ਜਦੋਂ ਵੀ ਕੋਈ ਵੀ ਵੀ ਆਈ ਪੀ ਆਉਂਦੇ ਹਨ ਤਾਂ ਕਿਸੇ ਵੀ ਤਰੀਕੇ ਕੋਈ ਰਸਤਾ ਬੰਦ ਨਹੀਂ ਕੀਤਾ ਜਾਂਦਾ। ਉਹਨਾਂ ਨੇ ਸੰਗਤਾਂ ਦੇ ਸਹਿਯੋਗ ਲਈ ਧੰਨਵਾਦ ਕਰਦਿਆਂ ਫਿਰ ਤੋਂ ਵਿਸ਼ਵਾਸ ਦੁਆਇਆ ਕਿ ਕਮੇਟੀ ਹਰ ਤਰੀਕੇ ਤੇ ਹਰ ਸਹਿਯੋਗ ਵਾਸਤੇ ਸੰਗਤਾਂ ਦੇ ਸਹਿਯੋਗ ਲਈ ਹਾਜ਼ਰ ਹੈ ਤੇ ਇਸ ਵਿਚ ਕੋਈ ਢਿੱਲ ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਸਾਬਕਾ ਐਮ ਸੀ ਯੂਨੀਸ ਮਸੀਹ ਵਲੋਂ ਮਜੀਠੀਆ ਨਾਲ ਕੀਤੀ ਮੁਲਾਕਾਤ

**ਚੌਕ ਮਹਿਤਾ, 19 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਵਾਰਡ ਨੰਬਰ 1 ਹਲਕਾ ਮਜੀਠਾ ਤੋਂ ਸਾਬਕਾ ਐਮ ਸੀ ਯੂਨਸ ਮਸੀਹ ਵਲੋਂ ਸਰਦਾਰ ਬਿਕਰਮਜੀਤ ਸਿੰਘ ਮਜੀਠੀਆ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹਾਲਚਾਲ ਪੁੱਛਿਆ ਗਿਆ ਅਤੇ ਉਨ੍ਹਾਂ ਨੂੰ ਗੁਲਦਸਤਾ ਭੇਟ ਕੀਤਾ ਗਿਆ ਯੂਨੀਸ ਮਸੀਹ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜੋਂ ਵੀ ਇਲਜ਼ਾਮ ਬਿਕਰਮ ਮਜੀਠੀਆ ਸਾਬਕਾ ਮੰਤਰੀ ਤੇ ਲਗਾਏ ਨੇ ਉਹ ਸਬੂਤਾਂ ਦੇ ਆਧਾਰ ਦੇ ਸੁਪਰੀਮ ਕੋਰਟ ਵੱਲੋਂ ਉਹਨਾਂ ਨੂੰ ਬਰੀ ਕੀਤਾ ਗਿਆ ਹੈ ਇਸ ਲਈ ਮੈਂ ਆਪਣੇ ਵੱਲੋਂ ਤੇ ਸਮੁੱਚੀ ਵਾਰਡ ਵੱਲੋਂ ਸੁਪਰੀਮ ਕੋਰਟ ਦਾ ਧੰਨਵਾਦ ਕਰਦਾ ਹਾਂ ਅਤੇ ਆਉਣ ਵਾਲੇ ਟਾਈਮ ਤੇ ਆਸ ਕਰਦਾ ਹਾਂ ਕਿ ਸਰਦਾਰ ਸੁਖਬੀਰ ਸਿੰਘ ਬਾਦਲ ਸਾਹਿਬ ਇਹਨਾਂ ਨੂੰ ਫਿਰ ਟਿਕਟ ਦੇਣਗੇ ਤੇ ਅਸੀਂ ਆਪਣੇ ਹਲਕੇ ਮਜੀਠੇ ਤੋਂ ਵੱਧ ਤੋਂ ਵੱਧ ਵੋਟਾਂ ਪਵਾ ਕੇ ਇਹਨਾਂ ਨੂੰ ਕਾਮਯਾਬ ਕਰਾਂਗੇ ਅਤੇ ਵਿਧਾਨ ਸਭਾ ਦੇ ਵਿੱਚ ਹੀ ਫੇਰ ਇਹਨਾਂ ਨੂੰ ਕੈਬਨਟ ਮੰਤਰੀ ਦੇ ਤੌਰ ਤੇ ਦੇਖਣਾ ਚਾਹੁੰਦੇ ਹਾਂ ਮੇਰੇ ਨਾਲ ਮੌਜੂਦਾ ਐਮ ਸੀ ਸੋਨੂੰ ਅਵਤਾਰ ਗਿੱਲ ਸੁਖਦੇਵ ਸਿੰਘ ਜੀ ਸੈਂਸਰਾ ਕਲਾਂ ਅਤੇ ਹੋਰ ਵੀ ਸਰਦਾਰ ਬਿਕਰਮਜੀਤ ਸਿੰਘ ਮਜੀਠੀਆ ਦਾ ਨਿੱਘਾ ਸਵਾਗਤ ਕਰਨ ਲਈ ਉਹਨਾਂ ਦੇ ਗ੍ਰਹਿ ਵਿਖੇ ਪਹੁੰਚੇ ਹਾਂ।



# ਜੋਗੀਨਾਥਾਂ ਦੀ ਪਹਿਲੀ ਲੜਕੀ ਨੇ ਕੀਤੀ ਐਮ.ਏ ਦੀ ਡਿਗਰੀ ਪਾਸ : ਭਾਨ ਸਿੰਘ ਜੱਸੀ , 2003 ਤੋਂ ਸ਼ੁਰੂ ਕੀਤੀ ਗਈ ਸੀ ਬੱਚਿਆਂ ਨੂੰ ਮੁਫਤ ਪੜਾਉਣ ਦੀ ਸੇਵਾ

**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ)**-ਸਥਾਨਕ ਛੰਨਾ ਰੋਡ ਤੇ ਸਥਿਤ ਇੰਦਰਾ ਬਸਤੀ ਵਿਖੇ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ 2003 ਤੋਂ ਜੋਗੀਨਾਥਾਂ ਦੇ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ਦੀ ਸੇਵਾ ਸ਼ੁਰੂ ਕੀਤੀ ਸੀ, ਗੁਰੂ ਨਾਨਕ ਪਾਤਸ਼ਾਹ ਜੀ ਦੇ ਅਸ਼ੀਰਵਾਦ ਨਾਲ ਸ਼ੁਰੂ ਕੀਤੇ ਗਏ ਸੇਵਾ ਦੇ ਇਸ ਨੋਵਲ ਕਾਰਜ ਨੂੰ ਉਦੋਂ ਪ੍ਰਭਾਵੀ ਸਫਲਤਾ ਮਿਲੀ ਜਦੋਂ ਮਿਸ਼ਨ ਦੀ ਇੱਕ ਸਟੂਡੈਂਟ ਧੀ "ਰੇਸ਼ਮਾ" ਨੇ ਐਮ.ਏ ਦੀ ਡਿਗਰੀ ਪ੍ਰਾਪਤ ਕਰ ਲਈ ਹੈ, ਉਪਰੋਕਤ ਜਾਣਕਾਰੀ ਦਿੰਦਿਆਂ ਮਿਸ਼ਨ ਦੇ ਮੁੱਖ ਪ੍ਰਬੰਧਕ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦੱਸਿਆ ਕਿ ਸ਼ੇਰਪੁਰ ਦੇ ਇਸ ਕੇਂਦਰ ਵਿੱਚ ਅਨੇਕਾਂ ਕਠਿਨਾਈਆਂ ਆਉਣ ਦੇ ਬਾਵਜੂਦ ਵੀ ਜੋਗੀ ਬਰਾਦਰੀ ਦੀ ਇਸ "ਧੀ" ਨੇ ਐਮ.ਏ ਦੀ ਡਿਗਰੀ ਪ੍ਰਾਪਤ ਕਰਨ ਉਪਰੰਤ ਬੀ.ਐਡ ਕੋਰਸ ਦੀ ਪੜ੍ਹਾਈ ਸ਼ੁਰੂ ਕਰਕੇ ਜਿੱਤ ਦੀਆਂ ਅਗਲੀਆਂ ਮੰਜ਼ਲਾਂ ਵੱਲ ਕਦਮ ਪੁੱਟਣੇ ਸ਼ੁਰੂ ਕਰ ਦਿੱਤੇ ਹਨ, ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦੱਸਿਆ ਕਿ ਜਦੋਂ ਬੱਚਿਆਂ ਨੂੰ ਮੁਫਤ ਪੜ੍ਹਾਉਣ ਦਾ ਇਹ ਮਿਸ਼ਨ ਸ਼ੁਰੂ ਕੀਤਾ ਸੀ ਉਦੋਂ ਕੁਝ ਈਰਖਾਵਾਦੀ ਲੋਕਾਂ ਨੇ ਮੈਨੂੰ ਮਖੌਲ ਕਰਦਿਆਂ ਕਿਹਾ ਸੀ ਕਿ ਇਹ ਬੱਚੇ ਕਦੇ ਵੀ ਨਹੀਂ ਪੜ੍ਹ ਸਕਣਗੇ , ਪਰ ਇਸ ਧੀ ਵੱਲੋਂ ਐਮ.ਏ ਦੀ ਡਿਗਰੀ ਪ੍ਰਾਪਤ ਕਰਕੇ ਸ਼ੇਰਪੁਰ ਦੇ ਜੋਗੀਨਾਥ ਭਾਈਚਾਰੇ ਵਿੱਚ ਹੁਣ ਤੱਕ ਦੀ ਸਭ ਤੋਂ ਵੱਧ ਪੜ੍ਹੀ ਲਿਖੀ "ਧੀ" ਹੋਣ ਦਾ ਮਾਣ ਹਾਸਲ ਕਰ ਲਿਆ ਹੈ। ਅੰਤ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਬੇਟੀ ਰੇਸ਼ਮਾਂ ਤੋਂ ਇਲਾਵਾ ਮਿਸ਼ਨ ਦੇ ਸੈਂਕੜੇ ਹੋਰਨਾ ਗਰੀਬ ਅਤੇ ਲੋੜਵੰਦ ਬੱਚਿਆਂ ਦੇ ਭਵਿੱਖ ਨੂੰ ਚੰਗੇਰਾ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਸਭਨਾ ਸੱਜਣਾ ਦਾ ਧੰਨਵਾਦ ਕੀਤਾ।



### ਮਹਾਨ ਤਪਸਵੀ ਧੰਨ ਧੰਨ ਬਾਬਾ ਛੱਜੋ ਜੀ ਦਾ

# ਸਲਾਨਾ ਜੋੜ ਮੇਲਾ ਸ਼ਰਧਾ ਪੂਰਵਕ ਮਨਾਇਆ ਗਿਆ



ਆਵਾਜ਼ਿ ਕੌਮ AWAZE QAUM International Newspaper & WEB TV

**ਚੌਕ ਮਹਿਤਾ, 19 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਹਾਨ ਤਪਸਵੀ ਧੰਨ ਧੰਨ ਬਾਬਾ ਛੱਜੋ ਜੀ ਦਾ ਸਲਾਨਾ ਜੋੜ ਮੇਲਾ ਗੁਰਦੁਆਰਾ ਸਾਹਿਬ ਜੀ ਦੀ ਸਮੂਹ ਪ੍ਰਬੰਧਕ ਕਮੇਟੀ ਦੀ ਰਹਿਣਮਾਈ ਹੇਠ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਪੂਰੀ ਧੂਮ ਧਾਮ ਨਾਲ ਬਾਬਾ ਜੀ ਦੇ ਤਪ ਅਸਥਾਨ ਵਿਖੇ ਸ਼ਰਧਾ ਪੂਰਵਕ ਢੰਗ ਨਾਲ ਮਨਾਇਆ ਗਿਆ. ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰਾਂ ਵੱਲੋਂ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਕਿ ਪਰਸੋਂ ਤੋਂ ਆਰੰਭ ਕਰਵਾਏ ਗਏ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣ ਉਪਰੰਤ ਖੁੱਲੇ ਪੰਡਾਲ ਅੰਦਰ ਕੀਰਤਨ ਦਰਬਾਰ ਸਜਾਇਆ ਗਿਆ ਜਿੱਥੇ ਰਾਗੀਆਂ ਢਾਡੀਆਂ ਅਤੇ ਕਵਿਸ਼ਰੀ ਜਥਿਆਂ ਵੱਲੋਂ ਆਪੋ ਆਪਣੀ ਰਸ ਭਿੰਨੀ ਆਵਾਜ਼ ਨਾਲ ਸ਼ਬਦ ਗ੍ਰਹਿਣ ਕਰਕੇ ਦਰਬਾਰ ਵਿੱਚ ਜੁੜ ਬੈਠੀਆਂ ਸੰਗਤਾਂ ਨੂੰ ਨਿਹਾਲ ਕਰਕੇ ਬਾਣੀ ਨਾਲ ਜੋੜਿਆ ਗਿਆ, ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕਰਨ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਅਤੇ ਗੁਰੂ ਕਾ ਅਟੁੱਟ ਲੰਗਰ ਸੰਗਤ ਵਿੱਚ ਨਿਮਰਤਾ ਸਹਿਤ ਵਰਤਾਇਆ ਗਿਆ ਅਤੇ ਪੂਰਾ ਦਿਨ ਵੱਖ ਵੱਖ ਫਲੈਵਰਾਂ ਵਾਲੇ ਜੂਸ ਆਉਣ ਜਾਣ ਵਾਲੀਆਂ ਸੰਗਤਾਂ ਨੂੰ ਛਕਾਏ ਗਏ ਉਹਨਾਂ ਕਿਹਾ ਕਿ ਜੋੜ ਮੇਲੇ ਵਿੱਚ ਆਈਆਂ ਹੋਈਆਂ ਸੰਗਤਾਂ ਨੇ ਦਰਸ਼ਨ ਦੀਦਾਰ ਕਰਨ ਤੋਂ ਬਾਅਦ ਆਪਣੇ ਆਪ ਨੂੰ ਵਡਭਾਗਾ ਸਮਝਿਆ ਉਹਨਾਂ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਸ਼੍ਰੀ ਗੁਰੂ ਕਲਗੀਧਰ ਪਾਤਸ਼ਾਹ ਜੀ ਵੱਲੋਂ ਬਖਸ਼ੀ ਗਈ ਦਸਤਾਰ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਦਸਤਾਰਾਂ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਮੇਲੇ ਦੌਰਾਨ ਸੇਵਾ ਨਿਭਾਉਣ ਵਾਲੇ ਸੇਵਾਦਾਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਤਹਿ ਦਿਲੋਂ ਧੰਨਵਾਦ ਕੀਤਾ ਇਸ ਦੇ ਨਾਲ ਹੀ ਨੌਜਵਾਨਾਂ ਨੂੰ ਅਪੀਲ ਕਰਦਿਆਂ ਉਹਨਾਂ ਕਿਹਾ ਕਿ ਉਹ ਨਸ਼ਿਆਂ ਨੂੰ ਤਿਆਗ ਕੇ ਗੁਰੂ ਸਾਹਿਬ ਜੀ ਦੀ ਬਾਣੀ ਨਾਲ ਜੁੜਨ ਅਤੇ ਆਉਣ ਵਾਲੇ ਮੇਲਿਆਂ ਵਿੱਚ ਵੱਧ ਚੜ ਕੇ ਸੇਵਾ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ!

# ਸ੍ਰ ਕੁਲਵੰਤ ਸਿੰਘ ਧੂਰੀ ਆਈ ਏ ਐਸ: ਇਕ ਸੰਘਰਸ਼ਸ਼ੀਲ ਤੇ ਪ੍ਰੇਰਨਾਦਾਇਕ ਸ਼ਖ਼ਸੀਅਤ

**ਬੇਹਿੰਮਤੇ ਨੇ ਜਿਹੜੇ ਬਹਿ ਕੇ ਸ਼ਿਕਵੇ ਕਰਨ ਮੁਕੱਦਰਾਂ ਦਾ**
**ਉਗਣ ਵਾਲੇ ਉੱਗ ਪੈਂਦੇ ਨੇ ਸੀਨਾ ਪਾੜ ਕੇ ਪੱਥਰਾਂ ਦਾ।**

ਹਿੰਮਤਾਂ ਵਾਲਿਆਂ ਦੇ ਰਾਹ ਦਰਿਆ ਅਟਕ ਵੀ ਨਹੀਂ ਅਟਕਾ ਸਕਦੇ। ਜਦੋਂ ਮਨੁੱਖ ਕੁਝ ਕਰ ਗੁਜ਼ਰਨ ਲਈ ਲਗਨ, ਸਿਰੜ , ਦ੍ਰਿੜ੍ਹਤਾ ਤੇ ਮਿਹਨਤ ਨਾਲ ਕੁਝ ਕਰਨ ਦੀ ਠਾਣ ਲਵੇ ਤਾਂ ਤੰਗੀਆਂ ਤੁਰਸ਼ੀਆਂ ਗਰੀਬੀ ਤੇ ਮੁਸ਼ਕਲਾਂ ਮੁਸੀਬਤਾਂ ਉਹਦਾ ਰਾਹ ਨਹੀਂ ਰੋਕ ਸਕਦੀਆਂ। ਜਿਸਦੀ ਉਘੜਵੀਂ ਉਦਾਹਰਣ ਹਨ ਨੌਜੁਆਨ ਉਚ ਅਧਿਕਾਰੀ ਸ. ਕੁਲਵੰਤ ਸਿੰਘ ਧੂਰੀ।



ਸ. ਕੁਲਵੰਤ ਸਿੰਘ ਧੂਰੀ (ਆਈ.ਏ.ਐਸ.) ਇੱਕ ਅਜਿਹੀ ਸ਼ਖਸ਼ੀਅਤ ਹਨ ਜੋ ਪੰਜਾਬੀ ਸਮਾਜ ਵਿੱਚ ਨਾ ਸਿਰਫ਼ ਇੱਕ ਉੱਚ ਅਧਿਕਾਰੀ ਵਜੋਂ ਜਾਣੇ ਜਾਂਦੇ ਹਨ, ਸਗੋਂ ਲੋਕਾਂ ਦੇ ਦਿਲਾਂ ਵਿੱਚ ਵਸੇ ਹਰਮਨ ਪਿਆਰੇ ਵਿਅਕਤੀ ਵਜੋਂ ਵੀ ਮਸ਼ਹੂਰ ਹਨ। ਉਹਨਾਂ ਦਾ ਜੀਵਨ ਇੱਕ ਪ੍ਰੇਰਨਾਦਾਇਕ ਕਹਾਣੀ ਹੈ ਜੋ ਮਿਹਨਤ, ਸੰਘਰਸ਼, ਸਮਾਜ ਸੇਵਾ ਅਤੇ ਸਾਹਿਤਕ ਸੰਵੇਦਨਸ਼ੀਲਤਾ ਨੂੰ ਇੱਕ ਸਾਥ ਜੋੜਦੀ ਹੈ। ਘਰ ਦੀ ਗਰੀਬੀ, ਤੰਗੀਆਂ, ਤੁਰਸ਼ੀਆਂ ਉਹਨਾਂ ਦੀ ਪੜ੍ਹਾਈ ਦੇ ਜਨੂੰਨ ਨੂੰ ਠਲ੍ਹ ਨਾ ਨਾ ਸਕੀਆਂ। ਉਨਾਂ ਨੇ ਲੇਬਰ ਚੌਂਕ 'ਚ ਖੜ੍ਹੇ ਹੋ ਕੇ ਕੰਮ ਲਭਿਆ ਤੇ ਦਿਹਾੜੀਆਂ ਕਰ ਕੇ ਆਪਣੀ ਪੜ੍ਹਾਈ ਜਾਰੀ ਰੱਖੀ ਤੇ ਉਹਨਾਂ ਨੇ ਭਾਰਤ ਦੀ ਸਿਖਰਲੀ ਤੇ ਸਭ ਤੋਂ ਕਠਿਨ ਯੂ ਪੀ ਐਸ ਸੀ ਦੀ ਪ੍ਰੀਖਿਆ ਪਾਸ ਕਰਕੇ ਆਪਣੇ ਬਚਪਨ ਵਿਚ ਲਿਆ ਸੁਪਨਾ ਕਰ ਵਿਖਾਇਆ ਤੇ ਉਹ ਉਚ ਅਧਿਕਾਰੀ ਬਣ ਗਏ।

ਸ .ਕੁਲਵੰਤ ਸਿੰਘ ਧੂਰੀ ਦਾ ਜਨਮ ਸਾਲ 1976 ਵਿੱਚ ਜ਼ਿਲ੍ਹਾ ਸੰਗਰੂਰ ਦੇ ਕਸਬਾ ਧੂਰੀ ਦੇ ਨੇੜੇ ਨਾਨਕਾ ਪਿੰਡ ਕਾਂਝਲਾ ਵਿਖੇ ਇੱਕ ਸਾਧਾਰਨ ਪਰਿਵਾਰ ਵਿੱਚ ਹੋਇਆ ਸੀ। ਦੌਲਤਪੁਰ ਪਿੰਡ ਦੇ ਵਸਨੀਕ ਉਹਨਾਂ ਦੇ ਪਿਤਾ ਸ. ਜੱਗਾ ਸਿੰਘ ਰੇਲਵੇ ਵਿਭਾਗ ਵਿਚ ਦਰਜਾ ਚਾਰ ਮੁਲਾਜ਼ਮ ਸਨ ਤੇ ਮਾਤਾ ਸੁਰਜੀਤ ਕੌਰ ਇਕ ਘਰੇਲੂ ਔਰਤ। ਉਹਨਾਂ ਆਪਣੀ ਮੁਢਲੀ ਵਿਦਿਆ ਸਰਕਾਰੀ ਪ੍ਰਾਇਮਰੀ ਸਕੂਲ ਕੱਕੜਵਾਲ ਤੋਂ ਪ੍ਰਾਪਤ ਕੀਤੀ। ਉਹਨਾਂ ਦੇ ਬਚਪਨ ਅਤੇ ਜਵਾਨੀ ਵਿੱਚ ਆਰਥਿਕ ਤੰਗੀਆਂ ਅਤੇ ਗਰੀਬੀ ਨੇ ਬਹੁਤ ਰੁਕਾਵਟਾਂ ਪਾਈਆਂ, ਪਰ ਉਹਨਾਂ ਨੇ ਕਦੇ ਹਿੰਮਤ ਨਹੀਂ ਹਾਰੀ। ਉਹਨਾਂ ਨੇ ਨਵੋਦਿਆ ਵਿਦਿਆਲਿਆ ਲੌਂਗੋਵਾਲ (ਸੰਗਰੂਰ) ਤੋਂ ਦਸਵੀਂ ਤਕ ਸਿੱਖਿਆ ਪ੍ਰਾਪਤ ਕੀਤੀ ਅਤੇ ਬਾਅਦ ਵਿੱਚ ਸ਼ਹੀਦ ਭਗਤ ਸਿੰਘ ਇੰਜੀਨੀਅਰਿੰਗ ਕਾਲਜ, ਫ਼ਿਰੋਜ਼ਪੁਰ ਤੋਂ ਪ੍ਰੋਡਕਸ਼ਨ ਇੰਜੀਨੀਅਰਿੰਗ ਵਿੱਚ ਬੀ.ਈ. ਦੀ ਡਿਗਰੀ ਹਾਸਲ ਕੀਤੀ। ਗਰੀਬੀ ਅਤੇ ਸੰਘਰਸ਼ ਨੇ ਉਹਨਾਂ ਵਿੱਚ ਲੋੜਵੰਦਾਂ ਪ੍ਰਤੀ ਹਮਦਰਦੀ ਅਤੇ ਸੇਵਾ ਭਾਵਨਾ ਪੈਦਾ ਕੀਤੀ, ਜੋ ਅੱਜ ਵੀ ਉਹਨਾਂ ਦੇ ਕੰਮਾਂ ਵਿੱਚ ਝਲਕਦੀ ਹੈ। ਉਹਨਾਂ ਨੇ ਪੰਜ ਹਜ਼ਾਰ ਰੁਪਏ ਦੀ ਨੌਕਰੀ ਤੋਂ ਸ਼ੁਰੂ ਕਰਕੇ ਪ੍ਰਾਈਵੇਟ ਕੰਪਨੀਆਂ, ਐਫ ਸੀ ਆਈ, ਇਨਕਮ ਟੈਕਸ ਵਿਭਾਗ ਦੀ ਨੌਕਰੀ ਕਰਦਿਆਂ ਸਿਵਲ ਸੇਵਾਵਾਂ ਤਕ ਸਫ਼ਰ ਤਹਿ ਕੀਤਾ। ਉਹਨਾਂ ਨੇ ਇਕ ਮਿਸਾਲ ਕਾਇਮ ਕੀਤੀ ਕਿ ਜੇ ਮਨੁੱਖ ਤਹੱਈਆ ਕਰ ਲਵੇ ਤਾਂ ਬਚਪਨ ਵਿਚ ਲਿਆ ਸੁਪਨਾ ਪੂਰਾ ਕਰਨ ਵਿਚ ਵੱਡੀ ਤੋਂ ਵੱਡੀ ਮੁਸ਼ਕਲ ਵੀ ਰੁਕਾਵਟ ਨਹੀਂ ਪਾ ਸਕਦੀ।

ਸ.ਕੁਲਵੰਤ ਸਿੰਘ ਨੇ ਆਈ.ਏ.ਐਸ. ਬਣਨ ਲਈ ਬਹੁਤ ਸੰਘਰਸ਼ ਕੀਤਾ। ਉਹਨਾਂ ਨੇ ਯੂ.ਪੀ.ਐੱਸ.ਸੀ. ਦੀ ਪ੍ਰੀਖਿਆ ਵਿੱਚ ਕਈ ਵਾਰ ਅਸਫਲਤਾ ਦਾ ਸਾਹਮਣਾ ਕੀਤਾ, ਪਰ ਪ੍ਰਤੀਕੂਲ ਹਾਲਤਾਂ ਦੇ ਬਾਵਜੂਦ ਛੇਵੀਂ ਕੋਸ਼ਿਸ਼ ਵਿੱਚ 2012 ਬੈਚ ਵਿੱਚ ਪੰਜਾਬ ਕੇਡਰ ਵਿੱਚ ਆਈ.ਏ.ਐਸ. ਅਧਿਕਾਰੀ ਵਜੋਂ ਚੁਣੇ ਗਏ। ਖਾਸ ਗੱਲ ਇਹ ਹੈ ਕਿ ਉਹਨਾਂ ਨੇ ਮਾਂ ਬੋਲੀ ਪੰਜਾਬੀ ਵਿੱਚ ਆਈ.ਏ.ਐਸ. ਦੀ ਪ੍ਰੀਖਿਆ ਪਾਸ ਕੀਤੀ, ਜੋ ਉਹਨਾਂ ਦੇ ਮਾਂ ਬੋਲੀ ਪ੍ਰਤੀ ਪਿਆਰ ਅਤੇ ਵਫ਼ਾਦਾਰੀ ਨੂੰ ਦਰਸਾਉਂਦਾ ਹੈ। ਉਹਨਾਂ ਨੇ ਵੱਖ-ਵੱਖ ਅਹੁਦਿਆਂ ਤੇ ਸੇਵਾਵਾਂ ਨਿਭਾਈਆਂ ਹਨ ਜਿਵੇਂ ਕਿ: ਡਿਪਟੀ ਕਮਿਸ਼ਨਰ (ਡੀ.ਸੀ.) ਤਰਨ ਤਾਰਨ, ਡੀ.ਸੀ. ਮੋਗਾ, ਡੀ.ਸੀ. ਮਾਨਸਾ, ਡੀ.ਸੀ. ਲੁਧਿਆਣਾ (ਵਾਧੂ ਚਾਰਜ), ਹੁਣ ਉਹ ਡਾਇਰੈਕਟਰ, ਲੋਕਲ ਗਵਰਨਮੈਂਟ (ਸਥਾਨਕ ਸਰਕਾਰਾਂ ਵਿਭਾਗ), ਪੰਜਾਬ ਵਜੋਂ ਤੈਨਾਤ ਹਨ।

ਉਹਨਾਂ ਨੂੰ ਚੋਣਾਂ ਦੌਰਾਨ ਵਧੀਆ ਪ੍ਰਬੰਧਨ ਲਈ "ਬੈਸਟ ਇਲੈਕਸ਼ਨ ਪ੍ਰੈਕਟਿਸ" ਅਵਾਰਡ ਵੀ ਮਿਲ ਚੁੱਕਾ ਹੈ। ਉਹਨਾਂ ਦੀ ਪ੍ਰਸ਼ਾਸਨਿਕ ਸੇਵਾ ਵਿੱਚ ਪਾਰਦਰਸ਼ਤਾ, ਲੋਕ-ਭਲਾਈ ਅਤੇ ਲੋੜਵੰਦਾਂ ਨੂੰ ਮਦਦ ਪਹੁੰਚਾਉਣ ਦਾ ਖਾਸ ਜ਼ੋਰ ਰਿਹਾ ਹੈ।

**ਸਮਾਜਿਕ ਅਤੇ ਸੱਭਿਆਚਾਰਕ ਸਰੋਕਾਰ**-ਸ. ਕੁਲਵੰਤ ਸਿੰਘ ਧੂਰੀ ਸਿਰਫ਼ ਅਧਿਕਾਰੀ ਨਹੀਂ, ਸਗੋਂ ਸਮਾਜ ਸੇਵੀ ਵੀ ਹਨ। ਉਹ ਆਰਥਿਕ ਤੌਰ ਤੇ ਕਮਜ਼ੋਰ ਵਰਗ ਦੇ ਬੱਚਿਆਂ ਨੂੰ ਪੜ੍ਹਾਈ ਲਈ ਵਿੱਤੀ ਮਦਦ ਕਰਦੇ ਰਹਿੰਦੇ ਹਨ ਅਤੇ ਉਹਨਾਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਉਤਸ਼ਾਹਿਤ ਕਰਦੇ ਹਨ। ਉਹ ਅਪਾਹਜ ਵਿਅਕਤੀਆਂ ਨੂੰ ਟਰਾਈਸਾਈਕਲ, ਨਕਲੀ ਅੰਗ, ਸਮਾਰਟ ਫੋਨ ਅਤੇ ਹੋਰ ਉਪਕਰਨ ਵੰਡ ਕੇ ਉਹਨਾਂ ਦੀ ਜ਼ਿੰਦਗੀ ਸੌਖੀ ਬਣਾਉਣ ਵਿੱਚ ਯੋਗਦਾਨ ਪਾਉਂਦੇ ਹਨ। ਉਹਨਾਂ ਦਾ ਕੋਮਲ ਹਿਰਦਾ ਅਤੇ ਲੋਕਾਂ ਨਾਲ ਪਿਆਰ ਭਰਿਆ ਵਿਵਹਾਰ ਉਹਨਾਂ ਨੂੰ "ਹਰਮਨ ਪਿਆਰੇ" ਬਣਾਉਂਦਾ ਹੈ।

**ਸਾਹਿਤਕ ਸਫ਼ਰ ਅਤੇ ਸ਼ਾਇਰੀ**-ਪ੍ਰਸ਼ਾਸਨਿਕ ਜ਼ਿੰਮੇਵਾਰੀਆਂ ਦੇ ਨਾਲ-ਨਾਲ ਉਹ ਇੱਕ ਸੰਵੇਦਨਸ਼ੀਲ ਸ਼ਾਇਰ ਵੀ ਹਨ। ਉਹਨਾਂ ਦੀ ਸ਼ਾਇਰੀ ਵਿੱਚ ਕੋਮਲਤਾ, ਮਨੁੱਖੀ ਪਿਆਰ, ਸਮਾਜਿਕ ਸੰਵੇਦਨਾ ਅਤੇ ਜੀਵਨ ਦੇ ਦਰਦ ਨੂੰ ਬਹੁਤ ਸੁੰਦਰ ਢੰਗ ਨਾਲ ਪੇਸ਼ ਕੀਤਾ ਗਿਆ ਹੈ। ਉਹਨਾਂ ਦੀਆਂ ਰਚਨਾਵਾਂ ਵਿੱਚ ਪੰਜਾਬੀ ਸੱਭਿਆਚਾਰ, ਗਰੀਬੀ ਦਾ ਦਰਦ, ਉਮੀਦ ਅਤੇ ਮਨੁੱਖੀ ਰਿਸ਼ਤਿਆਂ ਦੀ ਗਹਿਰਾਈ ਝਲਕਦੀ ਹੈ। ਹਾਲਾਂਕਿ ਉਹਨਾਂ ਦੀਆਂ ਰਚਨਾਵਾਂ ਦੇ ਵੱਡੇ ਸੰਗ੍ਰਹਿ ਜਾਂ ਕਿਤਾਬਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਬਹੁਤ ਜਨਤਕ ਨਹੀਂ ਮਿਲਦੀ, ਪਰ ਉਹਨਾਂ ਦੀ ਸ਼ਾਇਰੀ ਸਮਾਜਿਕ ਸਰੋਕਾਰਾਂ ਨਾਲ ਜੁੜੀ ਹੋਈ ਹੈ ਅਤੇ ਲੋਕਾਂ ਦੇ ਦਿਲਾਂ ਨੂੰ ਛੂਹੰਦੀ ਹੈ। ਉਹਨਾਂ ਦੀ ਸ਼ਾਇਰੀ ਵਿੱਚ ਉਹਨਾਂ ਦਾ ਕੋਮਲ ਹਿਰਦਾ ਅਤੇ ਲੋਕ ਹਿਤੂ ਸੁਭਾਅ ਸਾਫ਼ ਨਜ਼ਰ ਆਉਂਦਾ ਹੈ। ਉਹ ਸਮਾਜਿਕ ਮੁੱਦਿਆਂ ਤੇ ਆਪਣੀਆਂ ਭਾਵਨਾਵਾਂ ਨੂੰ ਸ਼ਬਦਾਂ ਰਾਹੀਂ ਪ੍ਰਗਟ ਕਰਦੇ ਹਨ, ਜੋ ਉਹਨਾਂ ਨੂੰ ਇੱਕ ਪੂਰਨ ਸਾਹਿਤਕਾਰ ਵੀ ਬਣਾਉਂਦਾ ਹੈ।

ਜਨਤਕ ਸਰੋਤਾਂ ਵਿੱਚ ਉਹਨਾਂ ਦੀਆਂ ਪੁਰਾਣੀਆਂ ਰਚਨਾਵਾਂ ਦੀਆਂ ਪੂਰੀਆਂ ਕਵਿਤਾਵਾਂ ਜਾਂ ਗ.ਜ਼ਲਾਂ ਦੇ ਵੱਡੇ ਸੰਗ੍ਰਹਿ ਨਹੀਂ ਮਿਲਦੇ, ਪਰ ਉਹਨਾਂ ਦੇ ਨੇੜਲੇ ਸਰਕਲ ਅਤੇ ਕੁਝ ਸਾਹਿਤਕ ਚਰਚਾਵਾਂ ਵਿੱਚ ਇਹ ਵਿਸ਼ੇ ਬਹੁਤ ਆਮ ਰਹੇ ਹਨ:

ਗਰੀਬੀ ਅਤੇ ਸੰਘਰਸ਼ ਦੇ ਦਰਦ ਵਾਲੀਆਂ ਰਚਨਾਵਾਂ

ਬਚਪਨ ਵਿੱਚ ਆਰਥਿਕ ਤੰਗੀਆਂ ਨੇ ਉਹਨਾਂ ਨੂੰ ਬਹੁਤ ਪ੍ਰਭਾਵਿਤ ਕੀਤਾ। ਇਸ ਕਰਕੇ ਪੁਰਾਣੀਆਂ ਰਚਨਾਵਾਂ ਵਿੱਚ ਅਕਸਰ ਇਹ ਲਾਈਨਾਂ ਵਰਗੀਆਂ ਭਾਵਨਾਵਾਂ ਮਿਲਦੀਆਂ ਹਨ ਉਦਾਹਰਣ:

"ਭੁੱਖੇ ਪੇਟਾਂ ਦੇ ਸੁਪਨੇ ਵੀ ਰੋਂਦੇ ਨੇ,
ਪਰ ਉਮੀਦ ਦੀ ਚਿੰਗਾਰੀ ਅਜੇ ਵੀ ਜਗਦੀ ਏ।"

ਮਨੁੱਖੀ ਰਿਸ਼ਤਿਆਂ ਅਤੇ ਪਿਆਰ ਦੀ ਕੋਮਲਤਾ

ਉਹਨਾਂ ਦੀ ਸ਼ਾਇਰੀ ਵਿੱਚ ਮਾਂ-ਪਿਓ, ਭੈਣ-ਭਰਾ ਅਤੇ ਔਰਤਾਂ ਪ੍ਰਤੀ ਸਤਿਕਾਰ ਬਹੁਤ ਡੂੰਘਾ ਹੈ। ਪੁਰਾਣੀਆਂ ਰਚਨਾਵਾਂ ਵਿੱਚ ਅਕਸਰ ਇਹ ਥੀਮ ਰਹੀ ਹੈ ਕਿ ਅਸਲ ਅਮੀਰੀ ਦਿਲ ਦੀ ਹੁੰਦੀ ਹੈ।

ਉਮੀਦ ਅਤੇ ਪ੍ਰੇਰਨਾ ਵਾਲੀਆਂ ਰਚਨਾਵਾਂ

ਆਪਣੇ ਸੰਘਰਸ਼ ਤੋਂ ਬਾਅਦ ਆਈ.ਏ.ਐਸ. ਬਣਨ ਵਾਲੇ ਵਿਅਕਤੀ ਵਜੋਂ ਉਹਨਾਂ ਨੇ ਬਹੁਤ ਸਾਰੀਆਂ ਰਚਨਾਵਾਂ ਵਿੱਚ ਯੁਵਾਵਾਂ ਨੂੰ ਹੌਸਲਾ ਦੇਣ ਵਾਲੇ ਸ਼ਬਦ ਲਿਖੇ ਹਨ। ਇੱਕ ਪੁਰਾਣੀ ਰਚਨਾ ਵਿੱਚ ਅਕਸਰ ਇਹ ਭਾਵ ਆਉਂਦਾ ਹੈ ਕਿ "ਹਿੰਮਤ ਨਾ ਹਾਰੋ, ਮੰਜ਼ਿਲ ਤੱਕ ਪਹੁੰਚ ਜਾਓਗੇ।"

ਸ. ਕੁਲਵੰਤ ਸਿੰਘ ਧੂਰੀ ਦਾ ਜੀਵਨ ਇੱਕ ਜੀਵੰਤ ਮਿਸਾਲ ਹੈ ਕਿ ਸੰਘਰਸ਼ ਅਤੇ ਮਿਹਨਤ ਨਾਲ ਕੋਈ ਵੀ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ। ਉਹ ਇੱਕ ਉੱਚ ਅਧਿਕਾਰੀ ਹੋਣ ਦੇ ਨਾਲ-ਨਾਲ ਸਮਾਜ ਸੇਵੀ, ਲੋਕ ਹਿਤੂ ਅਤੇ ਸੰਵੇਦਨਸ਼ੀਲ ਸ਼ਾਇਰ ਵੀ ਹਨ। ਉਹਨਾਂ ਦਾ ਜੀਵਨ ਯੁਵਾ ਪੀੜ੍ਹੀ ਲਈ ਪ੍ਰੇਰਨਾ ਸਰੋਤ ਹੈ ਅਤੇ ਪੰਜਾਬੀ ਸਮਾਜ ਵਿੱਚ ਉਹਨਾਂ ਦਾ ਯੋਗਦਾਨ ਅਮਰ ਰਹੇਗਾ।

**ਲਾਲ ਸਿੰਘ ਸੁਲਹਾਣੀ**
**9872155120**

# ਮੋਦੀ ਸਰਕਾਰ ਦੇ ਨਵੇਂ ਵਪਾਰਕ ਫੈਸਲੇ ਤਿੰਨ ਕਾਲੇ ਕਾਨੂੰਨਾਂ ਤੋਂ ਵੀ ਵੱਧ ਖਤਰਨਾਕ : ਗੁਰਮੇਲ ਸਿੰਘ ਮੌੜ



**ਮਹਿਲ ਕਲਾਂ (ਰਣਜੀਤ ਸਿੰਘ ਪੇਧਨੀ )**-ਬੀਤੇ ਦਿਨੀਂ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਨਰਿੰਦਰ ਮੋਦੀ ਵੱਲੋਂ ਅਮਰੀਕਾ ਸਰਕਾਰ ਅਤੇ ਪ੍ਰਧਾਨ ਮੰਤਰੀ ਦੇ ਵਪਾਰ ਲਈ ਜੋ ਚੋਰੀ ਛੁਪੇ ਰਸਤੇ ਖੋਲ੍ਹੇ ਗਏ ਹਨ। ਉਹ ਤਿੰਨ ਕਾਲੇ ਕਾਨੂੰਨਾਂ ਤੋਂ ਵੀ ਵੱਧ ਖਤਰਨਾਕ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਮਹਿਲ ਕਲਾਂ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ, ਟਿਕਟ ਦੇ ਪ੍ਰਮੁੱਖ ਦਾਅਵੇਦਾਰ ਗੁਰਮੇਲ ਸਿੰਘ ਮੌੜ ਨੇ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਫੈਸਲਿਆਂ

ਆਵਾਜ਼ਿ ਕੌਮ AWAZE QAUM International Newspaper & WEB TV

ਨਾਲ ਦੇਸ਼ ਦੇ ਕਿਸਾਨ, ਮਜ਼ਦੂਰ ਅਤੇ ਛੋਟੇ ਵਪਾਰੀ ਸਭ ਤੋਂ ਵੱਧ ਪ੍ਰਭਾਵਿਤ ਹੋਣਗੇ।। ਉਨ੍ਹਾਂ ਕਿਹਾ ਕਿ ਇਸ ਮਸਲੇ ਤੇ ਅਕਾਲੀ ਦਲ ਦੀ ਇਹ ਚੁੱਪ ਸਾਫ਼ ਦਰਸਾਉਂਦੀ ਹੈ ਕਿ ਜਿੱਥੇ ਪਾਰਟੀ ਨੂੰ ਆਪਣਾ ਫਾਇਦਾ ਦਿਖਾਈ ਦਿੰਦਾ ਹੈ, ਉਥੇ ਇਹ ਬੋਲਣ ਤੋਂ ਕਤਰਾਉਂਦੀ ਹੈ। ਉਨਾ ਕਿਹਾ ਕਿ ਅਕਾਲੀ ਦਲ ਦੇ ਨੇਤਾ ਸੱਤਾ ਵਿਚ ਆਉਣ ਲਈ ਤਰਲੋ-ਮੱਛੀ ਹੋ ਰਹੇ ਹਨ ਅਤੇ ਇਸੇ ਖਾਤਰ ਉਹ ਮੋਦੀ ਸਰਕਾਰ ਨਾਲ ਸਮਝੌਤਾ ਕਰਨ ਲਈ ਤਿਆਰ ਨਜ਼ਰ ਆ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਇਹ ਪਾਰਟੀ ਕਾਲੇ ਕਾਨੂੰਨਾਂ ਨੂੰ ਪੰਜਾਬ ਦੇ ਹੱਕ 'ਚ ਦੱਸਦੀ ਰਹੀ, ਪਰ ਜਦੋਂ ਲੋਕਾਂ ਦਾ ਤਿੱਖਾ ਵਿਰੋਧ ਸਾਹਮਣੇ ਆਇਆ ਤਾਂ ਇਨ੍ਹਾਂ ਨੇ ਯੂ-ਟਰਨ ਲੈ ਲਿਆ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਹੁਣ ਮਨ ਬਣਾ ਲਿਆ ਹੈ ਕਿ ਉਹ ਆਉਣ ਵਾਲੀ 2027 ਦੇ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਵੱਡੇ ਮਾਰਜਾਨ ਨਾਲ ਜਿਤਾ ਕੇ ਕਾਂਗਰਸ ਦੀ ਸਰਕਾਰ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ।

# 4 ਜ਼ਿਲਿਆਂ ਵਿੱਚ ਚਲਾਈ ਜਾ ਰਹੀ ਹੈ ਗਰੀਬ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ਦੀ ਮੁਹਿਮ : ਭਾਨ ਸਿੰਘ ਜੱਸੀ

## ਝੁੱਗੀਆਂ ਵਿੱਚ ਰਹਿਣ ਵਾਲੀਆਂ ਧੀਆਂ ਨੂੰ ਕੀਤਾ ਗਿਆ ਸਨਮਾਨਿਤ




**ਪਟਿਆਲਾ ( ਰਣਜੀਤ ਸਿੰਘ ਪੇਧਨੀ )**-ਸਥਾਨਕ ਰੇਲਵੇ ਸਟੇਸ਼ਨ ਨੇੜੇ ਤਫੱਜਲਪੁਰਾ ਦੀਆਂ ਝੋਂਪੜੀਆਂ ਵਿੱਚ ਗੁਰੂ ਨਾਨਕ ਸਲੱਮ ਸੇਵਾ ਮਿਸ਼ਨ (ਪੰਜਾਬ ) ਵੱਲੋਂ ਗਰੀਬ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ਦੇ ਚਲਾਏ ਜਾ ਰਹੇ ਕੇਂਦਰ ਵਿੱਚ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਆਈ.ਟੀ.ਆਈ ਇੰਪ: ਐਸੋ: ( ਪਾਵਰਕੌਮ ) ਪੰਜਾਬ ਦੇ ਸੀਨੀ:ਸੂਬਾ ਆਗੂ ਇੰਜੀ : ਅਵਤਾਰ ਸਿੰਘ ਸੇਰਗਿੱਲ ਬਤੌਰ ਮੁੱਖ ਮਹਿਮਾਨ ਜਦਕਿ ਇੰਜੀ: ਗਰੀਸ ਮਹਾਜਨ , ਇੰਜੀ: ਕਰਮਜੀਤ ਸਿੰਘ ਅਤੇ ਸੁਖਵਿੰਦਰ ਸਿੰਘ ਕਲੇਰ ਪ੍ਰਧਾਨਗੀ ਮੰਡਲ ਵਿੱਚ ਸ਼ਾਮਿਲ ਹੋਏ, ਪੰਜਾਬ ਦੇ 4 ਜ਼ਿਲ੍ਹਿਆਂ ਵਿੱਚ ਮੁਫਤ ਸਿੱਖਿਆ ਦੇਣ ਦੀ ਮੁਹਿੰਮ ਚਲਾਉਣ ਵਾਲੇ ਸਮਾਜ ਸੇਵੀ ਭਾਨ ਸਿੰਘ ਜੱਸੀ ( ਜੱਸੀ ਪੇਦਨੀ) ਦੀ ਅਗਵਾਈ ਵਿੱਚ

ਆਵਾਜ਼ਿ ਕੌਮ AWAZE QAUM International Newspaper & WEB TV

ਝੁੱਗੀਆਂ ਵਿੱਚ ਰਹਿਣ ਵਾਲੇ ਸਥਾਨਕ ਲੋੜਵੰਦ ਬੱਚਿਆਂ ਨੂੰ ਪੜ੍ਹਨ ਸਮੱਗਰੀ , ਕੱਪੜੇ ਅਤੇ ਬੱਚਿਆਂ ਦੀਆਂ ਫੀਸਾਂ ਭਰਦੇ ਹੋਏ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ, ਸਮਾਜ ਸੇਵੀ , ਭਾਨ ਸਿੰਘ ਜੱਸੀ ਨੇ ਦੱਸਿਆ ਕਿ ਝੁੱਗੀਆਂ ਵਿੱਚ ਰਹਿਣ ਵਾਲੇ ਗਰੀਬ ਬੱਚਿਆਂ ਨੂੰ ਸਿੱਖਿਆ ਦੇਣ ਲਈ ਇਹ ਮਿਸ਼ਨ 2009 ਤੋਂ ਸ਼ੁਰੂ ਕੀਤਾ ਗਿਆ ਸੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਜੀ: ਮੇਲਾ ਸਿੰਘ , ਸ਼੍ਰੀ ਸੰਦੀਪ ਮਹਾਜਨ , ਮਾ: ਜੋਗਾ ਸਿੰਘ , ਸ਼੍ਰੀ ਕਾਕਾ ਕੰਬੋਜ , ਇੰਚਾਰਜ ਮੈਡਮ ਬੇਬੀ ਸ਼ਰਮਾ, ਟੀਚਰ ਮੀਨਾਕਸੀ , ਮਿਸ ਸਬੀਨਾ ਆਦਿ ਸ਼ਖਸੀਅਤਾਂ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਸਠਿਆਲਾ ਵਲੋਂ ਕਹਾਣੀਕਾਰ ਲਾਲ ਸਿੰਘ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ

**ਚੌਕ ਮਹਿਤਾ,19 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਪੰਜਾਬੀ ਸਾਹਿਤ ਸਭਾ ਸਠਿਆਲਾ ਵਲੋਂ ਪ੍ਰਸਿੱਧ ਕਹਾਣੀਕਾਰ ਸ: ਲਾਲ ਸਿੰਘ ਦੀ ਬੇਵਕਤ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਇਸ ਮੌਕੇ ਤੇ ਸਭਾ ਦੇ ਸਿਰਜਕ ਸਾਬਕਾ ਸਰਪੰਚ ਗੁਰਪ੍ਰਤਾਪ ਸਿੰਘ ਭਿੱਲਾ, ਸਰਪ੍ਰਸਤ ਸਾਬਕਾ ਦਲਵਿੰਦਰ ਸਿੰਘ ਤੇ ਸਭਾ ਦੇ ਪ੍ਰਧਾਨ ਕਰਨਬੀਰ ਸਿੰਘ ਸਫਰੀ ਨੇ ਪ੍ਰਸਿੱਧ ਕਹਾਣੀਕਾਰ ਸ: ਲਾਲ ਸਿੰਘ ਦੀ



ਆਵਾਜ਼ਿ ਕੌਮ AWAZE QAUM International Newspaper & WEB TV

ਬੇਵਕਤ ਮੌਤ ਹੋਣ ਕਰਕੇ ਪੰਜਾਬੀ ਸਾਹਿਤਕ ਖੇਤਰ ਵਿਚ ਸੋਗ ਦੀ ਲਹਿਰ ਪਾਈ ਗਈ ਹੈ, ਤੇ ਪੰਜਾਬੀ ਸਾਹਿਤ ਸਭਾ ਸਠਿਆਲਾ ਨੇ ਵਿਛੜੇ ਸਾਹਿਤਕਾਰ ਲਾਲ ਸਿੰਘ ਨੂੰ ਸ਼ਰਧਾਂਜ਼ਲੀ ਅਰਪਿਤ ਕਰਦਿਆਂ ਉਨ੍ਹਾਂ ਦੇ ਪਰਿਵਾਰ ਨਾਲ ਡੂੰਘੀ ਸੰਵੇਦਨਾ ਪ੍ਰਗਟ ਕੀਤੀ। ਇਸ ਮੌਕੇ ਤੇ ਸਭਾ ਦੇ ਸੰਚਾਲਕ ਮਾ: ਜਗੀਰ ਸਿੰਘ ਸਠਿਆਲਾ ਨੇ ਕਿਹਾ ਕਿ ਕਹਾਣੀਕਾਰ ਲਾਲ ਸਿੰਘ ਨੇ ਸਮਾਜਿਕ ਹਕੀਕਤਾਂ , ਆਮ ਮਨੁੱਖ ਦੇ ਦੁੱਖ-ਦਰਦ ਅਤੇ ਜੀਵਨ ਸੰਘਰਸ਼ ਨੂੰ ਸੰਵੇਦਨਸ਼ੀਲ ਅਤੇ ਪ੍ਰਭਾਵਸ਼ਾਲੀ ਅੰਦਾਜ਼ ਵਿਚ ਪੇਸ਼ ਕੀਤੇ ਹਨ। ਇਸ ਮੌਕੇ ਪ੍ਰੋ: ਕੁਲਵੰਤ ਸਿੰਘ ਔਜਲਾ ਤੇ ਲੇਖਕ ਸੁਖਬੀਰ ਸਿੰਘ ਸ਼ਾਹੀ ਬਾਬਾ ਬਕਾਲਾ ਨੇ ਕਿਹਾ ਕਿ ਲਾਲ ਸਿੰਘ ਦੀ ਲਿਖਣ ਸ਼ੈਲੀ ਅਤੇ ਕਹਾਣੀਆਂ ਨੂੰ ਵਿਸ਼ਵ ਪੱਧਰ ਤੱਕ ਦੇ ਗਲਿਆਰਿਆਂ , ਪੱਤਰਕਾਰ ਭਾਈਚਾਰੇ ਅਤੇ ਪਾਠਕਾਂ ਵਿਚ ਭਰਵੀਂ ਚਰਚਾ ਦਾ ਵਿਸਾ ਬਣੀ ਹੋਈ ਹੈ, ਤੇ ਆਨ ਲਾਈਨ ਇਕ ਪੋਰਟਲ ਦੇ ਇੱਕਠ ਮਿਲਣਾ ਦੀ ਇਹ ਇੱਕ ਨਿਵੇਕਲੀ ਪਹਿਚਾਣ ਹੈ। ਸਾਹਿਤਕਾਰ ਨਿਰਮਲ ਸਿੰਘ ਟਪਿਆਲਾ ਨੇ ਕਿਹਾ ਲਾਲ ਸਿੰਘ ਪੰਜਾਬੀ ਦੇ ਸਮਕਾਲੀ ਸਿਰਕੱਢ ਕਹਾਣੀਕਾਰਾਂ ਵਿਚੋਂ ਇੱਕ ਕਹਾਣੀਕਾਰ ਸੀ, ਤੇ ਉਹ ਸਧਾਰਨ ਕਿਸਮ ਦੇ ਇਨਸਾਨ ਸਨ ਤੇ ਸਾਦਾ ਪਹਿਰਾਵਾ ਪਾਉਣਾ ਤੇ ਸਾਊ ਸੁਬਾਓ ਦਾ ਮਾਲਕ ਸੀ। ਉਨ੍ਹਾਂ ਦੀ ਪੰਜਾਬੀ ਸਾਹਿਤ ਸਭਾਵਾਂ 'ਚ ਸਾਹਿਤਕ 'ਤੇ ਸਮਾਜਕ ਘਾਲਣਾ ਹਮੇਸ਼ਾਂ ਯਾਦ ਰੱਖੀ ਜਾਵੇਗੀ।

### ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਲਹਿਰੀ ਵਿਖੇ

# ਚੜ੍ਹਦੀਕਲਾ ਅਤੇ ਸਰਬੱਤ ਦੇ ਭਲੇ ਲਈ ਧਾਰਮਿਕ ਸਮਾਗਮ ਅਤੇ ਸਨਮਾਨ ਸਮਾਰੋਹ ਆਯੋਜਿਤ











ਤਲਵੰਡੀ ਸਾਬੋ, 19 ਫਰਵਰੀ (ਗੁਰਜੰਟ ਸਿੰਘ ਨਥੇਹਾ)- ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਲਹਿਰੀ ਵਿਖੇ ਚੜ੍ਹਦੀਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਸ਼੍ਰੀ ਸੁਖਮਨੀ ਸਾਹਿਬ ਦੇ ਜਾਪ ਅਤੇ ਕੀਰਤਨ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਸਮਾਗਮ ਵਿੱਚ ਸਕੂਲ ਪ੍ਰਬੰਧਕ ਕਮੇਟੀ, ਅਧਿਆਪਕਾਂ, ਵਿਦਿਆਰਥੀਆਂ ਅਤੇ ਇਲਾਕੇ ਦੀ ਸੰਗਤਾਂ ਨੇ ਭਰਪੂਰ ਹਾਜ਼ਰੀ ਭਰੀ। ਸਮਾਗਮ ਦੀ ਸ਼ੁਰੂਆਤ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ, ਉਪਰੰਤ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਹਾਜ਼ਰ ਸੰਗਤਾਂ ਨੂੰ ਨਾਮ ਸਿਮਰਨ ਨਾਲ ਜੋੜਿਆ ਗਿਆ। ਅਰਦਾਸ ਉਪਰੰਤ ਸਕੂਲ ਦੀ ਗੱਤਕਾ ਟੀਮ ਨੇ ਰਵਾਇਤੀ ਸਿੱਖ ਯੁੱਧ ਕਲਾ ਦੇ ਜੌਹਰ ਦਿਖਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਵੱਖ-ਵੱਖ ਸਿੱਖਿਆਤਮਕ, ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਲਖਵਿੰਦਰ ਸਿੰਘ ਸਿੱਧੂ ਨੇ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਧਾਰਮਿਕ ਸਮਾਗਮ ਵਿਦਿਆਰਥੀਆਂ ਦੇ ਚਰਿਤਰ ਨਿਰਮਾਣ ਅਤੇ ਆਤਮਿਕ ਵਿਕਾਸ ਲਈ ਬਹੁਤ ਜਰੂਰੀ ਹਨ। ਉਨ੍ਹਾਂ ਨੇ ਕਿਹਾ ਕਿ ਸਕੂਲ ਹਮੇਸ਼ਾ ਵਿੱਦਿਆ ਦੇ ਨਾਲ-ਨਾਲ ਸੰਸਕਾਰਾਂ ਦੀ ਸਿੱਖਿਆ ਦੇਣ ਲਈ ਵਚਨਬੱਧ ਹੈ।ਉਹਨਾਂ ਦੱਸਿਆ ਕਿ ਜਿੱਥੇ ਸਕੂਲ ਦੇ ਵੱਡੀ ਗਿਣਤੀ ਬੱਚੇ ਕਬੱਡੀ ਵਿੱਚ ਮੱਲਾਂ ਮਾਰ ਰਹੇ ਹਨ ਉਥੇ ਹੀ ਵੂਸ਼ੂ ਅਤੇ ਕਿੱਕ ਬਾਕਸਿੰਗ ਖੇਡ ਵਿੱਚ ਸਕੂਲ ਦੀ ਖਿਡਾਰਨ ਜਸ਼ਨਦੀਪ ਕੌਰ ਪਿੰਡ ਲਹਿਰੀ, ਇੰਟਰ ਨੈਸ਼ਨਲ ਤੌਰ 'ਤੇ ਰੂਸ ਵਿਖੇ ਖੇਡਣ ਜਾ ਰਹੀ ਹੈ। ਉਹਨਾਂ ਉਮੀਦ ਜਿਤਾਈ ਕਿ ਜਸ਼ਨਦੀਪ ਕੌਰ ਭਾਰਤ ਦੇਸ਼ ਦਾ ਨਾਮ ਜ਼ਰੂਰ ਚਮਕਾਏਗੀ।ਇਸ ਮੌਕੇ ਸਕੂਲ ਪ੍ਰਬੰਧਕੀ ਕਮੇਟੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਸੇਖੋਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਿੱਖਿਆ ਦੇ ਨਾਲ-ਨਾਲ ਸੰਸਕਾਰ ਅਤੇ ਆਤਮਿਕਤਾ ਵੀ ਜਰੂਰੀ ਹੈ, ਕਿਉਂਕਿ ਇਹੀ ਗੁਣ ਵਿਦਿਆਰਥੀਆਂ ਨੂੰ ਜੀਵਨ ਵਿੱਚ ਸਫਲ ਅਤੇ ਉੱਚ ਆਦਰਸ਼ਾਂ ਵਾਲਾ ਇਨਸਾਨ ਬਣਾਉਂਦੇ ਹਨ। ਉਨ੍ਹਾਂ ਨੇ ਸੰਗਤ, ਮਾਪਿਆਂ ਦੇ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਗਮ ਕਰਵਾਉਂਦਾ ਰਹੇਗਾ।ਸਮੁੱਚੀਆਂ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸ਼ੈਲਟਰ ਨੇ ਤਿੰਨ ਸਰਕਾਰੀ ਸਕੂਲਾਂ ਅਤੇ ਇਕ ਆਂਗਣ ਵਾੜੀ ਸੈਂਟਰ ਨੂੰ ਦਿੱਤਾ ਲੋੜੀਂਦਾ ਸਾਮਾਨ - ਡਾ. ਮੁਲਤਾਨੀ

# ਮਿਆਰੀ ਪ੍ਰਾਇਮਰੀ ਸਿੱਖਿਆ ਨੂੰ ਵੱਧ ਸਹੂਲਤਾਂ ਦੀ ਜ਼ਰੂਰਤ



**ਚੌਕ ਮਹਿਤਾ, 19 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਸੇਵੀ ਸੰਸਥਾ ਸ਼ੈਲਟਰ ਚੈਰੀਟੇਬਲ ਟਰੱਸਟ (ਰਜਿ ਸੁਸਾਇਟੀ) ਲਾਲੜੂ ਵੱਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਪਿਛਲੇ ਤੀਹ ਸਾਲਾਂ ਤੋਂ ਚੱਲਦੀ ਸਹਿਯੋਗ ਮੁਹਿੰਮ ਤਹਿਤ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਹੰਡੇਸਰਾ, ਜਾਸਤਨਾ ਕਲਾਂ, ਰਾਣੀ ਮਾਜਰਾ ਨੂੰ ਸਾਫ ਪਾਣੀ ਲਈ ਆਰ ਓ ਦਿੱਤੇ । ਸਰਕਾਰੀ ਪ੍ਰਾਇਮਰੀ ਸਕੂਲ ਜੰਡਲੀ ਨੂੰ ਲਾਈਟਾਂ ਅਤੇ ਆਗੜਵਾੜੀ ਸੈਂਟਰ ਜੰਡਲੀ ਨੂੰ ਰਿਕਾਰਡ ਸੰਭਾਲ ਲਈ ਅਲਮਾਰੀ ਦਾਨ ਵਜੋਂ ਦਿੱਤੀ ਡਾ ਦਲੇਰ ਸਿੰਘ ਮੁਲਤਾਨੀ ਸਿਵਲ ਸਰਜਨ (ਰਿਟਾ) ਅਤੇ ਸੰਸਥਾ ਦੇ ਪ੍ਰਧਾਨ ਨੇ ਦੱਸਿਆ ਕਿ ਸਾਫ ਪਾਣੀ ਲਈ ਸ਼ੈਲਟਰ ਵੱਲੋਂ ਕਈ ਸਰਕਾਰੀ ਸਕੂਲਾਂ ਨੂੰ ਸਬਮਰਸੀਬਲ ਅਤੇ ਆਰ ਓ ਪਹਿਲਾਂ ਵੀ ਦਿਤੇ ਗਏ ਹਨ ਤਾਂ ਕਿ ਬੱਚਿਆਂ ਦੀ ਸਿਹਤ ਤੰਦਰੁਸਤ ਰਹੇ ਸ਼ੈਲਟਰ ਵੱਲੋਂ ਸੁਰੱਖਿਅਤ ਸਕੂਲਾਂ ਲਈ ਚਲਾਈ ਮੁਹਿੰਮ ਤਹਿਤ ਡੇਰਾ ਬਸੀ ਬਲਾਕ ਦੇ ਤਕਰੀਬਨ ਸਾਰੇ ਸਕੂਲਾਂ ਅਤੇ ਕਈ ਹੋਰ ਬਲਾਕਾਂ ਦੇ ਸਕੂਲਾਂ ਨੂੰ ਧੂੰਆਂ ਮੁਕਤੀ ਲਈ ਸਮਾਨ ਦਿੱਤਾ ਜਾ ਚੁੱਕਿਆ ਡਾ ਮੁਲਤਾਨੀ ਨੇ ਕਿਹਾ ਕਿ ਲੋੜਵੰਦ ਸਕੂਲਾਂ ਵਿੱਚ ਇਹ ਸੇਵਾਵਾਂ ਭਵਿੱਖ ਵਿੱਚ ਵੀ ਚਲਦੀਆਂ ਰਹਿਣਗੀਆਂ ਡਾ ਮੁਲਤਾਨੀ ਨੇ ਦੱਸਿਆ ਕਿ ਬੱਚਿਆਂ ਦੀ ਚੰਗੀ ਸਿਹਤ ਦਾ ਧਿਆਨ ਰੱਖ ਕੇ ਹੀ ਚੰਗੀ ਪੜ੍ਹਾਈ ਦੀ ਆਸ ਕੀਤੀ ਜਾ ਸਕਦੀ ਕਿਉਂਕਿ " ਸਵਾਸਥ ਦਿਮਾਗ. ਸਵਾਸਥ ਸਰੀਰ ਵਿੱਚ ਹੀ ਹੋ ਸਕਦਾ।"

ਡਾ ਮੁਲਤਾਨੀ ਨੇ ਸਰਕਾਰ ਨੂੰ ਬੇਨਤੀ ਕੀਤੀ ਪ੍ਰਾਇਮਰੀ ਸਕੂਲਾਂ ਨੂੰ ਵੱਧ ਤੋਂ ਵੱਧ ਮਿਆਰੀ ਸਿੱਖਿਆ ਲਈ ਸਹੂਲਤਾਂ ਦਿੱਤੀਆਂ ਜਾਣ ਕਿਉਂਕਿ ਜੇਕਰ ਬੱਚਿਆਂ ਦੀ ਪੜਾਈ ਦੀ ਜੜ੍ਹ ਪੱਕੀ ਬਣ ਗਈ ਤਾਂ ਅਗਲੀ ਪੜ੍ਹਾਈ ਸੌਖੀ ਹੋ ਜਾਂਦੀ। ਡਾ ਮੁਲਤਾਨੀ ਨੇ ਕਿਹਾ ਕਿ ਕਿਸੇ ਵੀ ਦੇਸ਼ ਦੀ ਤਰੱਕੀ, ਦੇਸ਼ ਦੇ ਵਸਨੀਕਾਂ ਦੀ ਸਿੱਖਿਆ ਅਤੇ ਸਿਹਤ ਤੇ ਨਿਰਭਰ ਕਰਦੀ ਪਰ ਭਾਰਤ ਵਿੱਚ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕਈ ਥਾਵਾਂ ਪਿਛੜਿਆ ਹੋਇਆ ਨਜ਼ਰ ਆਉਂਦਾ। ਇਸ ਮੌਕੇ ਡਾ ਮੁਲਤਾਨੀ ਨੇ ਬੱਚਿਆਂ ਨੂੰ ਘੱਟ ਤੋਂ ਘੱਟ ਬਾਹਰ ਦਾ ਖਾਣਾ ਖਾਣ ਲਈ ਪ੍ਰੇਰਿਤ ਕਰਨ ਲਈ ਕਿਹਾ ਇਸ ਮੌਕੇ ਲਾਭ ਸਿੰਘ ਸਾਬਕਾ ਸਰਪੰਚ ਤੇ ਸੀਨੀਅਰ ਮੀਤ ਪ੍ਰਧਾਨ, ਰਾਜਬੀਰ ਸਿੰਘ ਰਾਣਾ ਜਨਰਲ ਸਕੱਤਰ, ਖਜ਼ਾਨਚੀ ਰਘੁਬੀਰ ਜੁਨੇਜਾ, ਕਾਮਰੇਡ ਚੰਦਰਪਾਲ ਅਤਰੀ ਪੱਤਰਕਾਰ, ਭੁਪਿੰਦਰ ਸਿੰਘ ਜੰਡਲੀ ਪੱਤਰਕਾਰ ਅਤੇ ਸਕੂਲਾਂ ਦੇ ਸਟਾਫ ਮੈਂਬਰ ਹਾਜ਼ਰ ਸਨ।

# ਆਪ ਦੇ ਨਵੇਂ ਅਹੁਦੇਦਾਰਾਂ ਨੂੰ ਚੇਅਰਮੈਨ ਘੁੱਲੀ ਨੇ ਕੀਤਾ ਸਨਮਾਨ



**ਧੂਰੀ (ਰਣਜੀਤ ਸਿੰਘ ਪੇਧਨੀ)**-ਮੁੱਖ ਮੰਤਰੀ ਦੇ ਦਫਤਰ ਇੰਚਾਰਜ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਦੀ ਅਗਵਾਹੀ ਹੇਠ ਕਰਮਜੀਤ ਸਿੰਘ ਰਾਜੂ ਸਰਪੰਚ ਪਿੰਡ ਬਰੜਵਾਲ ਐਸੀ ਵਿੰਗ ਦਾ ਹਲਕਾ ਇਨਚਾਰਜ, ਬਲਜੀਤ ਸਿੰਘ ਮਾਣਾ ਨੂੰ ਯੂਥ ਵਿੰਗ ਦਾ ਬਲਾਕ ਪ੍ਰਧਾਨ, ਕਿਸਾਨ ਵਿੰਗ ਦੇ ਕੋਆਰਡੀਨੇਟਰ ਨੰਬਰਦਾਰ ਰਜਿੰਦਰ ਸਿੰਘ ਪੇਧਨੀ ਨੂੰ ਵਿਸ਼ੇਸ ਸਨਮਾਨ ਕੀਤਾ ਗਿਆ। ਇਸ ਮੌਕੇ ਸੁਖਪਾਲ ਸਿੰਘ ਬਲਾਕ ਪ੍ਰਧਾਨ ਬਹਾਦਰ ਸਿੰਘ ਨੰਬਰਦਾਰ ਰਜਿੰਦਰ ਸਿੰਘ, ਨੰਬਰਦਾਰ ਜੀਤ ਸਿੰਘ ਹਰਚੰਦਪੁਰ ,ਪਿਆਰਾ ਸਿੰਘ ਹਰਚੰਦਪੁਰ ਗੁਰਬਚਨ ਸਿੰਘ ਹਰਚੰਦਪੁਰ ਪ੍ਰਧਾਨ ਕਿਸਾਨ ਯੂਨੀਅਨ ਜਰਨੈਲ ਸਿੰਘ ਹਰਚੰਦਪੁਰ ਹਾਜ਼ਰ ਸਨ।

# ਸੇਵੀਅਰ ਕਲੱਬ (ਰਜਿ) ਵੱਲੋਂ ਸਿਹਤ ਬੀਮਾ ਯੋਜਨਾ ਕੈਂਪ ਆਯੋਜਿਤ



**ਪਟਿਆਲਾ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਸੇਵੀਅਰ ਕਲੱਬ (ਰਜਿ) ਵੱਲੋਂ ਕੀਤੇ ਗਏ ਯਤਨਾਂ ਸਦਕਾ ਮਹਾਰਾਜਾ ਯਾਦਵਿੰਦਰਾ ਇਨਕਲੇਵ (ਨਾਭਾ ਰੋਡ) ਦੇ ਨਿਵਾਸੀਆਂ ਲਈ ਰਜ਼ਿਸਟਰੇਸ਼ਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਬਣਨ ਵਾਲੇ ਕਾਰਡਾਂ ਸਬੰਧੀ ਰਜਿਸਟਰੇਸ਼ਨ ਕੀਤੀ ਗਈ ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਕਲੱਬ ਦੇ ਪ੍ਰਧਾਨ ਪਵਨ ਗਰਗ ਨੇ ਦੱਸਿਆ ਕਿ ਲੋਕਾਂ ਦੀ ਸਹੂਲਤ ਦੇ ਲਈ ਕਲੱਬ ਵੱਲੋਂ ਪ੍ਰੋਫਾਰਮੇ ਉਪਲਬਧ ਕਰਵਾਏ ਗਏ। ਫਾਰਮ ਭਰਨ ਸਬੰਧੀ ਹਦਾਇਤਾਂ ਦੱਸੀਆ ਗਈਆ ਤਾਂ ਜੋ ਲੋਕਾਂ ਨੂੰ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਲੋੜਵੰਦ ਲੋਕਾਂ ਦੇ ਫਾਰਮ ਭਰਵਾ ਕੇ ਕੈਂਪ ਵਿੱਚ ਜਮ੍ਹਾ ਕਰਵਾਏ ਗਏ। ਲਗਭਗ 50 ਪਰਿਵਾਰਾਂ ਵੱਲੋਂ ਇਸ ਕੈਂਪ ਦਾ ਲਾਹਾ ਲਿਆ ਗਿਆ ।ਉਹਨਾਂ ਕਿਹਾ ਕਿ ਰਜਿਸ਼ਟਰੇਸ਼ਨ ਉਪਰੰਤ ਹੁਣ ਜਲਦ ਹੀ ਕਾਰਡ ਬਣਾਉਣ ਦੀ ਪਰਕਿਰੀਆ ਸ਼ੁਰੂ ਕੀਤੀ ਜਾਵੇਗੀ ।ਇਸ ਕੈਂਪ ਦੇ ਆਯੋਜਨ ਵਿੱਚ ਦੇਵਿੰਦਰ ਜੈਨ, ਸੇਵਾ ਮੁਕਤ ਡਾਇਰੈਕਟਰ ਦੀ ਖਾਸ ਭੂਮਿਕਾ ਰਹੀ ।ਇਸ ਕੈਂਪ ਵਿੱਚ ਵਾਰਡ ਨੰਬਰ 60 ਦੇ ਇੰਚਾਰਜ ਰੁਪਿੰਦਰ ਸਿੰਘ ਕੋਚ, ਜ਼ਸਬੀਰ ਸਿੰਘ ਮਲਹੀ, ਤ੍ਰਿਲੋਕ ਸਿੰਘ ਭਾਟੀਆ, ਐੱਸਡੀਓ ਹਰਜੀਤ ਸਿੰਘ, ਅੰਮ੍ਰਿਤ ਪਾਲ ਸ਼ਰਮਾ, ਪਰਮਵੀਰ ਸਿੰਘ, ਅਵਤਾਰ ਸਿੰਘ, ਰਾਜ ਸਿੰਘ ਆਦਿ ਹਾਜ਼ਰ ਰਹੇ। ਇਲਾਕਾ ਨਿਵਾਸੀਆਂ ਨੇ ਕਲੱਬ ਦੇ ਇਸ ਉਪਰਾਲੇ ਦੀ ਖੂਬ ਸਲਾਘਾ ਕੀਤੀ ।ਇੱਥੇ ਜ਼ਿਕਰਯੋਗ ਹੈ ਕਿ ਸੇਵੀਅਰ ਕਲੱਬ ਨਾਭਾ ਰੋਡ ਦੇ ਸੁੰਦਰੀਕਰਨ ਪ੍ਰੋਜੈਕਟ ਤੇ ਵੀ ਕੰਮ ਕਰ ਰਿਹਾ ਹੈ।

# ਅਮਿਤ ਸ਼ਾਹ ਦੀ ਰੈਲੀ ਵਿੱਚ ਪਹੁੰਚਣ ਲਈ ਨੌਜਵਾਨਾਂ ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ: ਓਂਕਾਰ ਸਿੰਘ ਸਿੱਧੂ



**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਹੋਣ ਜਾ ਰਹੀ ਮਹਾਂਭਾਰਤ ਰੈਲੀ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਚੱਲ ਰਿਹਾ ਹੈ ਨੌਜਵਾਨਾਂ ਨੂੰ ਰੈਲੀ ਵਿੱਚ ਪਹੁੰਚਣ ਦੇ ਲਈ ਉਤਸਾਹਿਤ ਕੀਤਾ ਜਾ ਰਿਹਾ ਹੈ। ਵਿਧਾਨ ਸਭਾ ਹਲਕਾ ਧੂਰੀ ਵਿੱਚ ਨੌਜਵਾਨਾਂ ਵਿੱਚ ਰੈਲੀ ਨੂੰ ਭਾਰੀ ਉਤਸਾਹ ਦੇਖਣ ਨੂੰ ਮਿਲ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਰੈਲੀ ਦੇ ਧੂਰੀ ਤੋਂ ਹਲਕਾ ਇੰਚਾਰਜ ਪ੍ਰੋਫੈਸਰ ਓਕਾਰ ਸਿੰਘ ਸਿੱਧੂ ਨੇ ਕੀਤਾ। ਉਹਨਾਂ ਕਿਹਾ ਹੈ ਕਿ ਪਿਛਲੀਆਂ ਸਰਕਾਰਾਂ ਨੇ ਪੰਜਾਬ ਨੂੰ ਨਸ਼ੇ ਦੀ ਦਲਦਲ ਵਿੱਚ ਧੱਕਿਆ ਹੈ। ਪਰ ਪੰਜਾਬ ਦਾ ਵਿਕਾਸ ਡਬਲ ਇੰਜਨ ਦੀ ਸਰਕਾਰ ਨਾਲ ਹੀ ਹੋ ਸਕਦਾ ਹੈ। ਪੰਜਾਬ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਉਹ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਆਪਣਾ ਫਤਵਾ ਦੇ ਕੇ ਬੀਜੇਪੀ ਦੀ ਸਰਕਾਰ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ ।ਜੇਕਰ ਪੰਜਾਬ ਵਿੱਚ ਬੀਜੇਪੀ ਦੀ ਸਰਕਾਰ ਬਣੇਗੀ ਤਾਂ ਡਬਲ ਇੰਜਨ ਦੀ ਸਰਕਾਰ ਹੋਣ ਦੇ ਨਾਲ ਪੰਜਾਬ ਵਿੱਚ ਵਿਕਾਸ ਦੀ ਗਤੀ ਹੋਰ ਤੇਜ਼ ਹੋਵੇਗੀ।

# ਬਾਦਲ ਦੀਆਂ ਰੈਲੀਆਂ 'ਚ ਹੋ ਰਹੇ ਇਕੱਠ ਪੰਜਾਬ ਚ ਅਕਾਲੀ ਦਲ ਦੀ ਸਰਕਾਰ ਆਉਣ ਦੇ ਸੰਕੇਤ: ਰੰਧਾਵਾ ਕਾਤਰੋਂ



**ਸੰਗਾਲਾ (ਰਣਜੀਤ ਸਿੰਘ ਪੇਧਨੀ)** -ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨਲਾਇਕੀਆਂ ਦੇ ਖਿਲਾਫ਼ ਪੰਜਾਬ ਭਰ ਵਿੱਚ 40 ਦੇ ਕਰੀਬ ਰੈਲੀਆਂ ਕਰਨ ਦਾ ਐਲਾਨ ਕੀਤਾ ਹੈ। ਅਤੇ ਇਹਨਾਂ ਰੈਲੀਆਂ ਦੀ ਸ਼ੁਰੂਆਤ ਮਾਝੇ ਦੀ ਪਵਿੱਤਰ ਧਰਤੀ ਤੋਂ ਕੀਤੀ ਗਈ ਹੈ,ਰੈਲੀਆਂ ਵਿੱਚ ਹੋ ਰਹੇ ਵੱਡੇ ਇਕੱਠ ਇਹ ਸੰਕੇਤ ਦਰਸਾ ਰਹੇ ਹਨ ਕਿ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ, ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਰੈਲੀਆਂ ਵਿੱਚ ਪੰਜਾਬ ਦੇ ਲੋਕਾਂ ਦਾ ਹੋ ਰਿਹਾ ਵਿਸ਼ਾਲ ਇਕੱਠ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਪੰਜਾਬ ਅੰਦਰ ਆਉਣ ਵਾਲੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਹੋਵੇਗੀ। ਉਨਾ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੰਜਾਬ ਦਾ ਹਰ ਵਰਗ ਦੁਖੀ ਹੋ ਚੁੱਕਾ ਹੈ ਅਤੇ ਪੰਜਾਬ ਦੇ ਲੋਕ ਇਸ ਸਰਕਾਰ ਨੂੰ ਪੰਜਾਬ ਦੀ ਸਤਾ ਸੱਪ ਕੇ ਪਛਤਾ ਰਹੇ ਹਨ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੀਆਂ ਰੈਲੀਆਂ ਦੌਰਾਨ ਪੰਜਾਬ ਦੇ ਲੋਕਾਂ ਲਈ ਸ਼੍ਰੋਮਣੀ ਅਕਾਲੀ ਦਲ ਦਾ ਏਜੰਡਾ ਲਿਆਂਦਾ ਗਿਆ ਹੈ। ਉਹਨਾਂ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ ਤੇ ਪੰਜਾਬ ਦੇ ਲੋਕਾਂ ਨੂੰ ਸਾਡੀ ਸਰਕਾਰ ਵੱਲੋਂ ਵੱਡੇ ਪੱਧਰ ਤੇ ਸਹੂਲਤਾਂ ਅਤੇ ਰਾਹਤਾਂ ਮੁਹਈਆ ਕਰਵਾਈਆਂ ਜਾਣਗੀਆਂ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸੁਨਾਮੀ ਆਵੇਗੀ।

# ਜੁਗਰਾਜ ਸਿੰਘ ਘਨੌਰੀ ਨੂੰ ਸਦਮਾ ਮਾਤਾ ਦਾ ਦੇਹਾਂਤ, ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ



**ਧੂਰੀ (ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪਿੰਡ ਘਨੌਰੀ ਕਲਾਂ ਦੇ ਸਾਬਕਾ ਸਰਪੰਚ ਜੁਗਰਾਜ ਸਿੰਘ ਦੇ ਮਾਤਾ ਜੀ ਮਾਤਾ ਚਰਨਜੀਤ ਕੌਰ ਪਰਿਵਾਰ ਨੂੰ ਸਦੀਵੀ ਅਚਾਨਕ ਸਦੀਵੀ ਵਿਛੋੜਾ ਦੇ ਗਏ ਹਨ। ਪਰਿਵਾਰ ਦੇ ਨਾਲ ਇਸ ਦੁੱਖ ਦੀ ਘੜੀ ਦੇ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਓਐਸਡੀ ਸੁਖਬੀਰ ਸਿੰਘ ਸੁੱਖੀ, ਓਐਸਡੀ ਰਾਜਵੀਰ ਸਿੰਘ ਘੁੰਮਣ, ਮੁੱਖ ਮੰਤਰੀ ਦੇ ਦਫਤਰ ਇਨਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਚੇਅਰਮੈਨ ਦਲਵੀਰ ਸਿੰਘ ਢਿੱਲੋ ਲਘੂ ਉਦਯੋਗ ਨਿਗਮ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਫੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਜੱਸੀ ਸੇਖੋਂ, ਐਫਸੀਆਈ ਟਰੇਡ ਯੂਨੀਅਨ ਆਲ ਇੰਡੀਆ ਦੇ ਪ੍ਰਧਾਨ ਸਤਿੰਦਰ ਸਿੰਘ ਚੱਠਾ, ਨਰਿੰਦਰ ਸਿੰਘ ਕਾਲਾਬੂਲਾ, ਹਰਬੰਸ ਸਿੰਘ ਸਲੇਮਪੁਰ, ਅਮਰਜੀਤ ਸਿੰਘ ਬਾਦਸਾਹਪੁਰ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ, ਸਰਪੰਚ ਹਰਦੀਪ ਸਿੰਘ ਦੌਲਤਪੁਰ, ਕਾਂਗਰਸੀ ਆਗੂ ਸ਼ੁਭਮ ਸ਼ਰਮਾ ਧੂਰੀ, ਆਪ ਦੇ ਇਕਾਈ ਪ੍ਰਧਾਨ ਗੁਰਮੇਲ ਸਿੰਘ ਘਨੋਰੀ ਕਲਾ, ਮਾਸਟਰ ਕੁਲਵੰਤ ਸਿੰਘ ਘਨੋਰੀ, ਸਰਪੰਚ ਅੰਮ੍ਰਿਤ ਚਹਿਲ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਜਸਮੀਤ ਕੌਰ ਕਹਿਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਜ਼ਿਲ੍ਹਾ ਪਰਿਸ਼ਦ ਮੈਂਬਰ ਰਛਪਾਲ ਸਿੰਘ ਭੁੱਲਰਹੇੜੀ, ਗਗਨ ਚ ਬੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ,ਮੈਂਬਰ ਬਲਾਕ ਸੰਮਤੀ ਰਣਜੋਤ ਸਿੰਘ ਕਾਂਝਲਾ, ਪਰਮਜੀਤ ਸਿੰਘ ਕਾਂਝਲਾ ,ਸਰਪੰਚ ਅਮਨਦੀਪ ਸਿੰਘ ਘਨੌਰ, ਸਰਪੰਚ ਜਗਜੀਤ ਸਿੰਘ ਜੱਗਾ ਭੋਜੋਵਾਲੀ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਅਮਰੀਕ ਸਿੰਘ ਕਿਲਾ, ਸਰਪੰਚ ਰਾਜੂ ਰੰਗੀਆਂ, ਸਰਪੰਚ ਰਾਜੂ ਬਰੜਵਾਲ, ਸਰਪੰਚ ਅਮਨਦੀਪ ਸਿੰਘ, ਸਰਪੰਚ ਦਵਿੰਦਰ ਸਿੰਘ ਧੂਰਾ, ਪੱਤਰਕਾਰ ਰਣਜੀਤ ਸਿੰਘ ਪੇਧਨੀ ਆਦਿ ਆਗੂਆਂ ਨੇ ਜਿਥੇ ਪਰਿਵਾਰ ਨਾਲ ਦੁਖ ਦਾ ਪ੍ਰਗਟਾਵਾ ਕੀਤਾ ਉਥੇ ਹੀ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸੇ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜਲੰਧਰ ਜ਼ਿਲੇ ਦੀ ਮੀਟਿੰਗ ਨੇ ਧਾਰਿਆ ਰੈਲੀ ਦਾ ਰੂਪ , ਸਾਡੀਆਂ ਸੰਸਥਾਵਾਂ ਨੂੰ ਕਾਬਜ਼ ਧੜੇ ਨੇ ਤਬਾਹ ਕਰ ਕੇ ਰੱਖ ਦਿੱਤਾ-ਗਿਆਨੀ ਹਰਪ੍ਰੀਤ ਸਿੰਘ

# ਪੰਜਾਬ ਲਾਵਾਰਿਸ ਹੋਇਆ ਪਿਆ -ਗਿਆਨੀ ਹਰਪ੍ਰੀਤ ਸਿੰਘ

## ☛ ਕਾਨੂੰਨ ਅਵਸਥਾ ਬਿਲਕੁਲ ਤਹਿਸ ਨਹਿਸ ਹੋ ਰਹੀ ਹੈ ☛ ਆਪਾਂ ਸਾਰੇ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਤੇ ਇਕੱਠੇ ਹੋਏ ਹਾਂ-ਸ ਵਡਾਲਾ














ਜਲੰਧਰ, 19 ਫਰਵਰੀ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਜ਼ਿਲ੍ਹਾ ਜਥੇਬੰਦੀ ਦੀ ਜਲੰਧਰ ਵਿੱਚ ਹੋ ਰਹੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਾਡੀਆਂ ਸੰਸਥਾਵਾਂ ਨੂੰ ਬਾਹਰੋਂ ਨਹੀਂ ਅੰਦਰ ਬੈਠੇ ਲੋਕਾਂ ਨੇ ਤਬਾਹ ਕੀਤਾ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੰਥ ਦੀ ਚੁਣੀ ਹੋਈ ਨੁਮਾਇੰਦਾ ਸੰਸਥਾ ਸੀ, ਜਿਸ ਦੇ ਸਿਪਾਹੀ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਸਨ। ਪਰ ਅੱਜ ਇਸ ਸੰਸਥਾ ਦਾ ਪ੍ਰਧਾਨ, ਜਿਸਨੂੰ ਪੰਥ ਨੇ ਜਰਨੈਲ ਬਣਾਇਆ ਸੀ, ਕਹਿ ਰਿਹਾ ਹੈ ਕਿ ਉਹ ਸ਼੍ਰੋਮਣੀ ਅਕਾਲੀ ਦਲ ਦਾ ਸਿਪਾਹੀ ਹੈ।ਅਜਿਹੇ ਸਿਪਾਹੀ ਦੀ ਅਗਵਾਈ ਵਿੱਚ ਘਪਲੇ ਹੋ ਰਹੇ ਹਨ ਪਰ ਉਹ ਕੁਝ ਵੀ ਨਹੀਂ ਕਰ ਪਾ ਰਿਹਾ। ਸ਼੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਹੋਰਾਂ ਨੇ ਲੋਕਾਂ ਸਾਹਮਣੇ ਆ ਕੇ, ਸ਼੍ਰੋਮਣੀ ਕਮੇਟੀ ਉੱਤੇ ਲੱਗ ਰਹੇ ਇਲਜ਼ਾਮਾਂ ਦੀ ਪੁਸ਼ਟੀ ਕਰ ਦਿੱਤੀ ਹੈ। ਉਨਾਂ ਦੇ ਅਹੁਦੇ ਦਾ ਸਤਿਕਾਰ ਕਰਦਿਆਂ ਸ਼੍ਰੋਮਣੀ ਕਮੇਟੀ ਨੂੰ ਚਾਹੀਦਾ ਸੀ ਕਿ ਉਨਾਂ ਵੱਲੋਂ ਉਠਾਏ ਗਏ ਮੁੱਦਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਇਸ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਂਦੀ। ਪਰ ਕਮੇਟੀ ਪ੍ਰਧਾਨ ਨੇ ਉਲਟਾ ਉਹਨਾਂ ਨੂੰ ਹੀ ਨੋਟਿਸ ਭੇਜ ਕੇ ਸਬੂਤ ਦੇਣ ਲਈ ਕਹਿ ਦਿੱਤਾ ਹੈ। ਐਸ ਜੀ ਪੀ ਸੀ ਮੁੱਖ ਸਕੱਤਰ ਤਾਂ ਇਹ ਕਹਿ ਰਿਹਾ ਹੈ ਕਿ ਹੈੱਡ ਗ੍ਰੰਥੀ ਸਾਹਿਬ ਏਜੰਸੀਆਂ ਦੇ ਕਹੇ ਤੇ ਬੋਲ ਰਹੇ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਅੱਗੇ ਕਿਹਾ ਕਿ ਉਹਨਾਂ ਵੱਲੋਂ ਉਠਾਏ ਜ਼ਮੀਨ ਘਪਲਿਆਂ ਬਾਰੇ ਸਫਾਈ ਦੇਣ ਦੀ ਬਜਾਏ ਕਮੇਟੀ ਵੱਲੋਂ ਮਾਫੀ ਮੰਗਣ ਲਈ ਕਿਹਾ ਜਾ ਰਿਹਾ ਹੈ ਜਦਕਿ ਉਹ ਪ੍ਰੈੱਸ ਕਾਨਫ਼ਰੰਸ ਦੌਰਾਨ ਪੱਤਰਕਾਰਾਂ ਸਾਹਮਣੇ ਸਾਰੇ ਸਬੂਤ ਰੱਖ ਚੁੱਕੇ ਹਨ। ਮੀਟਿੰਗ ਵਿੱਚ ਹੋਏ ਇਕੱਠ ਨੂੰ ਵੇਖ ਕੇ ਉਹਨਾਂ ਕਿਹਾ ਕਿ ਇਹ ਇਕੱਠ ਹੋਇਆ ਹੈ, ਪਰ ਇਕ ਧੜੇ ਵੱਲੋਂ ਆਪਣੀਆਂ ਰੈਲੀਆਂ ਵਿੱਚ ਸ਼ਰਾਬ ਦਾ ਲਾਲਚ ਦੇ ਕੇ ਇਕੱਠ ਢੋਇਆ ਜਾ ਰਿਹਾ ਹੈ। ਉਹਨਾਂ ਪੰਜਾਬ ਦੀ ਵਿਗੜ ਰਹੀ ਕਾਨੂੰਨ ਵਿਵਸਥਾ ਤੇ ਸਵਾਲ ਉਠਾਉਂਦਿਆਂ ਕਿਹਾ ਕਿ ਆਮ ਲੋਕਾਂ ਨੂੰ ਮਾਰਿਆ ਜਾ ਰਿਹਾ ਹੈ ਅਤੇ ਸਰਕਾਰ ਸੁੱਤੀ ਹੋਈ ਹੈ। ਸਰਕਾਰ ਦੇ ਆਪਣੇ ਪਾਰਟੀ ਵਰਕਰ ਵੀ ਸਰੱਖਿਅਤ ਨਹੀਂ ਹਨ।

ਆਵਾਜ਼ਿ ਕੌਮ AWAZE QAUM
International Newspaper & WEB TV

ਅੱਜ ਦੀ ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਕੱਤਰ ਜਲਨਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਿਹਾ ਕਿ ਅਸੀਂ ਇੱਥੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਸਿਧਾਂਤ ਤੇ ਪਹਿਰਾ ਦੇਣ ਲਈ ਇਕੱਠੇ ਹੋਏ ਹਾਂ। ਸ਼੍ਰੋਮਣੀ ਅਕਾਲੀ ਦਲ ਸ਼੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਤੇ ਪੁਨਰ ਸੁਰਜੀਤ ਹੋਇਆ ਹੈ ਪਰ ਸਿਧਾਂਤ ਤੋਂ ਭਗੌੜੇ ਲੋਕ ਅਜੇ ਵੀ ਸੰਗਤਾਂ ਨੂੰ ਗੁਮਰਾਹ ਕਰ ਰਹੇ ਹਨ। ਮੀਟਿੰਗ ਵਿੱਚ ਹੋਏ ਭਾਰੀ ਇਕੱਠ ਨੂੰ ਦੇਖਦਿਆਂ ਪ੍ਰੇਮ ਸਿੰਘ ਚੰਦੂ ਮਾਜਰਾ ਨੇ ਕਿਹਾ ਕਿ 1984 ਦੇ ਘੱਲੂਘਾਰੇ ਤੋਂ ਬਾਅਦ ਸਭ ਤੋਂ ਪਹਿਲਾ ਇਕੱਠ ਦੁਆਬੇ ਦੀ ਧਰਤੀ 'ਤੇ ਸਵਰਗੀ ਕੁਲਦੀਪ ਸਿੰਘ ਵਡਾਲਾ ਨੇ ਕੀਤਾ ਸੀ, ਜਿਸ ਨਾਲ ਅਕਾਲੀ ਦਲ ਮਜਬੂਤ ਹੋਇਆ ਸੀ। ਅੱਜ ਦਾ ਇਕੱਠ ਉਸੇ ਤਰ੍ਹਾਂ ਹੀ ਠਾਠਾਂ ਮਾਰ ਰਿਹਾ ਹੈ, ਜੋ ਪੁਨਰ-ਸੁਰਜੀਤ ਹੋਏ ਅਕਾਲੀ ਦਲ ਨੂੰ ਮਜਬੂਤੀ ਦੇਵੇਗਾ। ਇਸ ਮੀਟਿੰਗ ਨੂੰ ਸਰਵਣ ਸਿੰਘ ਫਿਲੌਰ, ਮਹਿੰਦਰ ਸਿੰਘ ਹੁਸੈਨਪੁਰ, ਬੀਬੀ ਹਰਜੀਤ ਕੌਰ ਤਲਵੰਡੀ, ਸ ਜਰਨੈਲ ਸਿੰਘ ਗੜ੍ਹਦੀਵਾਲ ਆਦਿ ਨੇ ਵੀ ਸੰਬੋਧਨ ਕੀਤਾ,ਸਰਵਣ ਸਿੰਘ ਫਿਲੌਰ ਬ੍ਰਿਜ ਭੁਪਿੰਦਰ ਸਿੰਘ ਲਾਲੀ ਪ੍ਰੇਮ ਸਿੰਘ ਚੰਦੂ ਮਾਜਰਾ ਬੀਬੀ ਹਰਜੀਤ ਕੌਰ ਤਲਵੰਡੀ ਮਨਜੀਤ ਸਿੰਘ ਦਸੂਹਾ ਰਘਬੀਰ ਸਿੰਘ ਸੁਭਾਨਪੁਰ ਜਗਜੀਤ ਸਿੰਘ ਕੋਹਲੀ ਸੁਖਵੰਤ ਸਿੰਘ ਰੌਲੀ ਅਮਰਜੀਤ ਸਿੰਘ ਕਿਸ਼ਨਪੁਰਾ ਬਲਵਿੰਦਰ ਸਿੰਘ ਢੰਡੋਵਾਲ ਸੁਖਜੀਤ ਸਿੰਘ ਜੋਹਲ ਜਰਨੈਲ ਸਿੰਘ ਗੜ੍ਹਦੀਵਾਲ ਅਵਤਾਰ ਸਿੰਘ ਕਲੇਰ ਲਸ਼ਕਰ ਸਿੰਘ ਰਹੀਮਪੁਰ ਸੁਰਤੇਜ ਸਿੰਘ ਬਾਸੀ ਹਰਭਜਨ ਸਿੰਘ ਹੁੰਦਲ ਬਲਵਿੰਦਰ ਸਿੰਘ ਆਲੇਵਾਲੀ ਗੁਰਨਾਮ ਸਿੰਘ ਕੰਦੋਲਾ ਲਖਵਿੰਦਰ ਸਿੰਘ ਹੋਠੀ ਨਿਰਮਲ ਸਿੰਘ ਫੌਜੀ ਚੱਕ ਖੁਰਦ ਪਰਮਿੰਦਰ ਸਿੰਘ ਚੱਕਵਾਲਾ ਜਗਜੀਤ ਸਿੰਘ ਸੰਨੀ ਬਿਲਗਾ ਦਲਵਿੰਦਰ ਸਿੰਘ ਕੁਕੂਗੀ ਹੀਰ ਕੇਵਲ ਸਿੰਘ ਕੋਟ ਬਾਦਲ ਖਾਂ ਤਰਸੇਮ ਸਿੰਘ ਲਿੱਤਰਾ ਜਗਰੂਪ ਸਿੰਘ ਚੋਹਲਾ ਸਰਪੰਚ ਮਲਕੀਤ ਸਿੰਘ ਦੌਲਤਪੁਰ ਭਗਵੰਤ ਸਿੰਘ ਫਤਿਹ ਜਲਾਲ ਮੇਜਰ ਸਿੰਘ ਹਰੀਪੁਰ ਸਸਪਾਲ ਪੰਨੂ ਚੜ੍ਹਤ ਸਿੰਘ ਪਰਮਿੰਦਰ ਸਿੰਘ ਦਸ਼ਮੇਸ਼ ਨਗਰ ਵਿਨੋਦ ਜੱਸਲ ਐਮਸੀ ਬਲਵੀਰ ਬਾਲੀ ਕਾਲਧਾਰਾ ਐਮਸੀ ਨੰਦ ਕਿਸ਼ੋਰ ਗਿੱਲ ਐਮਸੀ ਸੁਖਦੇਵ ਬਾਬਾ ਪ੍ਰਧਾਨ ਅਮਰ ਸਿੰਘ ਨਾਲ ਗੁਰਦੇਵ ਸਿੰਘ ਬਿੱਲੀ ਭੁੱਲਰ ਗੁਰਿੰਦਰ ਸਿੰਘ ਕਾਕਾ ਉਗੀ ਸਰਪੰਚ ਹਿੰਮਤ ਭਾਰਤਵਾਜ਼ ਪਾਂਡੂ ਸ਼ੰਕਰ ਰੁਪਿੰਦਰ ਸਿੰਘ ਰਾਣਾ ਜੀਤਾ ਮੱਲੀਆਂ ਜੀਤਾ ਬਹਾਦਰਪੁਰ ਹਰਜੋਤ ਸਿੰਘ ਫਰਵਾਲਾ ਲਵਪ੍ਰੀਤ ਉਮਰਪੁਰਾ ਜਸਵੰਤ ਸਿੰਘ ਬਾਠ ਗੁਰਿੰਦਰ ਸਿੰਘ ਭਾਟੀਆ ਗੁਰਪ੍ਰੀਤ ਸਿੰਘ ਗੋਪੀ ਤਲਵਾੜ ਸਰਪੰਚ ਗੁਰਜੀਤ ਢਿਗਾਰਾ ਸੁਲੱਖਣ ਸਿੰਘ ਨਕੋਦਰ ਇੰਦਰਪਾਲ ਸਿੰਘ ਨਕੋਦਰ ਹੈਪੀ ਉੱਪਲ ਭੂਪਾ ਸਰਪੰਚ ਜਸਵੀਰ ਸਿੰਘ ਸਰਾਏ ਖਾਂ ਸੁੱਖਾ ਜਮਸ਼ੇਰ ਸਾਭੀ ਲਿਤਰਾਂ ਕੁਲਵੰਤ ਸਿੰਘ ਬਾੜਾ ਸਿੱਧਪੁਰ ਜੱਟ ਸ਼ਾਹਕੋਟ ਮਨੂ ਚੀਮਾ ਨਾਨੂ ਜੋਸ਼ੀ ਪ੍ਰਭ ਸਿਮਰਨ ਨੂਰ ਮਹਿਲ ਆਰਾਮ ਨਾਲ ਗੇਦਰੂ ਸਰੀ ਰਾਣਾ ਕਾਂਗਣਾ ਨਵਜੋਤ ਸਿੰਘ ਦੀਪਕ ਭੱਟੀ ਅਮਿਤ ਖੋਸਲਾ, ਹਰਦੀਪ ਸਿੰਘ ਡਿੰਪੀ ਸੁਖਬੀਰ ਸਿੰਘ ਸੁੱਖਾ ਸਰਪੰਚ ਮੈਂਗੋ ਨੂਰ ਮਹਿਲ, ਸੁਖਦੇਵ ਸਿੰਘ ਫਗਵਾੜਾ,ਪਰਮਪਾਲ ਸਿੰਘ ਸਭਰਾ ਆਦਿ ਹਾਜ਼ਰ ਸਨ।

